ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH HD

ਸਾਂਝੀ ਸੋਚ

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON



24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ


VOL-13 ISSUE 2333 | 3 January, 2026 Saturday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce



Fremont:
44790 S, GRIMMER BLVD #204,
FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008
(Near Costco), Fresno, CA 93722
Phone: 599-271-5511





RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED


# ਰਾਜਾ ਵੜਿੰਗ ਦੇ ਬਿਆਨ ਤੋਂ ਬਾਅਦ ਕਾਂਗਰਸੀ ਹਲਕਿਆਂ 'ਚ ਮੱਚੀ ਹਲਚਲ

## ਮੁੱਖ ਮੰਤਰੀ ਲਈ ਉਮੀਦਵਾਰ ਚਰਨਜੀਤ ਚੰਨੀ ਦੀ ਚੜ੍ਹਤ ਕਾਇਮ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ 'ਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ, ਸੂਬਾ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੇ ਬਿਆਨ ਨੇ ਹਲਚਲ ਮਚਾ ਦਿੱਤੀ ਹੈ, ਕਿ ਇਸ ਵਾਰ 117 ਸੀਟਾਂ ਵਿੱਚੋਂ, 80 ਨਵੇਂ ਚਿਹਰਿਆਂ ਨੂੰ ਟਿਕਟਾਂ ਦਿੱਤੀਆਂ ਜਾਣਗੀਆਂ ਅਤੇ ਮੁੱਖ ਮੰਤਰੀ ਉਮੀਦਵਾਰ ਉਸ ਨੂੰ ਨਹੀਂ ਚੁਣਿਆ ਜਾਵੇਗਾ ਜੋ ਆਪਣੇ ਆਪ ਨੂੰ ਇਸ ਅਹੁਦੇ ਲਈ ਪੇਸ਼ ਕਰਦਾ ਹੈ। ਵੜਿੰਗ ਦੇ ਇਨ੍ਹਾਂ ਬਿਆਨਾਂ ਨੇ ਪੂਰੀ ਪੰਜਾਬ ਕਾਂਗਰਸ ਇਕਾਈ ਨੂੰ ਸੋਚਣ ਲਈ ਮਜ਼ਬੂਰ ਕਰ ਦਿੱਤਾ ਹੈ।ਪਰ ਇਸ ਦੇ ਨਾਲ ਹੀ ਇਨ੍ਹਾਂ ਬਿਆਨਾਂ ਤੋਂ ਬਾਅਦ ਕਿ ਤਰ੍ਹਾਂ ਦੇ ਪ੍ਰਸ਼ਨ ਵੀ ਉੱਠ ਰਹੇ ਹਨ ਕਿ ਜੋ ਰਾਜਾ ਵੜਿੰਗ ਕਹਿ ਰਹੇ ਹਨ, ਕਿ ਇਸੇ ਤਰ੍ਹਾਂ ਹੀ ਪਾਰਟੀ ਦੇ ਅੰਦਰ ਹੋ ਸਕਦਾ ਹੈ?

-ਕੀ ਪੰਜਾਬ ਕਾਂਗਰਸ ਵਿਧਾਨਸਭਾ ਚੋਣਾਂ 'ਚ ਉਤਾਰੇਗੀ ਨਵੇਂ ਚਿਹਰੇ?-ਕੀ 70 ਨਵੇਂ ਚਿਹਰਿਆਂ 'ਤੇ ਪੰਜਾਬ ਕਾਂਗਰਸ ਅੰਦਰ ਸਹਿਮਤੀ ਬਣ ਸਕੇਗੀ?-ਕੀ ਕਾਂਗਰਸ ਹਾਈਕਮਾਂਡ ਰਾਜਾ ਵੜਿੰਗ ਦੇ ਨਾਲ ਸਹਿਮਤ ਹੋਵੇਗੀ? ਅਜਿਹੇ ਹੋ ਹੋਰ ਕਈ ਤਰ੍ਹਾਂ ਦੇ ਸਵਾਲ ਹਨ ਜੋ ਪੈਦਾ ਹੋ ਰਹੇ ਹਨ। ਰਾਜਾ ਵੜਿੰਗ ਦੇ ਬਿਆਨ ਤੋਂ ਬਾਅਦ ਕਾਂਗਰਸੀ ਹਲਕਿਆਂ 'ਚ ਪੈਦਾ ਹੋਈ ਹਲਚਲ ਤੋਂ ਬਾਅਦ ਕਾਂਗਰਸ ਦੇ ਮੌਜੂਦਾ ਮੁੱਖਮੰਤਰੀ ਅਤੇ ਰਾਜਸਥਾਨ ਕਾਂਗਰਸ ਦੇ ਇੰਚਾਰਜ ਸੁਖਜਿੰਦਰ ਰੰਧਾਵਾ ਨੇ ਇੱਕ ਨਿਊਜ਼ ਚੈਨਲ ਨੂੰ ਇੰਟਰਵਿਊ ਦੌਰਾਨ ਕਿਹਾ ਕਿ ਰਾਜਾ ਵੜਿੰਗ ਜੋ ਕਹਿ ਰਹੇ ਹਨ, ਉਸ ਨੂੰ ਪਾਰਟੀ ਪੱਧਰ 'ਤੇ ਲਾਗੂ ਕਰਨਾ ਬਹੁਤ ਮੁਸ਼ਕਿਲ ਹੁੰਦਾ ਹੈ,ਇੱਕ ਪ੍ਰਧਾਨ ਦੇ ਨਾਤੇ ਹਰ ਕੋਈ ਚਾਹੁੰਦਾ ਹੈ ਕਿ, ਪਾਰਟੀ ਅੰਦਰ ਇਹ ਬਦਲਾਅ ਕੀਤੇ ਜਾਣ ਜੋ ਪਾਰਟੀ ਲਈ ਸਹੀ ਹੋਣ, ਪਰ ਉਨ੍ਹਾਂ ਨੂੰ ਇੱਕ ਸੰਗਠਨ 'ਚ ਲਾਗੂ ਕਰਨਾ ਮੁਸ਼ਕਿਲ ਹੁੰਦਾ ਹੈ।ਰਾਜਸਥਾਨ ਕਾਂਗਰਸ ਦੇ ਇੰਚਾਰਜ ਹੋਣ ਦੇ ਨਾਤੇ ਮੈਂ ਇਹ ਮਹਿਸੂਸ ਕਰ ਚੁੱਕਾਂ ਹਾਂ, ਮੈਂ ਵੀ ਇਹੀ ਚਾਹੁੰਦਾ ਸੀ ਕਿ ਇਸ ਵਾਰ ਰਾਜਸਥਾਨ ਵਿਧਾਨ ਸਭਾ ਟਿਕਟਾਂ ਨਵੇਂ ਚਿਹਰਿਆਂ ਨੂੰ ਦਿੱਤੀਆਂ ਜਾਣ, ਪਰ ਮੈਂ ਇੰਚਾਰਜ ਹੋਣ ਦੇ ਬਾਵਜੂਦ ਸਿਰਫ 8 ਸੀਟਾਂ ਦੇ ਉਮੀਦਵਾਰ ਹੀ ਬਦਲ ਸਕਿਆ।

ਹਾਲਾਂਕਿ ਵੜਿੰਗ ਦੇ ਦੂਜੇ ਮੁੱਖ ਮੰਤਰੀ ਵਾਲੇ ਬਿਆਨ ਨੂੰ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਟੱਕਰ ਦੇ ਰਹੇ ਹਨ। ਪਰ ਉੱਥੇ ਹੀ ਇਸ ਦੇ ਨਾਲ ਹੀ ਸਾਬਕਾ ਕ੍ਰਿਕਟਰ ਅਤੇ ਪੰਜਾਬ ਕਾਂਗਰਸ ਦੇ ਸਾਬਕਾ ਮੁਖੀ ਨਵਜੋਤ ਸਿੰਘ ਸਿੱਧੂ ਦੀ ਪਤਨੀ ਨਵਜੋਤ ਕੌਰ ਦੇ ਐਲਾਨ ਤੋਂ ਬਾਅਦ ਪਾਰਟੀ ਉਨ੍ਹਾਂ ਨੂੰ ਸਾਈਡ-ਲਾਈਨ ਕਰ ਚੁੱਕੀ ਹੈ, ਉਨ੍ਹਾਂ 'ਤੇ ਪਾਰਟੀ ਵੱਲੋਂ ਕੋਈ ਵੀ ਬਿਆਨ ਜਾਰੀ ਨਹੀਂ ਕੀਤਾ ਜਾ ਰਿਹਾ। ਪਰ ਦੂਜੇ ਪਾਸੇ ਚੰਨੀ ਪੰਜਾਬ ਕਾਂਗਰਸ ਨੂੰ ਇੱਕ ਧਾਗੇ 'ਚ ਪ੍ਰੋਣ ਲੱਗੇ ਹੋਏ ਹਨ ਅਤੇ ਕਾਫੀ ਹੱਦ ਤੱਕ ਇਸ 'ਚ ਕਾਮਯਾਬ ਵੀ ਹੁੰਦੇ ਦਿਸ ਰਹੇ ਹਨ।

ਜਿਵੇਂ ਕਿ ਹੁਣ 2027 ਦੀਆਂ ਚੋਣਾਂ ਨੇੜੇ ਆ ਰਹੀਆਂ ਹਨ ਉਵੇਂ ਹੀ ਚੰਨੀ ਸਰਗਰਮ ਹੋ ਰਹੇ ਹਨ। ਇਸ ਵੇਲੇ ਪੰਜਾਬ ਕਾਂਗਰਸ 'ਚ ਕਈ ਧੜੇ ਬਣੇ ਹੋਏ ਹਨ, ਪਰ ਚੰਨੀ ਉਨ੍ਹਾਂ ਨੂੰ ਇਕੱਠੇ ਕਰਨ 'ਚ ਜੁਟੇ ਹੋਏ ਹਨ ਅਤੇ ਏਕਤਾ ਦਾ ਸੁਨੇਹਾ ਦੇ ਰਹੇ ਹਨ, ਹਾਲ 'ਚ ਹੀ ਉਹ ਆਪਣੇ ਮੋਰਿੰਡਾ ਸਥਿਤ ਘਰ ਵਿਚ ਕਾਂਗਰਸ ਦੇ ਵੱਡੇ ਆਗੂਆਂ ਦੇ ਇਕੱਠ ਨੂੰ ਆਪਣੇ ਘਰ 'ਚ ਬੇਟੇ ਦੇ ਜਨਮ ਦਿਨ ਦੇ ਸਬੰਧ ਵਿਚ ਘਰ ਵਿਚ ਧਾਰਮਿਕ ਪ੍ਰੋਗਰਾਮ ਦੌਰਾਨ ਜੁਟਾ ਚੁੱਕੇ ਹਨ, ਜਿਸ 'ਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਸਣੇ ਕਾਂਗਰਸ ਦੇ ਵੱਡੀ ਗਿਣਤੀ ਵਿਚ ਨੇਤਾ ਉਸ ਸਮਾਗਮ ਵਿਚ ਮੌਜੂਦ ਸਨ।ਸਿਆਸੀ ਹਲਕਿਆਂ ਵਿਚ ਚਰਚਾ ਹੈ ਕਿ ਚੰਨੀ ਨੇ ਸਿਆਸੀ ਸ਼ਕਤੀ ਪ੍ਰਦਰਸ਼ਨ ਕਰ ਕੇ ਕਾਂਗਰਸ ਹਾਈਕਮਾਨ ਨੂੰ ਇਹ ਸੰਕੇਤ ਦੇਣ ਦਾ ਯਤਨ ਕੀਤਾ ਸੀ ਕਿ ਉਨ੍ਹਾਂ ਦੇ ਨਾਂ 'ਤੇ ਕਾਂਗਰਸ ਵਿਚ ਧੜੇਬਾਜ਼ੀ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਚੋਣਾਂ ਦੇ ਨਤੀਜਿਆਂ 'ਚ (ਫੁਨਜਓਬ) ਕਾਂਗਰਸ ਪਾਰਟੀ ਨੇ ਚੰਨੀ ਦੇ ਹਲਕੇ ਵਿੱਚਹੂੰਝਾ ਫੇਰ ਜਿੱਤ ਹਾਸਲ ਕੀਤੀ ਸੀ।ਉੱਥੇ ਹੀ ਜਦੋਂ 2022 'ਚ ਜਦੋਂ ਚੰਨੀ ਨੂੰ ਕਾਂਗਰਸ ਦੇ ਪੰਜਾਬ 'ਚ ਸਰਕਾਰ ਦੇ ਕਾਰਜਕਾਲ ਦੇ ਆਖਰੀ ਮਹੀਨਿਆਂ 'ਚ ਮੁੱਖ ਮੰਤਰੀ ਬਣਾਇਆ ਗਿਆ ਸੀ ਤਾਂ ਚੰਨੀ ਨੇ ਪੰਜਾਬ ਦੇ ਲੋਕ ਹਿੱਤ 'ਚ ਕਈ ਫੈਸਲੇ ਲੈ ਸਨ ਅਤੇ ਚੰਨੀ ਦੀ ਲੋਕ-ਪ੍ਰਿਅਤਾ ਅਜੇ ਵੀ ਲੋਕਾਂ 'ਚ ਕਾਂਗਰਸ 'ਚ ਦੇ ਦੂਜੇ ਲੀਡਰਾਂ ਨਾਲੋਂ ਜ਼ਿਆਦਾ ਹੈ। 2022 ਚੰਨੀ ਦੇ ਮੁੱਖ ਮੰਤਰੀ ਬਣਨ ਤੋਂ ਬਾਅਦ ਪਾਰਟੀ ਵੱਲੋਂ ਜਾਰੀ ਕੀਤਾ ਸਲੋਗਨ ਅਜੇ ਵੀ ਲੋਕਾਂ ਦੇ ਮੂੰਹ 'ਤੇ ਚੜ੍ਹਿਆ ਹੋਇਆ ਹੈ. "ਘਰ-ਘਰ 'ਚ ਚੱਲੀ ਗੱਲ, ਚੰਨੀ ਕਰਦਾ ਮਸਲੇ ਹੱਲ"।


Law Offices of
Ashwani K.Bhakhri
1299 Bayshore Hwy Suite 208
Burlingame, CA 94010



ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots



Packages fit to your budget
Contact: Barjesh 209-541-0641
Email: lambavideoproduction@yahoo.com

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ



- The American Rescue Plan passed by President Biden could save you hundreds or even thousands of dollars a month.
- There is more financial help than ever before
- Even if you didn't qualify for subsidies before, now you might be able to save thousands on health insurance premiums.
- Huge tax credits are available only if you apply thru Covered California


ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

Space availabe for Ad
Contact #
+1 (209) 303-1260


Space availabe for Ad
Contact #
+1 (209) 303-1260



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....



Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**




# NAV INDIAN MERCHANDISE GROCERY STORE

3230 MITCHELL ROAD, STE, C, CERES, CA 95307



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

ਇੱਕ ਵਾਰ Visit ਜ਼ਰੂਰ ਕਰੋ।





Ria MONEY TRANSFER

INDIA ਪੈਸੇ ਭੇਜਣ ਲਈ

RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ



Contact Number


+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਗੁਰੂ ਨਾਨਕ ਸਾਹਿਬ ਦਾ 'ਹਲੇਮੀ ਰਾਜ' ਨਾਨਕਿ ਰਾਜੁ ਚਲਾਇਆ ਸਚੁ ਕੋਟੁ ਸਤਾਣੀ ਨੀਵ ਦੈ

ਗੁਰੂ ਨਾਨਕ ਸਾਹਿਬ ਦੇ ਰਾਜ ਸੰਕਲਪ ਸੰਬੰਧੀ, ਗੁਰੂ ਗ੍ਰੰਥ ਸਾਹਿਬ ਅੰਦਰ ਭੱਟ ਬਲਵੰਡ ਵਲੋਂ ਰਾਮਕਲੀ ਦੀ ਵਾਰ ਵਿਚ ਅੰਕਿਤ "ਨਾਨਕਿ ਰਾਜੁ ਚਲਾਇਆ ਸਚੁ ਕੋਟੁ ਸਤਾਣੀ ਨੀਵ ਦੈ॥" (ਰਾਮਕਲੀ ਦੀ ਵਾਰ, ਗੁਰੂ ਗ੍ਰੰਥ ਸਾਹਿਬ : 966) ਸਿੱਖੀ ਸਿਧਾਂਤ ਬਿਆਨ ਕਰਦਾ ਹੈ। ਇਸ ਸ਼ਬਦ ਦੇ ਭਾਵ ਹਨ ਕਿ ਗੁਰੂ ਨਾਨਕ ਸਾਹਿਬ ਨੇ, ਅਕਾਲ ਪੁਰਖ ਭਾਵ ਸੱਚੇ ਪਾਤਸ਼ਾਹ ਦੀ ਪਾਤਸ਼ਾਹੀ ਕਾਇਮ ਕੀਤੀ ਤੇ ਸੱਚ ਦੇ ਕਿਲ੍ਹੇ ਦੀ ਮਜ਼ਬੂਤ ਨੀਂਹ ਰੱਖੀ। ਗੁਰੂ ਜੀ ਵਲੋਂ ਕਾਇਮ ਕੀਤਾ ਰਾਜ ਕਿਹੋ ਜਿਹਾ ਹੈ ਤੇ ਅਜੋਕੇ ਸੰਸਾਰ ਵਿਚ ਗੁਰੂ ਨਾਨਕ-ਰਾਜ ਸੰਕਲਪ ਦੀ ਕੀ ਪ੍ਰਸੰਗਿਕਤਾ ਹੈ, ਇਹ ਡੂੰਘੇ ਵਿਚਾਰ ਦਾ ਵਿਸ਼ਾ ਹੈ। ਅੱਜ ਇਕ ਪਾਸੇ ਗੁਰੂ ਨਾਨਕ ਸਾਹਿਬ ਦਾ ਰਾਜ ਸੰਬੰਧੀ ਫਲਸਫਾ ਹੈ, ਦੂਜੇ ਪਾਸੇ ਦੁਨੀਆਂ ਭਰ ਵਿਚ ਰਾਸ਼ਟਰਵਾਦ ਦੇ ਨਾਂ ਹੇਠ ਵੱਖੋ-ਵੱਖਰੇ ਮੁਲਕਾਂ ਅੰਦਰ ਬਹੁਗਿਣਤੀਆਂ ਵਲੋਂ ਘੱਟ ਗਿਣਤੀਆਂ ਨੂੰ ਅਤੇ ਵੱਡੇ ਤਾਕਤਵਰ ਦੇਸਾਂ ਵਲੋਂ ਛੋਟੇ ਮੁਲਕਾਂ ਨੂੰ ਗੁਲਾਮ ਬਣਾਉਣ ਦੀਆਂ ਅਣਮਨੁੱਖੀ ਨੀਤੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਅਜਿਹੀਆਂ ਹਾਲਤਾਂ ਵਿਚ ਗੁਰੂ ਨਾਨਕ ਚਿੰਤਨ ਨੂੰ ਅਪਨਾਉਂਦਿਆਂ ਨਾ ਸਿਰਫ ਮਨੁੱਖੀ ਕਲਿਆਣ ਹੀ ਹੋ ਸਕਦਾ ਹੈ, ਸਗੋਂ 'ਹਲੇਮੀ ਰਾਜ' ਦੀ ਕਾਇਮੀ ਵੀ ਹੋ ਸਕਦੀ ਹੈ।

21ਵੀਂ ਸਦੀ ਦੇ ਸੰਸਾਰ ਦਾ ਮੁੱਖ ਮੁੱਦਾ ਨਸਲਵਾਦ ਹੈ। ਇਸ ਦੇ ਭਿਆਨਕ ਰੂਪ ਵੱਖ-ਵੱਖ ਦੇਸਾਂ ਵਿਚ ਅੰਦਰੂਨੀ ਅਤੇ ਬਾਹਰੀ ਪੱਧਰ 'ਤੇ ਨਜ਼ਰ ਆ ਰਹੇ ਹਨ। ਚਾਹੇ ਆਧੁਨਿਕ ਯੁੱਗ ਵਿਚ ਇੱਕ ਪਾਸੇ ਵਿਦਿਆ ਤੇ ਤਰੱਕੀ ਦੇ ਵੱਡੇ-ਵੱਡੇ ਦਾਅਵੇ ਹੋ ਰਹੇ ਹਨ, ਪਰ ਦੂਜੇ ਪਾਸੇ ਨਸਲਵਾਦੀ ਹਮਲੇ ਲਗਾਤਾਰ ਵਧ ਰਹੇ ਹਨ। ਦੁਨੀਆਂ ਦੇ ਤਾਕਤਵਰ ਮੰਨੇ ਜਾਂਦੇ ਦੇਸਾਂ ਵਿਚ ਸੱਤਾ ਦਾ ਧਰੁਵੀਕਰਨ ਹੋ ਰਿਹਾ ਹੈ। ਕੱਟੜਵਾਦੀ ਤਾਕਤਾਂ ਘੱਟ ਗਿਣਤੀਆਂ ਨੂੰ ਕੁਚਲ ਕੇ ਲੋਕ ਰਾਜ ਦੀਆਂ ਧੱਜੀਆਂ ਉਡਾ ਰਹੀਆਂ ਹਨ। ਦੁਨੀਆਂ ਦੇ ਵੱਡੇ ਲੋਕਤੰਤਰ ਅਖਵਾਉਣ ਵਾਲੇ ਦੇਸਾਂ ਵਿਚ ਚੋਣਾਂ ਫਿਰਕੇ, ਰੰਗ, ਨਸਲ ਅਤੇ ਜਾਤੀਵਾਦ ਦੇ ਨਾਂ 'ਤੇ ਲੜੀਆਂ ਤੇ ਜਿੱਤੀਆਂ ਜਾ ਰਹੀਆਂ ਹਨ। ਅਖੌਤੀ ਆਧੁਨਿਕਤਾ ਦਾ ਢੰਡੋਰਾ ਪਿੱਟਣ ਵਾਲਾ ਇਕੀਵੀਂ ਸਦੀ ਦਾ ਮਨੁੱਖ ਕੁਦਰਤ ਨੂੰ ਤਬਾਹ ਕਰਨ 'ਤੇ ਤੁਲਿਆ ਹੋਇਆ ਹੈ। ਕੁਦਰਤੀ ਸੋਮਿਆਂ 'ਤੇ ਜਬਰੀ ਕਾਬਜ਼ ਹੋ ਕੇ, ਮੂਲ ਨਿਵਾਸੀ ਲੋਕਾਂ ਨੂੰ ਉਹਨਾਂ ਦੇ ਸਰੋਤਾਂ ਤੋਂ ਵਾਂਝੇ ਕੀਤਾ ਜਾ ਰਿਹਾ ਹੈ। ਵਾਤਾਵਰਨ ਨੂੰ ਬਰਬਾਦ ਕਰ ਰਹੀਆਂ ਗੈਸਾਂ, ਪ੍ਰਮਾਣੂ ਹਥਿਆਰਾਂ, ਰਸਾਇਣਕ ਪਦਾਰਥਾਂ ਅਤੇ ਐਟਮੀ ਪ੍ਰੀਖਣਾਂ ਨਾਲ ਦੁਨੀਆਂ ਮੌਤ ਦੇ ਮੂੰਹ 'ਤੇ ਖੜੀ ਕਰ ਦਿੱਤੀ ਗਈ ਹੈ। ਆਮ ਮਨੁੱਖ ਲਈ ਅਜਿਹੀਆਂ ਭਿਆਨਕ ਹਾਲਤਾਂ ਵਿਚ ਜਿਊਣਾ ਦੁੱਭਰ ਹੋ ਗਿਆ ਹੈ। ਸਾਮਾਜਿਕ, ਰਾਜਨੀਤਕ, ਸਭਿਆਚਾਰਕ, ਧਾਰਮਿਕ, ਆਰਥਿਕ, ਸਦਾਚਾਰ ਅਤੇ ਰੂਹਾਨੀ ਪੱਧਰ 'ਤੇ ਅੱਜ ਦੇ ਸੰਸਾਰ ਨੂੰ ਸੇਧ ਦੇਣ ਅਤੇ ਤਬਾਹ ਹੋਣ ਤੋਂ ਬਚਾਉਣ ਲਈ ਗੁਰੂ ਨਾਨਕ ਸਿਧਾਂਤ ਚਾਨਣ ਮੁਨਾਰਾ ਹੈ।

ਗੁਰੂ ਨਾਨਕ ਸਾਹਿਬ ਦਾ ਰਾਜ ਸੰਬੰਧੀ ਫਲਸਫਾ ਮਨੁੱਖੀ ਜੀਵਨ ਦੇ ਹਰ ਪਹਿਲੂ ਦੀ ਅਗਵਾਈ ਕਰਦਾ ਹੈ। ਇਹ ਜੀਵਨ ਦਰਸ਼ਨ ਅਜਿਹੀ ਵਿਸ਼ਵ ਵਿਆਪੀ ਦ੍ਰਿਸ਼ਟੀ ਹੈ, ਜਿਸ ਵਿਚ ਕਿਸੇ ਨਸਲ, ਰੰਗ, ਜਾਤ, ਫਿਰਕੇ, ਕੌਮ ਅਤੇ ਦੇਸ਼ ਦਾ ਅੰਤਰ ਨਹੀਂ। ਗੁਰੂ ਨਾਨਕ ਸਾਹਿਬ ਦੀਆਂ ਸੰਸਾਰ ਪੱਧਰ ਦੀਆਂ ਚਾਰ ਉਦਾਸੀਆਂ ਅਤੇ ਵੱਖ-ਵੱਖ ਦੇਸਾਂ ਵਿਚ ਵਸਦੇ ਵੱਖੋ-ਵੱਖਰੇ ਨਸਲਾਂ ਤੇ ਫਿਰਕਿਆਂ ਦੇ ਲੋਕਾਂ ਨੂੰ ਦਿੱਤਾ ਉਪਦੇਸ਼ ਇਸ ਦੀ ਜਿਉਂਦੀ ਜਾਗਦੀ ਮਿਸਾਲ ਹੈ। ਉਹ ਵੀ ਅੱਜ ਤੋਂ 556 ਸਾਲ ਪਹਿਲਾਂ ਦਾ ਸਮਾਂ, ਜਦੋਂ ਵਰਤਮਾਨ ਵਾਂਗ ਨਾ ਤਾਂ ਸਾਧਨਾਂ ਦੀ ਬਹੁਤਾਤ ਸੀ ਅਤੇ ਨਾ ਹੀ ਵਿਦਿਅਕ ਪਸਾਰ।

ਅਜਿਹੇ ਮੌਕੇ ਹਜ਼ਾਰਾਂ ਮੀਲ ਪੈਂਡਾ ਤੈਅ ਕਰਕੇ ਗੁਰੂ ਨਾਨਕ ਸਾਹਿਬ ਨੇ ਦੇਸਾਂ-ਮੁਲਕਾਂ ਦੀਆਂ ਹੱਦਾਂ-ਸਰਹੱਦਾਂ ਦੀਆਂ ਵਲਗਣਾਂ ਨੂੰ ਤੋੜਦਿਆਂ, ਨਸਲਵਾਦੀ ਕੋਹੜ ਨੂੰ ਖਤਮ ਕੀਤਾ। ਉਹਨਾਂ ਬਸਤੀਵਾਦੀ ਗੁਲਾਮੀ ਦੇ ਖਾਤਮੇ ਲਈ ਸਰਬੱਤ ਦੇ ਭਲੇ ਦੀ ਮੁਹਿੰਮ ਚਲਾਈ। ਗੁਰੂ ਨਾਨਕ ਜੀ ਨੇ 1499 ਈਸਵੀ ਤੋਂ ਲੈ ਕੇ 1521 ਤਕ ਤਕਰੀਬਨ 22 ਵਰ੍ਹੇ ਨੌਂ ਖੰਡ ਪ੍ਰਿਥਵੀ ਦਾ 24 ਹਜ਼ਾਰ ਮੀਲ ਤੋਂ ਵਧੇਰੇ ਪੈਂਡਾ ਪੈਦਲ ਤੈਅ ਕੀਤਾ, ਜਿਸ ਦੇ ਬਰਾਬਰ ਸੰਸਾਰ ਵਿੱਚ ਪੈਦਲ ਯਾਤਰਾਵਾਂ ਦੀ ਕੋਈ ਮਿਸਾਲ ਨਹੀਂ ਮਿਲਦੀ। ਸੈਦਪੁਰ ਤੋਂ ਸ਼ੁਰੂ ਹੋਇਆ ਇਹ ਸਫ਼ਰ ਮੁਲਤਾਨ ਕੁਰਕਸ਼ੇਤਰ, ਦਿੱਲੀ, ਹਰਿਦੁਆਰ, ਗੋਰਖਮਤਾ, ਬਨਾਰਸ, ਗਯਾ, ਧੁਬਰੀ, ਕਾਮਰੂਪ, ਜਗਨਨਾਥ ਪੁਰੀ, ਲੰਕਾ, ਪਾਕ ਪਟਨ, ਕੈਲਾਸ਼ ਪਰਬਤ, ਲੱਦਾਖ, ਕਸ਼ਮੀਰ, ਕਾਂਗੜਾ, ਕੁੱਲੂ, ਬੈਜਨਾ, ਜਵਾਲਾਮੁਖੀ, ਸਿਆਲਕੋਟ, ਮੱਕਾ, ਮਦੀਨਾ, ਬਗਦਾਦ, ਕਾਬਲ, ਕੰਧਾਰ, ਪਿਸ਼ਾਵਰ ਹੁੰਦਾ ਹੋਇਆ 1521 ਈ. ਨੂੰ ਸੈਦਪੁਰ ਹੀ ਖਤਮ ਹੋਇਆ। ਭਾਈ ਗੁਰਦਾਸ ਜੀ (1551-1629 ਈ.) ਦਾ ਕਥਨ ਆਪ ਦਾ, ਮੁਰਸ਼ਦ-ਏ-ਆਲਮ ਦੇ ਰੂਪ ਵਿੱਚ ਸਿਫ਼ਤ ਲਈ ਸਾਰਥਕ ਜਾਪਦਾ ਹੈ:

"ਗੁਰੂ ਨਾਨਕ ਸਭ ਕੇ ਸਿਰਤਾਜਾ॥
ਜਿਸ ਕੋ ਸਿਮਰ ਸਰੇ ਸਭ ਕਾਜਾ॥"
(ਭਾਈ ਗੁਰਦਾਸ ਵਾਰਾਂ)

ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ 'ਤੇ ਉਸਰਿਆ ਹਲੇਮੀ ਰਾਜ ਦਾ ਸੰਕਲਪ ਅਖੌਤੀ ਰਾਸ਼ਟਰਵਾਦ ਦੇ ਫਾਸ਼ੀਵਾਦ ਨੂੰ ਰੱਦ ਕਰਦਾ ਹੈ, ਜਿਥੇ ਇਕ ਨਸਲ ਦੇ ਸ਼ਾਸ਼ਕ ਦੂਜਿਆਂ ਨੂੰ ਨੀਵਾਂ ਤੇ ਗੁਲਾਮ ਕਰਾਰ ਦੇ ਕੇ ਮਾਰ ਮੁਕਾਉਣ। ਭਾਰਤ ਅੰਦਰ ਇਹ ਕਿਹੋ ਜਿਹੀ ਵਿਡੰਬਨਾ ਹੈ ਕਿ ਨਸਲਵਾਦ ਤੇ ਰਾਸ਼ਟਰਵਾਦ ਦਾ ਪੱਤਾ ਖੇਡ ਕੇ ਸੱਤਾ ਵਿਚ ਆਏ ਭਗਵੇਂਵਾਦੀ ਸਿਆਸਤਦਾਨ ਵੀ ਖੁਦ ਨੂੰ ਗੁਰੂ ਨਾਨਕ ਸਾਹਿਬ ਦੇ ਪੈਰੋਕਾਰ ਦੱਸਦੇ ਭਾਰਤੀ ਸਮਾਜ ਨੂੰ ਗੁੰਮਰਾਹ ਕਰ ਰਹੇ ਹਨ। ਇਹ ਸੱਤਾਧਾਰੀ ਦੇਸ਼-ਵਿਦੇਸ਼ ਅੰਦਰ ਗੁਰੂ ਨਾਨਕ ਸ਼ਤਾਬਦੀ ਮਨਾ ਕੇ ਆਪਣੇ ਅਜਿਹੇ ਨਸਲਵਾਦੀ ਅਤੇ ਫਿਰਕੂ ਏਜੰਡੇ ਲਾਗੂ ਕਰਨ ਦੀਆਂ ਸਾਜ਼ਿਸ਼ਾਂ ਰਚ ਰਹੇ ਹਨ, ਜਿਨ੍ਹਾਂ ਖਿਲਾਫ਼ ਗੁਰੂ ਸਾਹਿਬ ਦਾ ਸਮੁੱਚਾ ਸੰਦੇਸ਼ ਨਜ਼ਰ ਆਉਂਦਾ ਹੈ।

ਗੁਰੂ ਸਾਹਿਬ ਦਾ ਸਮਕਾਲੀ ਸਮਾਜ ਅਧਿਆਤਮਿਕ, ਸਮਾਜਿਕ, ਰਾਜਨੀਤਿਕ ਤੇ ਸਭਿਆਚਾਰਕ, ਚਾਰੇ ਪਹਿਲੂਆਂ ਤੋਂ ਘੋਰ ਗਿਰਾਵਟ ਦਾ ਸ਼ਿਕਾਰ ਹੋ ਚੁੱਕਿਆ ਸੀ। ਚਾਰ-ਚੁਫੇਰੇ ਕਰਮਾਂ-ਕਾਂਡਾਂ ਤੇ ਵਹਿਮਾਂ-ਭਰਮਾਂ ਦਾ ਰਾਮ-ਰੌਲਾ ਵਾਯੂ-ਮੰਡਲ ਦੂਸ਼ਿਤ ਕਰ ਰਿਹਾ ਸੀ। ਧਰਮ ਦਾ ਠੇਕੇਦਾਰ ਧਾਰਮਿਕ -ਪੁਸ਼ਾਕ ਪਹਿਨ ਕੇ ਧਰਮ ਦੀ ਛਾਤੀ ਤੇ ਬੈਠਾ ਹੋਇਆ ਧਰਮ ਦਾ ਹੀ ਲਹੂ ਪੀ ਰਿਹਾ ਸੀ, ਜਿਸ ਕਾਰਨ ਉਸ ਦਾ 'ਬੇਇਲਮਾ ਅਮਲ' ਤੇ 'ਬੇਅਮਲਾ ਇਲਮ' ਬੇ-ਅਰਥ ਹੋ ਚੁੱਕਿਆ ਸੀ। ਮਨੂ-ਸਮ੍ਰਿਤੀ ਦੀ ਵਰਗ -ਵੰਡ ਕਾਰਨ ਜਾਤਾਂ-ਪਾਤਾਂ ਵਿੱਚ ਵੰਡੇ ਭਾਰਤਵਾਸੀ ਲੀਰੋ-ਲੀਰ ਹੋ ਚੁੱਕੇ ਸਨ। ਅੰਦਰੂਨੀ ਤੌਰ ਤੇ ਨਿਕੰਮੇ, ਲਾਚਾਰ ਤੇ ਕਮਜ਼ੋਰ ਭਾਰਤ ਦਾ ਜਿਸਮ ਡਾਕੂ ਲੁਟੇਰੇ ਤੇ ਮੁਰੈਲ੍ਹ ਖ਼ੂਨੀ ਨਹੁੰਦਰਾਂ ਨਾਲ ਨੋਚਦੇ ਰਹੇ ਸਨ। ਇਹ ਬਘਿਆੜਾਂ ਤੇ ਕੁੱਤਿਆਂ ਦਾ ਰੂਪ ਅਖਤਿਆਰ ਕਰਕੇ ਮਨੁੱਖਤਾ ਦਾ ਲਹੂ ਪੀ ਰਹੇ ਸਨ ;

"ਰਾਜੇ ਸੀਹ ਮੁਕਦਮ ਕੁਤੇ॥
ਜਾਇ ਜਗਾਇਨਿ ਬੈਠੇ ਸੁਤੇ॥
ਚਾਕਰ ਨਹ ਦਾ ਪਾਇਨਿ ਘਾਉ॥
ਰਤੁ ਪਿਤੁ ਕੁਤਿਹੋ ਚਟਿ ਜਾਹੁ॥"
(ਗੁਰੂ ਗਰੰਥ ਸਾਹਿਬ, 1288)

ਮਧਕਾਲੀਨ ਇਤਿਹਾਸ ਵਿੱਚ ਜ਼ਾਲਮ ਹਕੂਮਤ ਦੇ ਬਰਖ਼ਿਲਾਫ਼ ਤੇ ਮਾਨਵ ਅਧਿਕਾਰਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਵਾਲੇ ਪਹਿਲੇ ਇਨਕਲਾਬੀ ਆਗੂ ਮਰਦਿ-ਕਾਮਿਲ ਗੁਰੂ ਨਾਨਕ ਸਾਹਿਬ ਹਨ। ਸਿਆਸੀ ਤਾਕਤ ਅਤੇ ਹਮਲਿਆਂ ਨਾਲ ਭਾਰਤ ਨੂੰ ਲੁੱਟਣ ਅਤੇ ਕੁੱਟਣ ਆਏ ਜ਼ਹੀਰ-ਉੱਦ ਦੀਨ ਮੁਹੰਮਦ ਬਾਬਰ ਨੂੰ ਗੁਰੂ ਨਾਨਕ ਬਾਣੀ ਵਿਚ ਜਾਬਰ, 'ਪਾਪ ਦੀ ਜੰਞ ਦਾ ਜਮ, ਰੱਤ ਪੀਣਾ, ਮਨੁੱਖਤਾ ਦਾ ਕਾਤਲ ਅਤੇ ਜ਼ਾਲਮ ਕਰਾਰ ਦਿੱਤਾ ਗਿਆ। ਮੁਗਲ ਤੇ ਪਠਾਣਾਂ ਦੀ ਇਸ ਲੜਾਈ ਵਿਚ ਬੇਗੁਨਾਹਾਂ ਦਾ ਲਹੂ ਡੁੱਲਿਆ, ਤਾਂ 'ਸੱਚ ਦੀ ਬਾਣੀ' ਵਿਚ ਖ਼ੂਨ ਕੇ ਸੋਹਿਲੇ ਗਾਉਣ ਵਾਲਿਆਂ ਦੀ ਤਲਖ ਹਕੀਕਤ ਬਿਆਨ ਕੀਤੀ ਗਈ।

ਬਾਬਰ ਨੂੰ ਬੁੱਚੜ ਕਹਿ ਕੇ ਉਸ ਦੇ ਖਿਲਾਫ਼ ਆਵਾਜ਼ ਉਠਾਉਣ ਅਤੇ ਨੰਗੇ ਧੜ ਡਟਣ 'ਤੇ ਗੁਰੂ ਸਾਹਿਬ ਨੂੰ ਜੇਲ੍ਹ ਜਾਣਾ ਪਿਆ ਤੇ ਚੱਕੀਆਂ ਪੀਹਣੀਆਂ ਪਈਆਂ। ਨਤੀਜਾ ਇਹ ਹੋਇਆ ਕਿ ਗੁਰੂ ਨਾਨਕ ਨਾਮ ਲੇਵਾ ਸਿੱਖ ਕੌਮ ਪਿਛਲੇ ਸਾਢੇ ਪੰਜ ਸੌ ਸਾਲਾ ਤੋਂ ਸਮੇਂ-ਸਮੇਂ ਦੇ ਜਾਬਰਾਂ ਤੇ ਬੁੱਚੜਾਂ ਖਿਲਾਫ਼ ਨੰਗੇ ਧੜ ਲੜਦੀ ਆ ਰਹੀ ਹੈ। ਕਿਧਰੇ ਜੇਲ੍ਹਾਂ ਵਿਚ, ਕਿਤੇ ਚਰਖੜੀਆਂ 'ਤੇ, ਕਿਤੇ ਆਰਿਆਂ 'ਤੇ, ਕਿਤੇ ਨੇਜ਼ਿਆਂ, ਤਲਵਾਰਾਂ, ਬੰਦੂਕਾਂ, ਤੋਪਾਂ ਅਤੇ ਫਾਂਸੀਆਂ 'ਤੇ ਹੱਸ-ਹੱਸ ਕੇ ਸ਼ਹੀਦੀਆਂ ਪਾ ਰਹੀ ਹੈ। ਗੁਰੂ ਨਾਨਕ ਸਾਹਿਬ ਦਾ ਸਿਧਾਂਤ ਜ਼ਾਲਮਾਨਾ ਰਾਜ ਪ੍ਰਬੰਧ ਵਿਰੁੱਧ ਪੰਜ ਸੌ ਸਾਲ ਪਹਿਲਾਂ ਵਾਂਗ ਕਾਇਮ ਹੈ ਅਤੇ ਸਦਾ ਰਹੇਗਾ। ਇਹ ਸਿਧਾਂਤ ਅੱਜ ਦੇ ਉਹਨਾਂ ਸਾਰੇ ਮਨੁੱਖਤਾ ਵਿਰੋਧੀ ਭ੍ਰਿਸ਼ਟ-ਸ਼ਾਸਕਾਂ ਖਿਲਾਫ਼ ਕਾਇਮ ਹੈ, ਜਿਹੜੇ ਰਾਸ਼ਟਰਵਾਦ ਦੇ ਨਾਂ ਹੇਠ ਹੋਰਨਾਂ ਕੌਮਾਂ ਨੂੰ ਦਬਾਅ ਰਹੇ ਹਨ ਤੇ ਗੁਲਾਮ ਬਣਾ ਰਹੇ ਹਨ।

ਗੁਰੂ ਨਾਨਕ ਸਾਹਿਬ ਵਲੋਂ ਕਾਇਮ ਕੀਤੀ ਅਕਾਲ ਪੁਰਖ ਦੀ ਸੱਚੀ ਪਾਤਸ਼ਾਹੀ ਤੇ ਹਲੇਮੀ ਰਾਜ ਵਿਚ ਕਿਸੇ ਫ਼ਿਰਕੇ ਦਾ ਵਿਰੋਧ ਨਾ ਹੋ ਕੇ, ਜ਼ੁਲਮ ਅਤੇ ਅਤਿਆਚਾਰ ਦਾ ਵਿਰੋਧ ਹੈ। ਇਹ ਧਾਰਨਾ ਵੀ ਮੂਲੋਂ ਗਲਤ ਹੈ ਕਿ ਸਿੱਖੀ ਦਾ ਵਿਰੋਧ ਮੁਸਲਮਾਨਾਂ ਨਾਲ ਰਿਹਾ ਹੈ, ਜਦ ਕਿ ਹਕੀਕਤ ਇਹ ਹੈ ਕਿ ਗੁਰੂ ਨਾਨਕ ਸਾਹਿਬ ਦੇ ਰਬਾਬੀ ਤੇ ਸੰਗੀ-ਸਾਥੀ ਭਾਈ ਮਰਦਾਨਾ ਜੀ ਮੁਸਲਿਮ ਭਾਈਚਾਰੇ ਵਿਚੋਂ ਸਨ, ਬੇਸ਼ੱਕ ਮਗਰੋਂ ਸਿੱਖ ਸਜ ਗਏ ਸਨ। ਰਾਏ ਬੁਲਾਰ ਤੋਂ ਲੈ ਕੇ ਰਾਏ ਕੱਲਾ ਤੱਕ ਦੇ ਪਿਆਰ ਤੇ ਸਾਂਝ ਦਾ ਸਫਰ, ਇਸ ਗੱਲ ਦਾ ਗਵਾਹੀ ਭਰਦਾ ਹੈ ਕਿ ਗੁਰੂ ਸਾਹਿਬਾਨਾਂ ਦੀ ਖਿਦਮਤ ਵਿਚ ਮੁਸਲਿਮ ਲੋਕਾਂ ਦੀ ਸੇਵਾ-ਭਾਵਨਾ ਸਦਾ ਬਣੀ ਰਹੀ। ਦਰਅਸਲ ਗੁਰੂ ਗੋਬਿੰਦ ਸਿੰਘ ਜੀ ਜਿਸ ਹੱਦ ਤੱਕ ਮੁਗਲਾਂ ਦੇ ਜ਼ੁਲਮ ਖਿਲਾਫ਼ ਸੀ, ਓਨੇ ਹੀ ਉਸ ਸਮੇਂ ਦੇ ਪਹਾੜੀ ਹਿੰਦੂ ਰਾਜਿਆਂ ਦੇ ਵਿਰੋਧੀ ਸਨ।

ਇਹ ਵੀ ਸੱਚ ਹੈ ਕਿ ਜਦੋਂ ਸੱਤਾ ਮੁਗਲਾਂ ਕੋਲ ਸੀ, ਉਦੋਂ ਕੱਟੜਵਾਦੀ ਮਨੂਵਾਦੀ ਗੁਰੂ ਸਾਹਿਬਾਨਾਂ ਖਿਲਾਫ਼ ਸਮੇਂ ਦੇ ਮੁਗਲ ਹਾਕਮਾਂ ਕੋਲ ਜਾ ਕੇ ਸ਼ਿਕਾਇਤਾਂ ਕਰਦੇ ਰਹੇ। ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਤੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਨਾਲ ਜੰਗਾਂ-ਯੁੱਧਾਂ ਵਿਚ ਮੁਗਲਾਂ ਨਾਲ ਮਿਲ ਕੇ, ਪਹਾੜੀ ਹਿੰਦੂ ਰਾਜਿਆਂ ਦੀ ਗੁਰੂ ਘਰ ਬਰਖਿਲਾਫ਼ ਸ਼ਾਮ, ਦਾਮ, ਦੰਡ ਤੇ ਭੇਦ ਨੀਤੀ ਕਿਸੇ ਤੋਂ ਲੁਕੀ ਨਹੀਂ।

ਗੁਰੂ ਨਾਨਕ ਸਾਹਿਬ ਦੀ ਖੰਡਨ ਨੀਤੀ ਜਿੱਥੇ ਮੁਗਲ ਜਗੀਰੂ ਢਾਂਚੇ ਤੇ ਸਟੇਟ ਨਾਲ ਸੀ, ਉਥੇ ਕੱਟੜ ਹਿੰਦੂਤਵੀ ਤੇ ਮਨੂਵਾਦੀ ਸਿਸਟਮ ਨਾਲ ਵੀ ਸੀ। ਦੋਹਾਂ ਤੋਂ ਵੱਖਰੇ ਤੇ ਨਿਆਰੇ ਨਿਰਮਲ ਪੰਥ ਦੀ ਨੀਂਹ ਰੱਖ ਕੇ ਗੁਰੂ ਨਾਨਕ ਸਾਹਿਬ ਨੇ ਸਿੱਖੀ ਦੀ ਸਥਾਪਨਾ ਕੀਤੀ। ਯੁੱਗ-ਪੁਰਸ਼ ਗੁਰੂ ਨਾਨਕ ਸਾਹਿਬ ਦੇ ਪ੍ਰੇਮ, ਇਤਫ਼ਾਕ ਤੇ ਸਦਭਾਵਨਾ ਦੇ ਸੰਦੇਸ਼ ਸਦਕਾ ਹਿੰਦੂ ਤੇ ਮੁਸਲਮਾਨ,ਗ੍ਰਹਿਸਤੀ ਤੇ ਤਿਆਗੀ, ਇਸਤਰੀ ਤੇ ਮਰਦ, ਨਾਥ ਤੇ ਯੋਗੀ, ਵਲੀ ਕੰਧਾਰੀ ਤੇ ਹਮਜ਼ਾ ਗੌਂਸ, ਕੌਡੇ ਰਾਖਸ਼ ਤੇ ਸੱਜਣ ਠੱਗ ਆਦਿ ਸਭਨਾ ਦੀ ਤਰਜ਼ੇ-ਜ਼ਿੰਦਗੀ ਵਿੱਚ ਕ੍ਰਾਂਤੀਕਾਰੀ ਪਰਿਵਰਤਨ ਆਉਣਾ 'ਤੇ ਗੁਰੂ ਸਾਹਿਬ ਦੇ ਮੁਰੀਦ ਤੇ ਸ਼ਰਧਾਲੂ ਬਣ ਜਾਣਾ, ਵਿਸ਼ਵ ਇਤਿਹਾਸ ਵਿੱਚ ਅਲੌਕਿਕ ਵਰਤਾਰਾ ਹੈ। ਦਰਅਸਲ ਉਨ੍ਹਾਂ ਦਾ ਪ੍ਰੇਮ ਪੈਗ਼ਾਮ ਸੰਪੂਰਨ ਇਨਸਾਨੀਅਤ ਲਈ ਹੈ ਅਤੇ ਖੱਤਰੀ ਬ੍ਰਾਹਮਣ ਸੂਦਰ ਵੈਸ਼ ਉਪਦੇਸ਼ ਚਹੁੰ ਵਰਨਾ ਲਈ ਸਾਂਝਾ ਹੈ। ਜ਼ਾਹਰ-ਪੀਰ ਤੇ ਜਗਤ-ਤਾਰਕ ਬਾਬਾ ਨਾਨਕ ਸਾਹਿਬ ਨੇ ਆਪਣੀ ਨਿਵੇਕਲੀ ਵਿਚਾਰਧਾਰਾ ਤੇ ਮਹਾਨ ਫ਼ਲਸਫ਼ੇ ਨਾਲ ਨੌਂ ਖੰਡ ਪ੍ਰਿਥਵੀ ਦਾ ਹਨੇਰਾ ਖਤਮ ਕਰ ਦਿੱਤਾ।

ਪੂਰਬੀ ਦੁਨੀਆ ਵਿੱਚ ਉਦੈ ਹੋਇਆ ਇਹ ਸੂਰਜ ਸਾਰੇ ਸੰਸਾਰ ਲਈ ਚਾਨਣ ਮੁਨਾਰਾ ਬਣਿਆ। ਆਪ ਦੇ ਪਾਕਿ-ਪਵਿੱਤਰ ਕਲਾਮ ਨੂੰ ਸਲਾਮ ਕਰਦਾ ਡਾ. ਮੁਹੰਮਦ ਇਕਬਾਲ ਜਿੱਥੇ ਆਪ ਨੂੰ 'ਮਰਦੇ-ਕਾਮਿਲ' ਆਖਦਾ ਹੈ, ਉੱਥੇ 'ਇਨਸਾਈਕਲੋਪੀਡੀਆ ਆਫ ਇਸਲਾਮ' ਦੀ ਚੌਥੀ ਜਿਲਦ ਵਿੱਚ ਆਪਦਾ ਉਪਦੇਸ਼, ਸਮਾਜਿਕ ਸਾਵਾਂਪਣ, ਵਿਸ਼ਵ ਭਾਈਚਾਰੇ ਦੀ ਸਿਰਜਣਾ ਅਤੇ ਫਿਰਕਾਪ੍ਰਸਤੀ ਤੇ ਵਹਿਮ-ਭਰਮ ਦਾ ਖਾਤਮਾ ਦੱਸਿਆ ਗਿਆ ਹੈ ;

"ਫਿਰ ਉਠੀ ਆਖ਼ਿਰ ਸਦਾ ਤੌਹੀਦ ਕੀ ਪੰਜਾਬ ਸੇ।
ਹਿੰਦ ਕੋ ਇਕ ਮਰਦ-ਏ-ਕਾਮਲ ਨੇ ਜਗਾਇਆ ਖ਼ੁਆਬ ਸੇ।"

ਇਕੀਵੀਂ ਸਦੀ ਦੀਆਂ ਫਾਸ਼ੀਵਾਦੀ ਤਾਕਤਾਂ ਖਿਲਾਫ਼ ਡਟਣ ਲਈ ਗੁਰੂ ਨਾਨਕ ਸਾਹਿਬ ਦੇ ਚਿੰਤਨ ਤੋਂ ਸੇਧ ਲੈਣ ਦੀ ਲੋੜ ਹੈ। ਦੱਬੇ ਕੁਚਲੇ ਨਿਮਾਣੇ, ਨਿਤਾਣੇ, ਨਿਓਟੇ ਤੇ ਨਿਆਸਰੇ ਲੋਕਾਂ ਦੀ ਬਾਂਹ ਫੜਦਿਆਂ ਗੁਰੂ ਨਾਨਕ ਸਾਹਿਬ ਨੇ ਉਹਨਾਂ ਦੇ 'ਸੰਗ-ਸਾਥ' ਦਾ ਹੋਕਾ ਦਿੱਤਾ ਅਤੇ ਅਖੌਤੀ ਉੱਚ-ਜਾਤੀਆਂ ਤੇ ਜਗੀਰੂ ਤਾਕਤਾਂ ਨੂੰ ਰੱਦ ਕੀਤਾ।

ਅੱਜ ਦੀ ਮਨੂਵਾਦੀ ਸਟੇਟ ਵਲੋਂ ਘੱਟ ਗਿਣਤੀਆਂ, ਦਲਿਤਾਂ, ਮੂਲ ਨਿਵਾਸੀਆਂ ਤੇ ਆਦਿਵਾਸੀਆਂ ਨੂੰ ਕੁਚਲਿਆ ਜਾ ਰਿਹਾ ਹੈ, ਉਹਨਾਂ ਦੀ ਭਾਸ਼ਾ, ਪਹਿਰਾਵੇ, ਇਲਾਕੇ, ਰੰਗ, ਕੌਮ ਅਤੇ ਸਭਿਆਚਾਰ ਦੇ ਨਾਂ 'ਤੇ। ਸਟੇਟ ਦੀ ਅਗਵਾਈ ਵਿਚ ਮਨੂਵਾਦੀ ਦਾ ਵਿਰੋਧ ਕਰਨ ਵਾਲਿਆਂ ਦੇ ਝੂਠੇ ਮੁਕਾਬਲੇ ਬਣਾ ਕੇ ਜਾਂ ਨਸਲਕੁਸ਼ੀਆਂ ਰਾਹੀਂ ਤਬਾਹੀ ਮਚਾਈ ਜਾ ਰਹੀ ਹੈ। ਅਜਿਹੇ ਸਮੇਂ ਗੁਰੂ ਨਾਨਕ ਚਿੰਤਨ ਦੀ ਰੌਸ਼ਨੀ ਵਿਚ ਇਕਮੁੱਠ ਹੋ ਕੇ ਮਨੂਵਾਦੀ ਤਾਕਤਾਂ ਦਾ ਵਿਰੋਧ ਕਰਨਾ ਚਾਹੀਦਾ ਹੈ। ਦੁਖਦਾਈ ਪੱਖ ਇਹ ਵੀ ਹੈ ਕਿ ਮਨੂਵਾਦੀ ਸਰਕਾਰਾਂ ਵਿਚ ਭਾਈਵਾਲੀ ਉਹਨਾਂ ਲੋਕਾਂ ਦੀ ਵੀ ਰਹੀ ਹੈ, ਜਿਹੜੇ ਖਾਲਸਾ ਪੰਥ ਦੀ ਨੁਮਾਇੰਦਾ ਜਮਾਤ ਹੋਣ ਦਾ ਭਰਮ ਪਾਲੀ ਬੈਠੇ ਹਨ ਤੇ ਗੁਰੂ ਨਾਨਕ ਸਾਹਿਬ ਦੇ ਮਾਰਗ ਵਿਚ ਰੁਕਾਵਟ ਬਣੇ ਹੋਏ ਹਨ। ਅਜਿਹੇ ਹਾਲਾਤ ਵਿਚ ਸਿੱਖ ਜਗਤ ਨੂੰ ਜਾਗਰੂਕ ਹੋ ਕੇ ਪਹਿਰਾ ਦੇਣ ਦੀ ਲੋੜ ਹੈ, ਨਹੀਂ ਤਾਂ ਮਨੂਵਾਦੀ ਸਿਸਟਮ ਵਿਚ ਮਨੁੱਖੀ ਕਤਲੇਆਮ ਲਈ ਕੁਹਾੜਿਆਂ ਦਾ ਦਸਤਾ ਬਣ ਰਹੇ ਮੌਕਾਪ੍ਰਸਤਾਂ ਵਲੋਂ, ਸਿੱਖ ਸੰਸਥਾਵਾਂ ਦੀ ਹੋਂਦ ਹੀ ਬਰਬਾਦ ਕਰ ਦਿੱਤੀ ਜਾਵੇਗੀ।'ਨਾਨਕਿ ਰਾਜੁ ਚਲਾਇਆ', ਬੇਗਮਪੁਰੇ ਦਾ ਸੱਚਾ-ਸੁੱਚਾ ਸਮਾਜੀ ਸਿਧਾਂਤ ਅਤੇ ਹਲੇਮੀ ਰਾਜ ਵਰਗਾ ਅਨੰਦਮਈ ਰਾਜ ਪ੍ਰਬੰਧ ਅਜੋਕੀ ਸਦੀ ਵਿਚ ਸਭ ਤੋਂ ਵਧ ਮਹੱਤਵਪੂਰਨ ਸੰਕਲਪ ਹੈ। ਤ੍ਰਾਸਦੀ ਇਹ ਹੈ ਕਿ ਜਿੰਨਾਂ ਮੂਲ ਨਿਵਾਸੀ ਲੋਕਾਂ ਨੂੰ ਦੈਂਤ, ਅਸੁਰ, ਸ਼ੂਦਰ ਤੇ ਅਛੂਤ ਕਹਿ ਕੇ ਛੁਟਿਆਇਆ ਜਾਂਦਾ ਹੈ, ਦਰਅਸਲ ਉਹਨਾਂ ਲੋਕਾਂ ਦੀ ਬਾਂਹ ਫੜਕੇ ਹੀ ਗੁਰੂ ਨਾਨਕ ਸਾਹਿਬ ਨੇ ਸਿੱਖੀ ਦੀ ਨੀਂਹ ਰੱਖੀ ਸੀ। ਮਨੂਵਾਦੀ ਪ੍ਰਣਾਲੀ ਨੂੰ ਰੱਦ ਕਰਕੇ ਗੁਰੂ ਸਾਹਿਬ ਨੇ ਸਭਨਾਂ ਨੂੰ ਇਕ ਪੰਗਤ ਵਿਚ ਲੰਗਰ ਛਕਾਇਆ, ਜਿਸ ਕਾਰਨ ਬਿਪਰਵਾਦੀ ਤਾਕਤਾਂ ਦੀ ਸਿੱਖ ਪੰਥ ਨਾਲ ਟੱਕਰ ਹੋਈ। ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਛਕਾ ਕੇ ਜਾਤ ਨਾਸ਼, ਕੁਲ ਨਾਸ਼, ਰੰਗ-ਨਸਲ ਦਾ ਭਿੰਨ ਭੇਦ ਨਾਸ਼ ਕਰਾਰ ਦਿੰਦਿਆਂ ਸਭ ਨੂੰ ਇਕੋ ਬਾਟੇ ਵਿਚ ਅੰਮ੍ਰਿਤ ਛਕਣ ਦਾ ਰਾਹ ਦਿਖਾਇਆ, ਜਿਸ ਕਾਰਨ ਬਿਪਰ ਦੀ ਸੋਚ ਦਾ ਹਮੇਸ਼ਾ ਲਈ ਅੰਤ ਹੋ ਗਿਆ। ਜੋ ਖਾਲਸਾ ਰੂਪੀ ਵਿਸ਼ਾਲ ਰੁੱਖ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਪ੍ਰਫੁੱਲਿਤ ਹੋਇਆ ਸੀ, ਉਸ ਦੇ ਬੀਜ ਗੁਰੂ ਨਾਨਕ ਸਾਹਿਬ ਜੀ ਬੀਜ ਗਏ ਸਨ ਅਤੇ ਮਗਰਲੇ ਗੁਰੂ ਸਾਹਿਬਾਨ ਉਸ ਦੀ ਸਿੰਚਾਈ ਕਰਕੇ ਪਾਲਣ ਕਰਦੇ ਰਹੇ ਸਨ। ਜ਼ੁਲਮ ਦੇ ਖਾਤਮੇ ਲਈ ਅਤੇ ਮਜ਼ਲੂਮਾਂ ਦੀ ਰਾਖੀ ਲਈ ਜੋ ਕਿਰਪਾਨ ਖਾਲਸੇ ਨੂੰ ਫੜਾਈ ਗਈ ਸੀ, ਬੇਸ਼ਕ ਗੁਰੂ ਗੋਬਿੰਦ ਸਿੰਘ ਜੀ ਨੇ ਬਣਾਈ ਸੀ, ਪਰ ਉਸ ਦਾ ਫੌਲਾਦ ਗੁਰੂ ਨਾਨਕ ਜੀ ਨੇ ਤਿਆਰ ਕੀਤਾ ਸੀ।'ਗੁਰੂ ਨਾਨਕ ਦਰਸ਼ਨ ਰਬਾਬ ਤੋਂ ਨਗਾਰਾ ਤੱਕ ਦੀ ਯਾਤਰਾ' ਹੈ, ਜਿੱਥੇ ਭਾਈ ਮਰਦਾਨਾ ਜੀ ਦੀ ਰਬਾਬ ਤੋਂ ਲੈ ਕੇ ਆਨੰਦਪੁਰ ਸਾਹਿਬ ਦੇ ਰਣਜੀਤ ਨਗਾਰੇ ਤੱਕ ਦੀ ਗੂੰਜ, ਗਿਆਨ ਅਤੇ ਕਿਰਪਾਨ ਨਾਲ ਹਲੂਣਾ ਦਿੰਦੀ ਹੈ। ਗੁਰੂ ਨਾਨਕ ਸਾਹਿਬ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਦਸ ਗੁਰੂ ਸਾਹਿਬਾਨ ਵੱਖੋ-ਵੱਖਰੇ ਨਹੀਂ, ਬਲਕਿ ਇੱਕ ਹੀ ਜੋਤ ਹਨ ਤੇ ਇਹ ਜੋਤ ਗੁਰੂ ਗ੍ਰੰਥ ਸਾਹਿਬ ਦੇ ਜੁੱਗੋ ਜੁੱਗ ਅਟੱਲ ਸਿਧਾਂਤ ਰੂਪ ਵਿੱਚ ਸਦਾ ਹੀ ਕਾਇਮ ਹੈ ਅਤੇ ਰਹੇਗੀ। ਬ੍ਰਾਹਮਣੀ ਤੇ ਮਨੂਵਾਦੀ ਢਾਂਚਾ ਪਿਛਲੀਆਂ ਪੰਜ ਸਦੀਆਂ ਤੋਂ ਗੁਰੂ ਨਾਨਕ ਦੇ ਘਰ ਦਾ ਵੈਰੀ ਬਣਿਆ ਹੈ, ਕਿਉਂਕਿ ਹਕੀਕਤ ਇਹ ਹੈ ਕਿ ਮਨੂਵਾਦ, ਕਰਮ ਕਾਂਡ ਅਤੇ ਵਰਗ ਵੰਡ ਛੱਡ ਕੇ, ਕਠਿਨ ਤਪੱਸਿਆ ਅਤੇ ਘਰ-ਬਾਰ ਦੇ ਤਿਆਗ ਦੀ ਥਾਂ, ਗੁਰੂ ਨਾਨਕ ਸਾਹਿਬ ਦੇ ਪੰਥ ਵਿੱਚ ਹੱਸਦਿਆਂ, ਖੇਲਦਿਆਂ, ਪਹਿਨਦਿਆਂ, ਖਾਂਵਦਿਆਂ ਵਿੱਚੇ ਹੋਵੈ ਮੁਕਤਿ ਦਾ ਮਹਾਨ ਸਿਧਾਂਤ ਪੇਸ਼ ਕੀਤਾ ਗਿਆ ਹੈ । ਅੱਜ ਜਦੋਂ ਸਿੱਖ ਪੰਥ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਪੁਰਬ ਮਨਾ ਰਿਹਾ ਹੈ, ਅਜਿਹੇ ਸਮੇਂ ਸਰਬੱਤ ਦੇ ਭਲੇ ਅਤੇ ਮੁਕਤੀ ਦੇ ਮਾਰਗ ਅਨੁਸਾਰ ਪੱਛੜੇ, ਦੱਬੇ-ਕੁਚਲੇ ਤੇ ਬਿਪਰਵਾਦ ਵਲੋਂ ਨਕਾਰੇ ਲੋਕਾਂ ਨੂੰ ਗਲਕਵੜੀ ਵਿਚ ਲੈਣ ਲਈ, ਪਹਿਲਕਦਮੀ ਸਮੇਂ ਦੀ ਮੰਗ ਹੈ।

ਗੁਰੂ ਨਾਨਕ ਸਾਹਿਬ ਨੇ ਸ਼ਬਦ-206, ਅਸ਼ਟਪਦੀਆਂ-121, ਛੰਤ-24, ਪਉੜੀਆਂ-116, ਸਲੋਕ-260, ਪਹਰੇ-2, ਅਲਾਹਣੀਆਂ-5, ਕੁਚਜੀ -ਸੁਚਜੀ-2, ਸੋਲਹੇ-22, ਪਦੇ-199 = 958 ਦੀ ਸਿਰਜਨਾ ਕੀਤੀ। ਆਪ ਜੀ ਦੇ ਵਿਸ਼ਾਲ ਰਚਨਾ ਖੇਤਰ ਵਿੱਚ ਜਪਜੀ, ਪਹਰੇ, ਵਾਰ ਮਾਝ, ਪਟੀ, ਵਾਰ ਆਸਾ, ਅਲਾਹਣੀਆਂ, ਕੁਚਜੀ-ਸੁਚਜੀ, ਥਿਤੀ, ਓਅੰਕਾਰ, ਸਿਧ-ਗੋਸਟਿ, ਬਾਰਹਮਾਹਾ, ਵਾਰ ਮਲਾਰ ਸਮੇਤ, ਸਾਰੀਆਂ ਹੀ ਮਹਾਨ ਬਾਣੀਆਂ ਹਨ। ਆਪ ਦੀ ਬਾਣੀ ਰਾਗਾਂ ਵਿੱਚ ਹੈ, ਜਿਨ੍ਹਾਂ ਦੀ ਸੰਗੀਤਕਤਾ ਲੋਕ ਮਨ ਵਿੱਚ ਇਕਸੁਰਤਾ ਅਤੇ ਇਕਾਗਰਤਾ ਪੈਦਾ ਕਰਦੀ ਹੈ, ਪਰ ਇੱਥੇ ਰਾਗਾਂ ਦਾ ਉਪਦੇਸ਼ ਸੰਗੀਤ ਸ਼ਾਸਤਰੀਅਤਾ ਜਾਂ ਵਸ਼ਿਸ਼ਟਤਾ ਦਾ ਪ੍ਰਚਾਰ ਕਰਨਾ ਨਹੀਂ, ਸਗੋਂ ਸਹਿਜ ਅਤੇ ਸੁਭਾਵਿਕ ਕੀਰਤਨ ਰਾਹੀਂ, ਰੱਬੀ ਅਨੁਭਵ ਦਾ ਪ੍ਰਗਟਾਵਾ ਕਰਦੇ ਹੋਏ, ਰਬੀ ਨਾਮ- ਭਰਪੂਰ ਸ਼ਖ਼ਸੀਅਤ ਦੀ ਸਥਾਪਨਾ ਕਰਨਾ ਹੈ । ਅਕਾਲ ਰੂਪ ਬਾਬੇ ਨਾਨਕ ਨਾਲ ਰਬਾਬੀ ਮਰਦਾਨੇ ਦੀ ਸੰਗਤ, ਸਾਧਨਾ ਅਤੇ ਸੰਗੀਤ ਦਾ ਖ਼ੂਬਸੂਰਤ ਸੰਗਮ ਹੈ। ਗੁਰੂ ਨਾਨਕ ਸਾਹਿਬ ਦੇ ਸ਼ਬਦ ਆਦਿ ਗੁਰੂ ਗ੍ਰੰਥ ਸਾਹਿਬ ਵਿੱਚ ਅੰਕਿਤ ਸ੍ਰੀ ਰਾਗ, ਮਾਝ, ਗਾਉੜੀ, ਆਸਾ, ਗੁਜਰੀ, ਵਡਹੰਸ, ਸੋਰਠ,ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਤੁਖਾਰੀ, ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ ਸਮੇਤ 19 ਰਾਗਾਂ ਵਿੱਚ ਮਿਲਦੇ ਹਨ । ਰਾਗ ਬਿਹਾਗੜਾ ਵਿੱਚ ਆਪ ਨੇ ਸਲੋਕ ਰਚੇ ਹਨ।

ਗੁਰੂ ਨਾਨਕ ਰਚਨਾ ਦੀ ਵਿਲੱਖਣ ਨੁਹਾਰ ਦਾ ਕਾਰਨ ਸਮੇਂ ਅਤੇ ਸਥਾਨ ਦੀ ਸੀਮਾ ਤੋਂ ਮੁਕਤ ਭਾਸ਼ਾ ਦਾ ਸੁਮੇਲ ਹੈ। ਇਸ ਵਿੱਚਲੀ ਭਾਸ਼ਾ ਸਦੀਵੀ ਸਮਝੀ ਜਾਣ ਵਾਲੀ ਤੇ ਲੋਕ ਮੁਹਾਵਰੇ ਵਾਲੀ ਸਾਧਾਰਨ ਲੋਕਾਂ ਦੀ ਬੋਲੀ ਹੈ। ਗੁਰੂ ਨਾਨਕ ਬਾਣੀ ਪੰਜਾਬੀ, ਸੰਸਕ੍ਰਿਤ, ਪ੍ਰਾਕ੍ਰਿਤਕ ਅਤੇ ਫ਼ਾਰਸੀ ਭਾਸ਼ਾ ਵਿੱਚ ਮਿਲਦੀ ਹੈ। ਆਪਣੀ ਭਾਸ਼ਾ ਦੀ ਨਿਰਾਦਰੀ ਕਰਨ ਵਾਲੇ ਲੋਕਾਂ ਨੂੰ ਗੁਰੂ ਜੀ ਨੇ ਕਿਸੇ ਪ੍ਰਕਾਰ ਦਾ ਕੋਈ ਮਹੱਤਵ ਨਹੀਂ ਦਿੱਤਾ : "ਖਤ੍ਰੀਆ ਤ ਧਰਮੁ ਛੋਡਿਆ ਮਲੇਛ ਭਾਖਿਆ ਗਹੀ॥" (ਗੁਰੂ ਗ੍ਰੰਥ ਸਾਹਿਬ : 663) ਗੁਰੂ ਨਾਨਕ ਸੰਦੇਸ਼ ਕਿਰਤ ਤੇ ਕਰਮ ਦਾ, ਨੇਮ ਤੇ ਪ੍ਰੇਮ ਦਾ, ਗ੍ਰਹਿਸਤ ਤੇ ਉਦਾਸੀ ਦਾ, ਹੁਕਮ ਤੇ ਭਾਣੇ ਦਾ, ਨਾਮ ਤੇ ਭਗਤੀ ਦਾ , ਆਦਰਸ਼ ਤੇ ਯਥਾਰਥ ਦਾ, ਇਨਸਾਨ ਤੇ ਪ੍ਰਾਕਿਰਤੀ ਦਾ, ਧਰਮ ਤੇ ਕਰਮ ਦਾ ਅਤੇ ਭਗਤੀ ਤੇ ਸ਼ਕਤੀ ਦਾ ਅਤਿਅੰਤ ਸੁੰਦਰ ਤੇ ਸੰਤੁਲਿਤ ਸੁਮੇਲ ਹੈ, ਜਿਸ ਦੀ ਰੌਸ਼ਨੀ ਤੇ ਨਿੱਘ ਰਹਿੰਦੀ ਦੁਨੀਆਂ ਤੱਕ ਮਨੁੱਖੀ ਸਭਿਅਤਾ ਲਈ 'ਚਾਨਣ ਦੇ ਵਣਜਾਰੇ' ਬਣੇ ਰਹਿਣਗੇ ਅਤੇ 'ਨਾਨਕ' ਸ਼ਬਦ ਹਰ ਰਸਨਾ ਉਪਰ ਲੋਕ-ਮੁਹਾਵਰਾ ਬਣ ਕੇ ਗੂੰਜਦਾ ਰਹੇਗਾ :

"ਸਿੱਧ ਬੋਲਨਿ ਸ਼ੁਭ ਬਚਨ,
ਧੰਨ ਨਾਨਕ ਤੇਰੀ ਵਡੀ ਕਮਾਈ॥"
(ਵਾਰਾਂ ਭਾਈ ਗੁਰਦਾਸ)

ਗੁਰੂ ਨਾਨਕ ਸਾਹਿਬ ਦਾ ਬ੍ਰਹਿਮੰਡੀ ਉਪਦੇਸ਼ ਗਗਨ ਰੂਪੀ ਥਾਲ ਵਿਚ, ਸੂਰਜ ਚੰਦ ਰੂਪੀ ਦੀਵਿਆਂ ਰਾਹੀਂ ਕੁਦਰਤ ਦੇ ਗੁਣ ਗਾਉਣ ਅਤੇ ਇਲਾਹੀ ਜੋਤ ਜਗਾਉਣ ਦੇ ਰੂਪ ਵਿਚ ਉਜਾਗਰ ਹੈ। ਆਪ ਕੁਦਰਤੀ ਦਾਤਾਂ ਦੇ ਰੂਪ ਵਿਚ ਧਰਤੀ ਨੂੰ ਮਾਂ, ਪਾਣੀ ਨੂੰ ਪਿਤਾ ਤੇ ਪਉਣ ਨੂੰ ਗੁਰੂ ਦਰਸਾ ਕੇ ਮਨੁੱਖਤਾ ਨੂੰ ਇਸ ਦੀ ਮਹਾਨਤਾ ਤੋਂ ਜਾਣੂ ਕਰਵਾਉਂਦੇ ਹਨ। ਇਸ ਦੀ ਪ੍ਰਸੰਗਿਕਤਾ ਅੱਜ ਕੌਮਾਂਤਰੀ ਪੱਧਰ 'ਤੇ ਹੋਰ ਵੀ ਵਧ ਜਾਂਦੀ ਹੈ, ਜਦੋਂ ਵਾਯੂਮੰਡਲ ਵਿਚ ਹਵਾਵਾਂ ਦੂਸ਼ਿਤ ਹੋ ਰਹੀਆਂ ਹਨ, ਧਰਤੀ ਹੇਠੋਂ ਪਾਣੀ ਮੁਕਦਾ ਜਾ ਰਿਹਾ ਹੈ, ਦਰਿਆਵਾਂ-ਨਦੀਆਂ ਵਿਚ ਕੈਮੀਕਲ ਮਿਲ ਰਹੇ ਹਨ, ਅਨੇਕਾਂ ਜੀਵ-ਜੰਤੂਆਂ ਦਾ ਜੀਵਨ ਖਤਮ ਹੋ ਰਿਹਾ ਹੈ। ਦੁਨੀਆ ਦੇ ਤਾਕਤਵਰ ਦੇਸਾਂ ਵਲੋਂ ਪੁਲਾੜਾਂ ਵਿਚ ਵੀ ਤਬਾਹੀ ਮਚਾਈ ਜਾ ਰਹੀ ਹੈ ਅਤੇ ਪ੍ਰਮਾਣੂ ਹਥਿਆਰਾਂ ਦੀ ਅੰਨੀ ਦੌੜ ਮਨੁੱਖਤਾ ਨੂੰ ਬਾਰੂਦ ਦੇ ਢੇਰ 'ਤੇ ਬਿਠਾ ਚੁੱਕੀ ਹੈ।

ਅਜਿਹੇ ਭਿਆਨਕ ਦੌਰ ਵਿਚ ਗੁਰੂ ਨਾਨਕ ਚਿੰਤਨ ਹੀ ਸੰਸਾਰ ਦੀ ਅਗਵਾਈ ਦਾ ਲਿਖਾਇਕ ਹੈ। ਇਸ ਲਈ ਮੁਢਲੇ ਰੂਪ ਵਿਚ ਕਦਮ ਚੁਕਦਿਆਂ ਪਵਿੱਤਰ ਵੇਈਂ ਦੇ ਪਾਣੀ ਦੀ ਸ਼ੁੱਧਤਾ ਤੋਂ ਲੈ ਕੇ ਪੰਜਾਬ ਦੇ ਨਾਲਿਆਂ ਤੇ ਨਦੀਆਂ ਨੂੰ ਬਚਾਉਣ ਲਈ ਅੱਗੇ ਆਉਣਾ ਹੋਵੇਗਾ। ਹਰ ਰੋਜ਼ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਪੜ੍ਹ ਲੈਣ ਮਗਰੋਂ ਉਸ 'ਤੇ ਅਮਲ ਕਰਨਾ ਵੀ ਲਾਜ਼ਮੀ ਹੈ, ਜਿਸ ਨੂੰ ਦੇਸ਼ ਦੀਆਂ ਹੱਦਾਂ ਤੋਂ ਅੱਗੇ, ਕੌਮਾਂਤਰੀ ਪੱਧਰ 'ਤੇ ਲਿਜਾਣ ਦੀ ਲੋੜ ਹੈ। ਰਹੀ ਗੱਲ ਬੰਬਾਂ, ਮਿਜ਼ਾਈਲਾਂ ਤੇ ਪ੍ਰਮਾਣੂ ਹਥਿਆਰਾਂ ਦੇ ਜ਼ਖੀਰੇ ਤਿਆਰ ਕਰ ਰਹੇ ਦੇਸਾਂ ਦੀ, ਅੱਜ ਐਟਮਾਂ ਦੇ ਘਾੜਿਆਂ ਤੇ ਬਾਰੂਦ ਦੇ ਵਣਜਾਰਿਆਂ ਨੂੰ ਵਾਸਤੇ ਪਾ ਕੇ ਦੁਨੀਆਂ ਨੂੰ ਤਬਾਹ ਹੋਣ ਤੋਂ ਬਚਾਉਣਾ ਹੋਵੇਗਾ।

ਇਜ਼ਰਾਇਲ ਵੱਲੋਂ ਫਲਸਤੀਨ ਵਿੱਚ ਹਜ਼ਾਰਾਂ ਬੱਚਿਆਂ ਦੀ ਕਤਲੋਗਾਰਤ ਅਜਿਹੇ ਦੁਖਦਾਈ ਮੰਜ਼ਰ ਬਿਆਨ ਕਰ ਰਹੀ ਹੈ। ਜਿਉਂਦੇ ਜਾਗਦੇ ਮਨੁੱਖਾਂ, ਕੁਦਰਤੀ ਰੁੱਤਾਂ, ਮੌਸਮਾਂ ਤੇ ਸਰੋਤਾਂ ਨੂੰ ਤਬਾਹ ਕਰਕੇ ਕਾਇਮ ਕੀਤੀ ਸੱਤਾ ਸ਼ਮਸ਼ਾਨਭੂਮੀ ਦੀ ਬਾਦਸ਼ਾਹਤ ਤੋਂ ਵੱਧ ਕੁਝ ਨਹੀਂ। ਅਜੋਕੇ ਯੁੱਗ ਵਿਚ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਦੇ ਸਮੂਹ ਮੁੱਦਿਆਂ ਨੂੰ ਵੀ ਵਿਚਾਰਨ ਦੀ ਲੋੜ ਹੈ, ਉਹ ਚਾਹੇ ਸਮਾਜੀ ਢਾਂਚੇ ਨਾਲ ਸੰਬੰਧਿਤ ਹੋਣ ਜਾਂ ਸਭਿਆਚਾਰਕ ਵਰਤਾਰੇ ਨਾਲ। ਗੁਰੂ ਨਾਨਕ ਦਰਸ਼ਨ ਕਿਰਤ ਕਰਨ, ਵੰਡ ਛਕਣ ਅਤੇ ਨਾਮ ਜਪਣ ਦੇ ਸਿਧਾਂਤ ਤੇ ਆਧਾਰਤ ਹੈ। ਵਿਸ਼ਵ ਗੁਰੂ ਨਾਨਕ ਸਾਹਿਬ ਨੇ ਸੰਸਾਰ ਨੂੰ ਸੱਚੀ-ਸੁੱਚੀ ਕਿਰਤ ਕਰਦਿਆਂ, ਵੰਡ ਕੇ ਛਕਣ ਦਾ ਉਪਦੇਸ਼ ਦਿੱਤਾ ਹੈ।

ਕਿਰਤੀ ਵਜੋਂ ਹੀ ਇਕ ਵਿਸ਼ੇਸ਼ ਰੂਪ ਕਿਸਾਨ ਅਤੇ ਕਿਸਾਨੀ ਨੂੰ ਗੁਰੂ ਸਾਹਿਬ ਨੇ ਆਪਣੇ ਜੀਵਨ ਵਿੱਚ ਖ਼ਾਸ ਮਹੱਤਵ ਦਿੱਤਾ। 'ਹਲ-ਵਾਹਕ' ਦੇ ਰੂਪ ਵਿੱਚ ਗੁਰੂ ਨਾਨਕ ਸਾਹਿਬ, ਦਸਾਂ ਨਹੁੰਆਂ ਦੀ ਕਿਰਤ ਦੀ ਮਹਾਨਤਾ ਉਜਾਗਰ ਕਰਨ ਲਈ, ਜੀਵਨ ਕਾਲ ਦੇ ਅੰਤਿਮ 18 ਵਰ੍ਹੇ ਰਾਵੀ ਕਿਨਾਰੇ ਵਸਾਏ ਨਗਰ ਕਰਤਾਰਪੁਰ ਸਾਹਿਬ ਵਿਖੇ ਕਿਸਾਨੀ ਕਰਦੇ ਹੋਏ, ਕਿਰਤੀ ਤੇ ਮਿਹਨਤਕਸ਼ਾਂ ਦੀ ਢਾਣੀ ਦੇ ਮੋਢੀ ਬਣੇ। ਕਿਸਾਨੀ ਹੱਕਾਂ ਲਈ ਜੂਝਣ ਵਾਲੇ ਬਹਾਦਰ ਲੋਕ ਗੁਰੂ ਨਾਨਕ ਸਾਹਿਬ ਦੇ ਰਾਹ ਦੇ ਪਾਂਧੀ ਹਨ, ਜਦਕਿ ਕਿਸਾਨ ਵਿਰੋਧੀ ਕਾਨੂੰਨਾਂ ਦੇ ਘਾੜੇ ਗੁਰੂ ਨਾਨਕ ਸਿਧਾਂਤ ਦੇ ਵਿਰੋਧੀ ਹਨ। ਗੁਰੂ ਨਾਨਕ ਸਾਹਿਬ ਵਲੋਂ ਇਸਤਰੀ ਜਾਤੀ ਨੂੰ ਇਖ਼ਲਾਕੀ ਪੱਧਰ 'ਤੇ ਉੱਚਾ ਰੁਤਬਾ ਦਿੱਤਾ ਗਿਆ ਅਤੇ ਸਤੀ ਪ੍ਰਥਾ ਤੇ ਬਾਲ ਵਿਆਹ ਆਦਿ ਦਾ ਖੰਡਨ ਕੀਤਾ ਗਿਆ। ਸਮੂਹਿਕ ਪੱਧਰ 'ਤੇ ਵਿਚਾਰਨਾ ਹੋਵੇਗਾ ਕਿ ਇਹਨਾਂ ਸਿੱਖਿਆਵਾਂ ਦੀ ਅੱਜ ਦੇ ਸਮੇਂ, ਸਾਢੇ ਪੰਜ ਸੌ ਸਾਲ ਪਹਿਲਾਂ ਨਾਲੋਂ ਵੱਧ ਲੋੜ ਹੈ। ਕਾਰਨ ਇਹ ਹੈ ਕਿ ਕਿਧਰੇ ਜਬਰ-ਜਿਨਾਹ, ਤਸ਼ੱਦਦ ਅਤੇ ਵਿਤਕਰੇ ਰਾਹੀਂ ਔਰਤ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤੇ ਕਿਧਰੇ ਦਾਜ-ਦਹੇਜ, ਲਾਲਚ ਅਤੇ ਲੁੱਟ-ਖਸੁੱਟ ਰਾਹੀਂ ਤਬਾਹ ਕੀਤਾ ਜਾ ਰਿਹਾ ਹੈ। ਨਿੱਤ ਅਜਿਹੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ, ਜਿਹਨਾਂ ਨੂੰ ਸੁਣਦਿਆਂ ਤੇ ਤਕਦਿਆਂ ਕਾਲਜਾ ਮੂੰਹ ਨੂੰ ਆਉਂਦਾ ਹੈ। ਇਥੋਂ ਤੱਕ ਕਿ ਸਿੱਖ ਸਮਾਜ ਵੀ ਇਹਨਾਂ ਤੋਂ ਨਹੀਂ ਬਚਿਆ ਹੋਇਆ। ਸਿੱਖ ਸੰਸਥਾਵਾਂ ਦੇ ਆਗੂਆਂ ਉੱਪਰ ਵੀ ਦਾਜ ਦਹੇਜ ਦੇ ਦੋਸ਼, ਭਰੂਣ ਹੱਤਿਆ ਦੇ ਜ਼ੁਰਮ ਸਿੱਧ ਹੋਣੇ ਸ਼ਰਮਨਾਕ ਵਰਤਾਰਾ ਹਨ। ਗੁਰੂ ਨਾਨਕ ਸਿਧਾਂਤ ਤਾਂ ਕੁੜੀਮਾਰ ਤੇ ਨੜੀਮਾਰ ਨਾਲ ਸਾਮਾਜਿਕ ਸਾਂਝ ਦੀ ਆਗਿਆ ਵੀ ਨਹੀਂ ਦਿੰਦਾ, ਤਦ ਅਜਿਹੇ ਲੋਕਾਂ ਦੀ ਸਿੱਖ ਜਗਤ ਵਿਚ ਸੱਤਾ 'ਤੇ ਕਾਬਜ਼ ਹੋਣ ਦੀ ਸੌੜੀ ਸਿਆਸਤ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਗੁਰੂ ਨਾਨਕ ਸਾਹਿਬ ਦੇ ਜੀਵਨ ਦਰਸ਼ਨ ਤੋਂ ਰੂਹਾਨੀ ਸੇਧ ਲੈ ਕੇ ਇਕੋ-ਇਕ ਰੱਬੀ ਸਿਧਾਂਤ ਨਾਲ ਜੁੜਿਆ ਜਾ ਸਕਦਾ ਹੈ। ਗੁਰੂ ਨਾਨਕ ਵਿਚਾਰਧਾਰਾ ਅੱਜ ਦੀਆਂ ਗੰਭੀਰ ਸਮੱਸਿਆਵਾਂ ਦਾ ਸਹੀ ਹੱਲ ਹੈ। ਅਧਿਆਤਮਕ ਚਿੰਤਨ ਅਤੇ ਧਾਰਮਿਕ ਵਿਚਾਰਧਾਰਾ ਪੱਖੋਂ ਵੀ ਅਜੋਕਾ ਸਮੇਂ ਠੋਸ ਫੈਸਲੇ ਲੈਣ ਦੀ ਲੋੜ ਹੈ। ਮਨੁੱਖੀ ਅਧਿਕਾਰਾਂ ਦੀ ਅਜ਼ਾਦੀ ਦੀ ਪ੍ਰਾਪਤੀ ਲਈ ਦ੍ਰਿੜ ਇਰਾਦੇ ਅਤੇ ਮਜ਼ਬੂਤ ਕਦਮ ਚੁੱਕਣੇ ਹੋਣਗੇ। ਅਜਿਹੇ ਮਨੁੱਖ ਦਾ ਖਾਧਾ ਪੀਤਾ ਸਭ ਹਰਾਮ ਹੈ, ਜਿਸ ਦੀ ਪੱਤ ਲੱਥੀ ਹੋਵੇ ਤੇ ਬੇ-ਗੈਰਤ ਹੋ ਕੇ ਜਿਉ ਰਿਹਾ ਹੋਵੇ ਤੇ ਉਸ ਨੂੰ ਹੱਕਾਂ ਨੂੰ ਵਾਂਝਿਆਂ ਰੱਖਿਆ ਗਿਆ ਹੋਵੇ। ਇਥੇ ਸਿੱਖ ਸਿਧਾਂਤ ਦਾ ਅਹਿਮ ਪਹਿਲੂ ਵਿਚਾਰਨਯੋਗ ਹੈ ਕਿ ਸਰਬੱਤ ਦੀ ਅਜ਼ਾਦੀ, ਸਰਬੱਤ ਦੇ ਭਲੇ ਦੇ ਹੱਕਾਂ ਲਈ ਖੜੇ ਹੋਣਾ ਹੀ ਗੁਰੂ ਨਾਨਕ ਫਲਸਫੇ ਨੂੰ ਅਮਲ ਵਿਚ ਲਿਆਉਣਾ ਹੈ।

ਇਸ ਦੀ ਮਿਸਾਲ ਹੈ ਕਿ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਸਾਹਿਬ ਜਨੇਊ ਪਾਉਣ ਤੋਂ ਇਨਕਾਰ ਕਰਕੇ, ਧੱਕੇ ਨਾਲ ਕੀਤੀ ਜਾਂਦੀ ਬਿਪਰਵਾਦੀ ਰੀਤੀ ਦਾ ਵਿਰੋਧ ਕਰਦੇ ਹਨ, ਜਦ ਕਿ 350 ਸਾਲ ਪਹਿਲਾਂ ਨੌਵੀ ਪਾਤਸ਼ਾਹੀ ਗੁਰੂ ਤੇਗ ਬਹਾਦਰ ਸਾਹਿਬ ਧਾਰਮਿਕ ਤੇ ਮਨੁੱਖੀ ਆਜ਼ਾਦੀ ਦੇ ਹੱਕ ਵਿੱਚ ਅਤੇ ਮੁਗਲ ਸਲਤਨਤ ਖਿਲਾਫ਼ ਆਵਾਜ਼ ਉਠਾਉਂਦੇ ਹੋਏ, ਸ਼ਹੀਦੀ ਪਾਉਂਦੇ ਹਨ।

ਗੁਰੂ ਨਾਨਕ ਫ਼ਲਸਫੇ ਦੀ ਪ੍ਰਸੰਗਿਕਤਾ ਉਦੋਂ ਹੋਰ ਵੀ ਵਧੇਰੇ ਵਧ ਜਾਂਦੀ ਹੈ, ਜਦੋਂ ਸਟੇਟ ਦੀ ਅਗਵਾਈ ਵਿਚ ਜਬਰੀ ਖਾਣ-ਪਹਿਨਣ ਦੇ ਨਾਂ 'ਤੇ ਧੱਕੇਸ਼ਾਹੀ ਹੋ ਰਹੀ ਹੈ, ਕਿਧਰੇ ਮਨੂਵਾਦੀਆਂ ਵਲੋਂ ਦੱਬੇ ਕੁਚਲੇ ਲੋਕਾਂ ਤੇ ਮੁਸਲਮਾਨਾਂ ਨੂੰ ਗਾਂ ਦੇ ਵਪਾਰ ਅਤੇ ਮੁਰਦਾ ਪਸ਼ੂ ਢੋਹਣ ਕਾਰਨ ਕਤਲ ਕੀਤਾ ਜਾ ਰਿਹਾ ਹੈ, ਕਿਧਰੇ ਮੁਸਲਿਮ ਲੋਕਾਂ ਨੂੰ ਭਾਰਤ ਮਾਂ ਦੀ ਜੈ ਜਾਂ ਜੈ ਸ੍ਰੀ ਰਾਮ ਨਾ ਬੋਲਣ 'ਤੇ ਮਾਰਿਆ ਜਾ ਰਿਹਾ ਹੈ।

ਅੱਜ ਤੋਂ 41 ਸਾਲ ਪਹਿਲਾਂ ਨਵੰਬਰ 1984 ਵਿਚ ਦਿੱਲੀ ਤੋਂ ਲੈ ਕੇ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿਚ, ਸਿੱਖਾਂ ਨੂੰ ਹਜ਼ਾਰਾਂ ਦੀ ਗਿਣਤੀ ਵਿਚ ਚੁਣ-ਚੁਣ ਕੇ ਜਿਉਂਦੇ ਸਾੜਨਾ, ਗੈਂਗ-ਰੇਪ ਕਰਨਾ ਅਤੇ ਘਰ-ਬਾਰ ਉਜਾੜ ਕੇ ਸਿੱਖਾਂ ਦੀ ਨਸਲਕੁਸ਼ੀ ਕਰਨੀ, ਇਸਦੀ ਨਾ ਭੁੱਲਣ ਯੋਗ ਅਤੇ ਨਾ ਬਖਸ਼ਣ ਯੋਗ ਮਿਸਾਲ ਹੈ। ਜੇਕਰ ਕਸ਼ਮੀਰੀ ਪੰਡਤਾਂ ਦੀ ਪੁਕਾਰ ਸੁਣ ਕੇ ਗੁਰੂ ਤੇਗ ਬਹਾਦਰ ਸਾਹਿਬ ਔਰੰਗਜ਼ੇਬ ਦੇ ਅੱਤਿਆਚਾਰ ਦਾ ਵਿਰੋਧ ਕਰਦੇ ਹਨ ਤੇ ਸ਼ਹੀਦੀ ਦਿੰਦੇ ਹਨ, ਕੀ ਦਿੱਲੀ ਵਿਚ ਬਿਪਰਵਾਦੀਆਂ ਤਾਕਤਾਂ ਦੁਆਰਾ ਸਰਕਾਰ ਦੀ ਸ਼ਹਿ 'ਤੇ ਕੀਤੀ ਨਸਲਕੁਸ਼ੀ ਵਿਰੁੱਧ ਆਵਾਜ਼ ਬੁਲੰਦ ਕਰਨਾ, ਸਭਨਾਂ ਦਾ ਫਰਜ਼ ਨਹੀਂ ਸੀ ਬਣਦਾ? ਕਿਧਰੇ ਉੜੀਸਾ ਵਿਚ ਈਸਾਈ ਪਾਦਰੀ ਨੂੰ ਬਜਰੰਗ ਦਲ ਵਲੋਂ ਬੱਚਿਆਂ ਤੇ ਪਰਿਵਾਰ ਸਮੇਤ ਜਿਉਂਦੇ ਸਾੜਿਆ ਜਾਣਾ ਵੀ ਬਹੁਗਿਣਤੀ ਤੇ ਹਿੰਦੂਤਵੀ ਤਾਕਤਾਂ ਦੇ ਜ਼ੁਲਮ ਦੀ ਦਿਲ ਕਮਾਉ ਦਾਸਤਾਨ ਹੈ।

ਗੁਰੂ ਨਾਨਕ ਰਾਜ ਸਿਧਾਂਤ ਮਨੁੱਖੀ ਹੱਕਾਂ ਦੀ ਆਜ਼ਾਦੀ ਨੂੰ ਲਾਗੂ ਕਰਨ ਲਈ ਸਾਮਾਜਿਕ ਬਰਾਬਰੀ ਨੂੰ ਆਧਾਰ ਬਣਾਉਂਦਾ ਹੈ। ਜੇਕਰ ਸਮਾਜ ਵਿਚ ਬਰਾਬਰੀ ਨਹੀਂ, ਤਾਂ ਅਜ਼ਾਦੀ ਦੀ ਪਰਿਭਾਸ਼ਾ ਵੀ ਇਕਸਾਰ ਨਹੀਂ ਹੋ ਸਕਦੀ। ਗੁਰੂ ਨਾਨਕ ਸਿਧਾਂਤ ਤਾਂ ਚਹੁੰ ਵਰਨਾਂ, ਸਭ ਨਸਲਾਂ-ਰੰਗਾਂ ਤੇ ਜਾਤਾਂ-ਲਿੰਗਾਂ ਨੂੰ ਬਰਾਬਰ ਲਿਆ ਕੇ, ਫਿਰ ਉਹਨਾਂ ਨੂੰ ਅਜ਼ਾਦੀ ਦੇ ਰਾਹ ਚੱਲਣ ਲਈ ਪ੍ਰੇਰਿਤ ਕਰਦਾ ਹੈ। ਜਿਸ ਸਮਾਜ ਵਿਚ ਬਰਾਬਰੀ ਨਹੀਂ, ਉੱਥੇ ਸਥਾਪਿਤ ਰਾਜਾਂ ਵਿਚ ਅਜ਼ਾਦੀ ਦਾ ਹੱਕ ਵੀ ਇਕ ਸਮਾਨ ਨਹੀਂ ਹੋ ਸਕਦਾ।ਮੂਲ ਰੂਪ ਵਿਚ ਗੁਰੂ ਨਾਨਕ ਸਾਹਿਬ ਵਲੋਂ ਜਿਸ ਸੱਚੇ ਪਾਤਸ਼ਾਹ ਦਾ ਹਲੇਮੀ, ਨਿਰਮਲ ਤੇ ਬੇਗਮਪੁਰਾ, ਜਿੱਥੇ 'ਦੁੱਖ, ਮੁਸੀਬਤਾਂ ਨਹੀਂ ਤੇ ਸਭ ਨਾਲ ਇਨਸਾਫ਼ ਹੈ' ਰਾਜ ਦਾ ਸਿਧਾਂਤ ਦਿੱਤਾ, ਉਹ ਵਰਗਾਂ-ਵੰਡਾਂ, ਕੌਮਾਂ-ਦੇਸਾਂ ਤੇ ਰਾਸ਼ਟਰਾਂ ਦੀਆਂ ਵਲਗਣਾਂ ਤੋਂ ਮੁਕਤ ਹੈ। ਅਜਿਹਾ ਰਾਜ ਸਭਨਾਂ ਲਈ ਮੁਕਤੀ ਦਾ ਮਾਰਗ ਵੀ ਹੈ ਤੇ ਬੇਗਮਪੁਰੇ ਦਾ ਪ੍ਰਤੀਕ ਵੀ। ਇਸ ਧਾਰਨਾ ਨੂੰ ਅਜੋਕੇ ਵਿਸ਼ਵ ਲਈ ਰਾਹ-ਦਸੇਰਾ ਮੰਨਦੇ ਹੋਏ ਇਹ ਪਾਵਨ ਸ਼ਬਦ ਮਾਰਗ ਦਰਸ਼ਨ ਕਹੇ ਜਾ ਸਕਦੇ ਹਨ :

ਹੁਣਿ ਹੁਕਮੁ ਹੋਆ ਮਿਹਰਵਾਣ ਦਾ॥
ਪੈ ਕੋਇ ਨ ਕਿਸੈ ਰਞਾਣਦਾ॥
ਸਭ ਸੁਖਾਲੀ ਵੁਠੀਆ ਇਹੁ ਹੋਆ ਹਲੇਮੀ ਰਾਜੁ ਜੀਉ॥
(ਗੁਰੂ ਗ੍ਰੰਥ ਸਾਹਿਬ : 74)




Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español


We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK


**1003 Moffat Blvd, Manteca CA 95336**

# 209-239-1551

# Chevron TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

WE HAVE THE CHEAPEST FARES TO INDIA

LEGEND TRAVEL



JATINDER SINGH

arc accredited agency
CST # 207524-40

Special Fares To India From West-coast (us) On Air India Direct Flights




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108, FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ। ਤੁਹਾਡੀ ਜਾਇਦਾਦ ਭਾਰਤ ਵੱਚਿ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਅਮਰੀਕਾ ਦੀ ਬਦਲੀ ਹੋਈ ਇਮੀਗ੍ਰੇਸ਼ਨ ਪਾਲਿਸੀ 'ਚ ਗ੍ਰੀਨ ਕਾਰਡ ਅਰਜ਼ੀਆਂ ਸਖ਼ਤ ਜਾਂਚ ਦੇ ਘੇਰੇ 'ਚ

# ਅਮਰੀਕਾ 'ਚ ਵਿਆਹ ਹੁਣ ਗ੍ਰੀਨ ਕਾਰਡ ਦੀ ਗਾਰੰਟੀ ਨਹੀਂ ਰਿਹਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਨਾਗਰਿਕ ਨਾਲ ਵਿਆਹ ਨੂੰ ਲੰਬੇ ਸਮੇਂ ਤੋਂ ਗ੍ਰੀਨ ਕਾਰਡ ਪ੍ਰਾਪਤ ਕਰਨ ਦਾ ਸਭ ਤੋਂ ਸੁਰੱਖਿਅਤ ਅਤੇ ਸਿੱਧਾ ਰਸਤਾ ਮੰਨਿਆ ਜਾਂਦਾ ਰਿਹਾ ਹੈ ਅਤੇ ਆਮ ਧਾਰਨਾ ਇਹ ਸੀ ਕਿ ਵਿਆਹ ਤੋਂ ਬਾਅਦ ਸਥਾਈ ਨਿਵਾਸ ਲਗਪਗ ਤੈਅ ਹੋ ਜਾਂਦਾ ਹੈ, ਪਰ ਅਮਰੀਕਾ ਦੀ ਇਮੀਗ੍ਰੇਸ਼ਨ ਨੀਤੀ ਵਿਚ ਆਏ ਹਾਲੀਆ ਬਦਲਾਅ ਤੋਂ ਬਾਅਦ ਇਹ ਧਾਰਨਾ ਟੁੱਟ ਚੁੱਕੀ ਹੈ।
ਹੁਣ ਵਿਆਹ ਆਪਣੇ ਆਪ ਵਿਚ ਗ੍ਰੀਨ ਕਾਰਡ ਦੀ ਗਾਰੰਟੀ ਨਹੀਂ ਰਿਹਾ। ਅਮਰੀਕੀ ਇਮੀਗ੍ਰੇਸ਼ਨ ਅਧਿਕਾਰੀ ਹੁਣ ਸਿਰਫ਼ ਇਹ ਨਹੀਂ ਦੇਖਦੇ ਕਿ ਵਿਆਹ ਕਾਨੂੰਨੀ ਤੌਰ 'ਤੇ ਹੋਇਆ ਹੈ ਜਾਂ ਨਹੀਂ, ਸਗੋਂ ਇਹ ਵੀ ਜਾਂਚਦੇ ਹਨ ਕਿ ਇਹ ਰਿਸ਼ਤਾ ਅਸਲੀ ਹੈ ਜਾਂ ਸਿਰਫ਼ ਇਮੀਗ੍ਰੇਸ਼ਨ ਲਾਭ ਹਾਸਲ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਹੈ ਅਤੇ ਇਸੇ ਬਦਲੇ ਹੋਏ ਨਜ਼ਰੀਏ ਕਾਰਨ ਹਜ਼ਾਰਾਂ ਵਿਆਹ ਆਧਾਰਿਤ ਗ੍ਰੀਨ ਕਾਰਡ ਅਰਜ਼ੀਆਂ ਹੁਣ ਸਖ਼ਤ ਜਾਂਚ ਦੇ ਘੇਰੇ ਵਿਚ ਹਨ।
ਹਾਲਾਂਕਿ ਅਮਰੀਕੀ ਨਾਗਰਿਕਾਂ ਦੇ ਜੀਵਨ ਸਾਥੀ ਅਜੇ ਵੀ 'ਇਮੀਡੀਏਟ ਰਿਲੇਟਿਵ' ਦੀ ਸ਼੍ਰੇਣੀ 'ਚ ਆਉਂਦੇ ਹਨ, ਜਿਸਦਾ ਮਤਲਬ ਹੈ ਕਿ ਉਹ ਬਿਨਾਂ ਕਿਸੇ ਲੰਬੀ ਉਡੀਕ ਦੇ ਅਪਲਾਈ ਕਰ ਸਕਦੇ ਹਨ, ਪਰ ਪਾਤਰਤਾ ਅਤੇ ਮਨਜ਼ੂਰੀ ਦੇ ਵਿਚਕਾਰ ਦਾ ਅੰਤਰ ਹੁਣ ਬਹੁਤ ਵਧ ਗਿਆ ਹੈ; ਇਮੀਗ੍ਰੇਸ਼ਨ ਮਾਹਿਰਾਂ ਅਤੇ ਮਸ਼ਹੂਰ ਵਕੀਲ ਬ੍ਰੈਡ ਬਰਨਸਟਾਈਨ ਅਨੁਸਾਰ ਹੁਣ ਵਿਆਹ ਨਹੀਂ, ਸਗੋਂ ਵਿਆਹ ਦੇ ਪਿੱਛੇ ਦੀ ਮਨਸ਼ਾ ਸਭ ਤੋਂ ਅਹਿਮ ਹੋ ਗਈ ਹੈ।
ਯੂ.ਐੱਸ.ਸੀ.ਆਈ.ਐੱਸ. ਨੇ ਜਾਂਚ ਦਾ ਦਾਇਰਾ ਵਧਾਉਂਦੇ ਹੋਏ ਹੁਣ ਇਹ ਦੇਖਣਾ ਸ਼ੁਰੂ ਕਰ ਦਿੱਤਾ ਹੈ ਕਿ ਕੀ ਜੋੜਾ ਅਸਲ ਵਿਚ ਪਤੀ-ਪਤਨੀ ਵਾਂਗ ਇਕੱਠੇ ਰਹਿ ਰਿਹਾ ਹੈ, ਕੀ ਰਿਸ਼ਤਾ ਸਮੇਂ ਦੇ ਨਾਲ ਵਿਕਸਿਤ ਹੋਇਆ ਹੈ ਅਤੇ ਕੀ ਇੰਟਰਵਿਊ ਦੌਰਾਨ ਦਿੱਤੇ ਬਿਆਨ ਦਸਤਾਵੇਜ਼ਾਂ ਨਾਲ ਮੇਲ ਖਾਂਦੇ ਹਨ, ਜਿਸ ਨੂੰ 'ਟੋਟੈਲਿਟੀ ਆਫ ਦਿ ਰਿਲੇਸ਼ਨਸ਼ਿਪ' ਕਿਹਾ ਜਾਂਦਾ ਹੈ।
ਨਵੀਂ ਸਖ਼ਤੀ ਵਿਚ 'ਸਹਿ-ਨਿਵਾਸ' ਯਾਨੀ ਇਕੱਠੇ ਰਹਿਣਾ ਸਭ ਤੋਂ ਵੱਡੀ ਕਸੌਟੀ ਬਣ ਗਿਆ ਹੈ ਅਤੇ ਜੇਕਰ ਕੋਈ ਜੋੜਾ ਨੌਕਰੀ ਜਾਂ ਪੜ੍ਹਾਈ ਕਾਰਨ ਵੱਖ-ਵੱਖ ਸ਼ਹਿਰਾਂ ਵਿਚ ਰਹਿੰਦਾ ਹੈ, ਤਾਂ ਉਹ ਸਿੱਧਾ ਸ਼ੱਕ ਦੇ ਘੇਰੇ ਵਿਚ ਆ ਜਾਂਦਾ ਹੈ ਕਿਉਂਕਿ ਅਧਿਕਾਰੀਆਂ ਦਾ ਮੰਨਣਾ ਹੈ ਕਿ ਅਸਲੀ ਵਿਆਹ ਵਿਚ ਜੋੜਾ ਰੋਜ਼ਾਨਾ ਜੀਵਨ ਸਾਂਝਾ ਕਰਦਾ ਹੈ। ਇੰਨਾ ਹੀ ਨਹੀਂ, ਅਧਿਕਾਰੀ ਹੁਣ ਅਚਾਨਕ ਘਰਾਂ ਵਿਚ ਜਾ ਕੇ ਬੈੱਡਰੂਮ, ਅਲਮਾਰੀਆਂ ਅਤੇ ਸਾਂਝੀਆਂ ਵਸਤੂਆਂ ਦੀ ਜਾਂਚ ਕਰ ਰਹੇ ਹਨ ਅਤੇ ਗੁਆਂਢੀਆਂ ਤੋਂ ਵੀ ਪੁੱਛਗਿੱਛ ਕਰਦੇ ਹਨ, ਜੋ ਕਿ ਸਿਰਫ ਦਸਤਾਵੇਜ਼ਾਂ 'ਤੇ ਭਰੋਸਾ ਕਰਨ ਵਾਲੇ ਬਿਨੈਕਾਰਾਂ ਲਈ ਹੈਰਾਨ ਕਰਨ ਵਾਲਾ ਹੈ।
ਪਹਿਲਾਂ ਸਿਰਫ਼ ਵਿਆਹ ਦਾ ਸਰਟੀਫਿਕੇਟ ਅਤੇ ਕੁਝ ਤਸਵੀਰਾਂ ਕਾਫ਼ੀ ਹੁੰਦੀਆਂ ਸਨ, ਪਰ ਹੁਣ ਸਾਂਝੇ ਬੈਂਕ ਖਾਤੇ, ਸਾਂਝੇ ਖਰਚੇ, ਟੈਕਸ ਰਿਟਰਨ ਅਤੇ ਪਰਿਵਾਰਕ ਪ੍ਰੋਗਰਾਮਾਂ ਦੇ ਠੋਸ ਸਬੂਤਾਂ ਦੀ ਲੋੜ ਹੁੰਦੀ ਹੈ ਅਤੇ ਜੇ ਅਧਿਕਾਰੀਆਂ ਨੂੰ ਲੱਗੇ ਕਿ ਵਿਆਹ ਦਾ ਮੁੱਖ ਉਦੇਸ਼ ਸਿਰਫ਼ ਗ੍ਰੀਨ ਕਾਰਡ ਲੈਣਾ ਸੀ, ਤਾਂ ਪੂਰੀ ਤਰ੍ਹਾਂ ਵੈਧ ਅਤੇ ਰਜਿਸਟਰਡ ਵਿਆਹ ਨੂੰ ਵੀ ਖਾਰਜ ਕੀਤਾ ਜਾ ਸਕਦਾ ਹੈ। ਇਹ ਸਖ਼ਤੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਕਾਰਜਕਾਲ ਦੌਰਾਨ ਵਿਆਪਕ ਇਮੀਗ੍ਰੇਸ਼ਨ ਨੀਤੀ ਨੂੰ ਸਖ਼ਤ ਬਣਾਉਣ ਦੀ ਮੁਹਿੰਮ ਦਾ ਹਿੱਸਾ ਹੈ, ਤਾਂ ਜੋ ਫਰਜ਼ੀ ਵਿਆਹਾਂ ਅਤੇ ਏਜੰਟਾਂ ਦੇ ਨੈੱਟਵਰਕ ਨੂੰ ਰੋਕਿਆ ਜਾ ਸਕੇ, ਜਿਸ ਦੀ ਪੁਸ਼ਟੀ ਹੋਮਲੈਂਡ ਸਕਿਉਰਿਟੀ ਸਕੱਤਰ ਕ੍ਰਿਸਟੀ ਨੋਏਮ ਨੇ ਵੀ ਕੀਤੀ ਹੈ।
ਇਸ ਦਾ ਸਭ ਤੋਂ ਵੱਧ ਅਸਰ ਉਨ੍ਹਾਂ ਲੋਕਾਂ 'ਤੇ ਪੈ ਰਿਹਾ ਹੈ, ਜੋ ਵਿਆਹ ਤੋਂ ਬਾਅਦ ਵੱਖ ਰਹਿੰਦੇ ਹਨ ਜਾਂ ਜਿਨ੍ਹਾਂ ਦਾ ਵਿਆਹ ਬਹੁਤ ਜਲਦੀ ਤੈਅ ਹੋਇਆ ਸੀ, ਇਸ ਲਈ ਮਾਹਿਰਾਂ ਦੀ ਸਲਾਹ ਹੈ ਕਿ ਬਿਨੈਕਾਰਾਂ ਨੂੰ ਹੁਣ ਕਾਨੂੰਨੀ ਸਲਾਹ ਲੈਣ, ਸਾਂਝੇ ਜੀਵਨ ਦੇ ਸਬੂਤ ਸੰਭਾਲ ਕੇ ਰੱਖਣ ਅਤੇ ਇੰਟਰਵਿਊ ਵਿਚ ਸਪੱਸ਼ਟ ਜਵਾਬ ਦੇਣ ਵਰਗੀ ਸਾਵਧਾਨੀ ਵਰਤਣੀ ਚਾਹੀਦੀ ਹੈ।




# ਟਰੰਪ ਵੱਲੋਂ ਈਰਾਨ ਨੂੰ ਸਿੱਧੀ ਧਮਕੀ

# ਜੇ ਗੋਲੀ ਚਲਾਈ ਤਾਂ ਅਸੀਂ ਵੀ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ- ਟਰੰਪ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਈਰਾਨੀ ਅਧਿਕਾਰੀਆਂ ਨੂੰ ਬੇਹੱਦ ਸਖ਼ਤ ਸ਼ਬਦਾਂ ਵਿਚ ਚਿਤਾਵਨੀ ਦਿੱਤੀ ਹੈ। ਟਰੰਪ ਨੇ ਕਿਹਾ ਹੈ ਕਿ ਜੇਕਰ ਈਰਾਨੀ ਪ੍ਰਸ਼ਾਸਨ ਨੇ ਆਪਣੀਆਂ ਆਰਥਿਕ ਹਾਲਤਾਂ ਵਿਰੁੱਧ ਪ੍ਰਦਰਸ਼ਨ ਕਰ ਰਹੇ ਸ਼ਾਂਤਮਈ ਨਾਗਰਿਕਾਂ ਵਿਰੁੱਧ ਹਿੰਸਾ ਦੀ ਵਰਤੋਂ ਕੀਤੀ, ਤਾਂ ਅਮਰੀਕਾ ਇਸ ਦਾ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ।
ਆਪਣੀ ਇੱਕ 'ਟਰੂਥ ਸੋਸ਼ਲ' ਪੋਸਟ ਵਿਚ ਰਾਸ਼ਟਰਪਤੀ ਟਰੰਪ ਨੇ ਲਿਖਿਆ, "ਜੇਕਰ ਈਰਾਨ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਨੂੰ ਗੋਲੀ ਮਾਰਦਾ ਹੈ ਜਾਂ ਹਿੰਸਕ ਤਰੀਕੇ ਨਾਲ ਮਾਰਦਾ ਹੈ, ਜੋ ਕਿ ਉਨ੍ਹਾਂ ਦਾ ਦਸਤੂਰ ਰਿਹਾ ਹੈ, ਤਾਂ ਸੰਯੁਕਤ ਰਾਜ ਅਮਰੀਕਾ ਉਨ੍ਹਾਂ ਦੀ ਮਦਦ ਲਈ ਅੱਗੇ ਆਵੇਗਾ। ਅਸੀਂ ਪੂਰੀ ਤਰ੍ਹਾਂ ਤਿਆਰ ਹਾਂ।"
ਸਰੋਤਾਂ ਅਨੁਸਾਰ, ਈਰਾਨ ਦੇ ਕਈ ਸੂਬਿਆਂ ਵਿਚ ਲੋਕ ਵਧਦੀਆਂ ਕੀਮਤਾਂ ਅਤੇ ਮਾੜੀ ਆਰਥਿਕ ਸਥਿਤੀ ਦੇ ਵਿਰੋਧ ਵਿਚ ਸੜਕਾਂ 'ਤੇ ਉਤਰੇ ਹੋਏ ਹਨ। ਇਹ ਪ੍ਰਦਰਸ਼ਨ ਹੌਲੀ-ਹੌਲੀ ਹਿੰਸਕ ਰੂਪ ਧਾਰਨ ਕਰ ਰਹੇ ਹਨ। ਲਾਰਡਗਨ ਕਾਉਂਟੀ ਵਿਚ ਪ੍ਰਦਰਸ਼ਨਕਾਰੀਆਂ ਅਤੇ ਪੁਲਿਸ ਵਿਚਾਲੇ ਹੋਈਆਂ ਝੜਪਾਂ ਵਿਚ ਘੱਟੋ-ਘੱਟ ਦੋ ਲੋਕਾਂ ਦੀ ਮੌਤ ਹੋ ਗਈ ਹੈ। ਕੂਹਦਸ਼ਤ ਸ਼ਹਿਰ ਵਿਚ ਇੱਕ ਬਾਸੀਜ਼ ਅਰਧ ਸੈਨਿਕ ਬਲ ਦਾ ਜਵਾਨ ਮਾਰਿਆ ਗਿਆ ਅਤੇ 13 ਹੋਰ ਜ਼ਖਮੀ ਹੋ ਗਏ। ਪ੍ਰਦਰਸ਼ਨਕਾਰੀਆਂ ਵੱਲੋਂ ਸਰਕਾਰੀ ਇਮਾਰਤਾਂ, ਬੈਂਕਾਂ ਅਤੇ ਪੁਲਿਸ ਦੀਆਂ ਗੱਡੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਵੀ ਖਬਰਾਂ ਹਨ।
ਈਰਾਨੀ ਪ੍ਰਸ਼ਾਸਨ ਨੇ ਪ੍ਰਦਰਸ਼ਨਾਂ ਨੂੰ ਦਬਾਉਣ ਲਈ ਸਖ਼ਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਕੂਹਦਸ਼ਤ ਵਿਚ 20 ਅਤੇ ਮਲਾਰਡ ਕਾਉਂਟੀ ਵਿਚ 30 ਦੇ ਕਰੀਬ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਦੂਜੇ ਪਾਸੇ, ਅਮਰੀਕੀ ਵਿਦੇਸ਼ ਵਿਭਾਗ ਨੇ ਵੀ ਈਰਾਨ ਵਿਚ ਹੋ ਰਹੀਆਂ ਗ੍ਰਿਫਤਾਰੀਆਂ ਅਤੇ ਹਿੰਸਾ 'ਤੇ ਚਿੰਤਾ ਜ਼ਾਹਰ ਕੀਤੀ ਹੈ ਅਤੇ ਕਿਹਾ ਹੈ ਕਿ ਪੂਰਾ ਦੇਸ਼ ਹੁਣ ਇੱਕਜੁੱਟ ਹੋ ਕੇ ਆਪਣੇ ਹੱਕਾਂ ਦੀ ਮੰਗ ਕਰ ਰਿਹਾ ਹੈ। ਇਹ ਪ੍ਰਦਰਸ਼ਨ ਸਾਲ 2022 ਵਿਚ ਮਹਸਾ ਅਮੀਨੀ ਦੀ ਮੌਤ ਤੋਂ ਬਾਅਦ ਹੋਏ ਪ੍ਰਦਰਸ਼ਨਾਂ ਤੋਂ ਬਾਅਦ ਹੁਣ ਤੱਕ ਦੇ ਸਭ ਤੋਂ ਵੱਡੇ ਪ੍ਰਦਰਸ਼ਨ ਮੰਨੇ ਜਾ ਰਹੇ ਹਨ।



## ਭਾਰਤ ਸਰਕਾਰ ਦੀ 'ਐਕਸ' ਨੂੰ ਸਖ਼ਤ ਚੇਤਾਵਨੀ

## ਅਸ਼ਲੀਲ ਅਤੇ ਗੈਰ-ਕਾਨੂੰਨੀ ਸਮੱਗਰੀ ਤੁਰੰਤ ਹਟਾਉਣ ਦੇ ਆਦੇਸ਼

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਕੇਂਦਰ ਸਰਕਾਰ ਨੇ ਐਲਨ ਮਸਕ ਦੀ ਸੋਸ਼ਲ ਮੀਡੀਆ ਕੰਪਨੀ ਐਕਸ ਨੂੰ ਇੱਕ ਸਖ਼ਤ ਨੋਟਿਸ ਜਾਰੀ ਕਰਦਿਆਂ ਸਾਰੀ ਅਸ਼ਲੀਲ ਅਤੇ ਗੈਰ-ਕਾਨੂੰਨੀ ਸਮੱਗਰੀ ਨੂੰ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਹਨ। ਇਲੈਕਟ੍ਰਾਨਿਕਸ ਅਤੇ ਆਈ.ਟੀ. ਮੰਤਰਾਲੇ (ਇਟੇ) ਨੇ ਵਿਸ਼ੇਸ਼ ਤੌਰ 'ਤੇ ਗਰੋਕ ਏ.ਆਈ ਐਪ ਦੀ ਦੁਰਵਰਤੋਂ 'ਤੇ ਚਿੰਤਾ ਪ੍ਰਗਟਾਈ ਹੈ, ਜਿਸ ਰਾਹੀਂ ਔਰਤਾਂ ਦੀਆਂ ਅਸ਼ਲੀਲ ਅਤੇ ਇਤਰਾਜ਼ਯੋਗ ਤਸਵੀਰਾਂ ਬਣਾਈਆਂ ਜਾ ਰਹੀਆਂ ਹਨ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ 'ਐਕਸ' ਨੇ ਆਈ.ਟੀ. ਐਕਟ, 2000 ਅਤੇ ਆਈ.ਟੀ. ਨਿਯਮਾਂ, 2021 ਦੀ ਪਾਲਣਾ ਨਾ ਕੀਤੀ, ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਕੰਪਨੀ ਨੂੰ ਇਸ ਸਬੰਧੀ ਰਿਪੋਰਟ 72 ਘੰਟਿਆਂ ਦੇ ਅੰਦਰ ਜਮ੍ਹਾ ਕਰਨ ਲਈ ਕਿਹਾ ਗਿਆ ਹੈ। ਇਹ ਕਾਰਵਾਈ ਰਾਜ ਸਭਾ ਮੈਂਬਰ ਪ੍ਰਿਅੰਕਾ ਚਤੁਰਵੇਦੀ ਵੱਲੋਂ ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੂੰ ਲਿਖੇ ਪੱਤਰ ਤੋਂ ਬਾਅਦ ਅਮਲ ਵਿਚ ਲਿਆਂਦੀ ਗਈ ਹੈ, ਜਿਸ ਵਿਚ ਉਨ੍ਹਾਂ ਨੇ ਗਰੋਕ ਏ.ਆਈ. ਰਾਹੀਂ ਔਰਤਾਂ ਨੂੰ ਨਿਸ਼ਾਨਾ ਬਣਾਉਣ ਅਤੇ ਉਨ੍ਹਾਂ ਦੇ ਅਕਸ ਨੂੰ ਖਰਾਬ ਕਰਨ ਵਾਲੀ ਸਮੱਗਰੀ 'ਤੇ ਤੁਰੰਤ ਰੋਕ ਲਗਾਉਣ ਦੀ ਮੰਗ ਕੀਤੀ ਸੀ। ਮੰਤਰਾਲੇ ਨੇ ਐਕਸ ਨੂੰ ਆਪਣੇ ਸੁਰੱਖਿਆ ਮਾਪਦੰਡਾਂ ਅਤੇ ਗਰੋਕ ਦੇ ਤਕਨੀਕੀ ਢਾਂਚੇ ਦੀ ਸਮੀਖਿਆ ਕਰਨ ਲਈ ਕਿਹਾ ਹੈ, ਤਾਂ ਜੋ ਅਜਿਹੀ ਸਮੱਗਰੀ ਦਾ ਉਤਪਾਦਨ ਰੋਕਿਆ ਜਾ ਸਕੇ। ਸਰਕਾਰ ਨੇ ਚੇਤਾਵਨੀ ਦਿੱਤੀ ਹੈ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਪਲੇਟਫਾਰਮ ਦੇ ਅਧਿਕਾਰੀਆਂ ਅਤੇ ਸਬੰਧਤ ਉਪਭੋਗਤਾਵਾਂ ਨੂੰ ਭਾਰਤੀ ਨਿਆਇਕ ਸੰਹਿਤਾ ਅਤੇ ਹੋਰ ਕਾਨੂੰਨਾਂ ਤਹਿਤ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ।



# ਕੈਨੇਡਾ ਤੋਂ ਆਈ ਔਰਤ ਦਾ

# ਕਪੂਰਥਲਾ 'ਚ ਦਿਨ-ਦਿਹਾੜੇ ਕਤਲ

ਕਪੂਰਥਲਾ
ਸਾਂਝੀ ਸੋਚ ਬਿਊਰੋ

ਕਪੂਰਥਲਾ ਵਿਖੇ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਇਥੋਂ ਦੇ ਸੀਨਪੁਰਾ ਮੁਹੱਲੇ ਦੋ ਬਾਈਕ ਸਵਾਰ ਬਦਮਾਸ਼ਾਂ ਨੇ ਇਕ 48 ਸਾਲਾ ਮਹਿਲਾ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ। ਮ੍ਰਿਤਕਾ ਦੀ ਪਛਾਣ ਹੇਮਪ੍ਰੀਤ ਕੌਰ ਵਜੋਂ ਹੋਈ ਹੈ, ਜੋਕਿ ਕਰੀਬ ਇਕ ਮਹੀਨਾ ਪਹਿਲਾਂ ਹੀ ਕੈਨੇਡਾ ਤੋਂ ਵਾਪਸ ਪਰਤੀ ਸੀ। ਉਸ ਨੇ ਇਕ ਦਿਨ ਪਹਿਲਾਂ ਹੀ ਆਪਣਾ ਸੈਲੂਨ ਸ਼ੁਰੂ ਕੀਤਾ ਸੀ। ਵਾਰਦਾਤ ਦਾ ਵੇਰਵਾ ਜਾਣਕਾਰੀ ਅਨੁਸਾਰ ਇਹ ਘਟਨਾ ਸ਼ਾਮ ਕਰੀਬ 4 ਵਜੇ ਵਾਪਰੀ। ਦੋ ਹਮਲਾਵਰ ਮੋਟਰਸਾਈਕਲਾਂ 'ਤੇ ਆਏ ਸਨ। ਡੀਐੱਸਪੀ ਸ਼ੀਤਲ ਸਿੰਘ ਨੇ ਦੱਸਿਆ ਕਿ ਜਦੋਂ ਹੇਮਪ੍ਰੀਤ ਕੌਰ ਘਰ ਵਿਚ ਇਕੱਲੀ ਸੀ, ਤਾਂ ਇਕ ਹਮਲਾਵਰ ਘਰ ਦੇ ਅੰਦਰ ਦਾਖ਼ਲ ਹੋਇਆ ਅਤੇ ਉਸ 'ਤੇ ਕਰੀਬ 4 ਰਾਊਂਡ ਫਾਇਰਿੰਗ ਕੀਤੀ। ਮੁਹੱਲੇ ਦੇ ਇਕ ਵਿਅਕਤੀ ਨੇ ਹਮਲਾਵਰ ਨੂੰ ਰੋਕਣ ਲਈ ਘਰ ਦਾ ਗੇਟ ਬੰਦ ਕਰਨ ਦੀ ਕੋਸ਼ਿਸ਼ ਵੀ ਕੀਤੀ ਪਰ ਮੁਲਜ਼ਮ ਹਵਾਈ ਫਾਇਰਿੰਗ ਕਰਦਾ ਹੋਇਆ ਆਪਣੇ ਸਾਥੀ ਨਾਲ ਫਰਾਰ ਹੋਣ ਵਿਚ ਕਾਮਯਾਬ ਹੋ ਗਿਆ। ਦੱਸਿਆ ਜਾ ਰਿਹਾ ਹੈ ਕਿ ਹੇਮਪ੍ਰੀਤ ਦਾ ਆਪਣੇ ਪਤੀ ਨਾਲ ਤਲਾਕ ਹੋ ਚੁੱਕਾ ਸੀ। ਉਸ ਦਾ ਪਤੀ ਅਤੇ ਪੁੱਤਰ ਇਸ ਸਮੇਂ ਵਿਦੇਸ਼ ਵਿਚ ਹੀ ਰਹਿ ਰਹੇ ਹਨ। ਵਾਰਦਾਤ ਤੋਂ ਬਾਅਦ ਇਲਾਕੇ 'ਚ ਸਹਿਮ ਦਾ ਮਾਹੌਲ ਹੈ ਅਤੇ ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਪੂਰੇ ਇਲਾਕੇ ਨੂੰ ਘੇਰ ਲਿਆ ਹੈ।




ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਸਰਕਾਰ ਦੀ ਸਾਲ 2026 ਦੀ ਡਾਇਰੀ ਅਤੇ ਕੈਲੰਡਰ ਜਾਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਪਣੀ ਸਰਕਾਰੀ ਰਿਹਾਇਸ਼ ਵਿਖੇ ਸਾਲ 2026 ਲਈ ਪੰਜਾਬ ਸਰਕਾਰ ਦੀ ਅਧਿਕਾਰਤ ਡਾਇਰੀ ਅਤੇ ਕੈਲੰਡਰ ਜਾਰੀ ਕੀਤਾ ਹੈ, ਜੋ ਸਰਕਾਰ ਦੇ ਰੋਜ਼ਾਨਾ ਦੇ ਕੰਮਕਾਜ ਬਾਰੇ ਜਾਣਕਾਰੀ ਦੇਣ ਲਈ ਇੱਕ ਅਹਿਮ ਸੰਸਥਾਗਤ ਪ੍ਰਕਾਸ਼ਨ ਹੈ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਕੈਲੰਡਰ ਅਤੇ ਡਾਇਰੀ ਦਾ ਲੇਆਉਟ ਡਿਜ਼ਾਈਨ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੁਆਰਾ ਤਿਆਰ ਕੀਤਾ ਗਿਆ ਅਤੇ ਕੰਟਰੋਲਰ ਪ੍ਰਿੰਟਿੰਗ ਤੇ ਸਟੇਸ਼ਨਰੀ ਵਿਭਾਗ ਦੁਆਰਾ ਛਾਪਿਆ ਗਿਆ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਸਕੱਤਰ ਸੂਚਨਾ ਅਤੇ ਲੋਕ ਸੰਪਰਕ ਰਾਮਵੀਰ ਸਿੰਘ, ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਮਲ ਸੇਤੀਆ ਅਤੇ ਹੋਰ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਦੇ 307ਵੇਂ ਦਿਨ ਪੰਜਾਬ ਪੁਲਿਸ ਵੱਲੋਂ 1.5 ਕਿਲੋ ਹੈਰੋਇਨ ਸਮੇਤ 93 ਨਸ਼ਾ ਤਸਕਰ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ 'ਤੇ ਵਿੱਢੇ ਗਏ "ਯੁੱਧ ਨਸ਼ਿਆਂ ਵਿਰੁੱਧ" ਦੇ 307ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 318 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 74 ਐਫਆਈਆਰਜ਼ ਦਰਜ ਕਰਕੇ 93 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 307 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 42,888 ਹੋ ਗਈ ਹੈ। ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.5 ਕਿਲੋ ਹੈਰੋਇਨ, 14 ਕਿਲੋ ਭੁੱਕੀ, 993 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 4450 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਇਸ ਆਪ੍ਰੇਸ਼ਨ ਦੌਰਾਨ 70 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 318 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 333 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 28 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਜਰਮਨੀ 'ਚ ਭਾਰਤੀ ਵਿਦਿਆਰਥੀ ਦੀ ਮੌਤ


ਬਰਲਿਨ
ਸਾਂਝੀ ਸੋਚ ਬਿਊਰੋ

ਪੜ੍ਹਾਈ ਲਈ ਜਰਮਨੀ ਗਏ ਤੇਲੰਗਾਨਾ ਦੇ ਇੱਕ ਨੌਜਵਾਨ ਦੀ ਜਰਮਨੀ 'ਚ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ ਰਿਤਿਕ ਰੈਡੀ (25) ਵਜੋਂ ਹੋਈ ਹੈ, ਜੋ ਤੇਲੰਗਾਨਾ ਦੇ ਜੰਗਾਓਂ ਜ਼ਿਲ੍ਹੇ ਦੇ ਮਲਕਾਪੁਰ ਪਿੰਡ ਦਾ ਰਹਿਣ ਵਾਲਾ ਸੀ। ਉਸਦਾ ਪਰਿਵਾਰ ਸੰਕ੍ਰਾਂਤੀ ਤਿਉਹਾਰ ਲਈ ਉਸਦੇ ਘਰ ਵਾਪਸ ਆਉਣ ਦੀ ਬੇਸਬਰੀ ਨਾਲ ਉਡੀਕ ਕਰ ਰਿਹਾ ਸੀ। ਪਰ ਨਵੇਂ ਸਾਲ ਦੇ ਪਹਿਲੇ ਦਿਨ ਹੀ ਦੁਖਾਂਤ ਵਾਪਰ ਗਿਆ। ਉਸਦੇ ਦੇਹਾਂਤ ਦੀ ਖ਼ਬਰ ਨਾਲ ਪਰਿਵਾਰ 'ਚ ਸੋਗ ਹੈ। ਦੱਸਿਆ ਜਾ ਰਿਹਾ ਹੈ ਕਿ ਦੇਰ ਰਾਤ 25 ਸਾਲਾ ਰਿਤਿਕ ਰੈਡੀ ਦੇ ਅਪਾਰਟਮੈਂਟ ਵਿੱਚ ਅੱਗ ਲੱਗ ਗਈ ਸੀ।

ਉਸਨੇ ਅੱਗ ਦੀਆਂ ਲਪਟਾਂ ਅਤੇ ਸੰਘਣੇ ਧੂੰਏਂ ਤੋਂ ਬਚਣ ਦੀ ਕੋਸ਼ਿਸ਼ ਵਿੱਚ ਅਪਾਰਟਮੈਂਟ ਦੀ ਉੱਪਰਲੀ ਮੰਜ਼ਿਲ ਤੋਂ ਛਾਲ ਮਾਰ ਦਿੱਤੀ। ਰਿਪੋਰਟਾਂ ਅਨੁਸਾਰ, ਉਸਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਸਨ। ਉਸਨੂੰ ਇਲਾਜ ਲਈ ਤੁਰੰਤ ਨੇੜਲੇ ਹਸਪਤਾਲ ਲਿਜਾਇਆ ਗਿਆ, ਪਰ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਰਿਤਿਕ ਦੀ ਮੌਤ ਤੋਂ ਬਾਅਦ ਉਸਦੇ ਪਰਿਵਾਰ ਅਤੇ ਦੋਸਤਾਂ ਨੇ ਵਿਦੇਸ਼ ਮੰਤਰਾਲੇ ਅਤੇ ਜਰਮਨੀ ਵਿੱਚ ਭਾਰਤੀ ਦੂਤਾਵਾਸ ਨਾਲ ਸੰਪਰਕ ਕੀਤਾ ਹੈ, ਅਤੇ ਉਸਦੀ ਲਾਸ਼ ਨੂੰ ਅੰਤਿਮ ਸੰਸਕਾਰ ਲਈ ਉਸਦੇ ਜੱਦੀ ਪਿੰਡ ਵਾਪਸ ਲਿਆਉਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਦੀ ਮੰਗ ਕੀਤੀ ਹੈ। ਦੂਜੇ ਪਾਸੇ, ਜਰਮਨੀ ਦੇ ਸਥਾਨਕ ਅਧਿਕਾਰੀ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕਰ ਰਹੇ ਹਨ।

# ਭ੍ਰਿਸ਼ਟਾਚਾਰ ਮਾਮਲਾ: ਸੀ.ਬੀ.ਆਈ. ਅਦਾਲਤ ਵੱਲੋਂ ਹਰਚਰਨ ਭੁੱਲਰ ਨੂੰ ਜ਼ਮਾਨਤ ਦੇਣ ਤੋਂ ਇਨਕਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸੀ.ਬੀ.ਆਈ. ਦੀ ਅਦਾਲਤ ਨੇ ਭ੍ਰਿਸ਼ਟਾਚਾਰ ਮਾਮਲੇ 'ਚ ਗ੍ਰਿਫ਼ਤਾਰ ਕੀਤੇ ਗਏ ਪੰਜਾਬ ਪੁਲਿਸ ਦੇ ਸਾਬਕਾ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਵੱਲੋਂ ਦਾਇਰ ਕੀਤੀ ਗਈ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਹੈ। ਇਸ ਮਾਮਲੇ ਦੀ ਅੱਜ ਚੰਡੀਗੜ੍ਹ ਸਥਿਤ ਸੀ.ਬੀ.ਆਈ. ਦੀ ਵਿਸ਼ੇਸ਼ ਅਦਾਲਤ 'ਚ ਸੁਣਵਾਈ ਹੋਈ। ਪਿਛਲੀ ਸੁਣਵਾਈ ਦੌਰਾਨ ਜਵਾਬ ਦਾਇਰ ਕਰਨ ਦੇ ਹੁਕਮਾਂ ਤੋਂ ਬਾਅਦ ਅੱਜ ਦੋਵਾਂ ਧਿਰਾਂ ਨੇ ਅਦਾਲਤ ਅੱਗੇ ਆਪਣੀਆਂ ਦਲੀਲਾਂ ਪੇਸ਼ ਕੀਤੀਆਂ। ਸਾਬਕਾ ਡੀ.ਆਈ.ਜੀ. ਭੁੱਲਰ ਵੱਲੋਂ ਪੇਸ਼ ਹੋਏ ਵਕੀਲ ਨੇ ਦਲੀਲ ਦਿੱਤੀ ਕਿ ਕਥਿਤ ਰਿਸ਼ਵਤ ਦੀ ਰਾਸ਼ੀ ਬਾਰੇ ਵੀ ਦਸਤਾਵੇਜ਼ ਆਪਾ ਵਿਰੋਧੀ ਹਨ।

ਜ਼ਿਕਰਯੋਗ ਹੈ ਕਿ ਸੀ.ਬੀ.ਆਈ. ਨੇ ਭੁੱਲਰ ਅਤੇ ਉਸ ਦੇ ਕਥਿਤ ਸਹਾਇਕ ਕਿਰਸ਼ਾਨੂ ਸ਼ਾਰਦਾ ਨੂੰ 16 ਅਕਤੂਬਰ, 2025 ਨੂੰ ਇੱਕ ਸ਼ਿਕਾਇਤਕਰਤਾ ਤੋਂ ਰਿਸ਼ਵਤ ਮੰਗਣ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਸੀ। ਸੀ.ਬੀ.ਆਈ. ਨੂੰ 11 ਅਕਤੂਬਰ ਨੂੰ ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਵਸਨੀਕ ਆਕਾਸ਼ ਬੱਤਾ ਤੋਂ ਸ਼ਿਕਾਇਤ ਮਿਲੀ, ਜਿਸ ਵਿਚ ਦੋਸ਼ ਲਗਾਇਆ ਗਿਆ ਸੀ ਕਿ ਹਰਚਰਨ ਸਿੰਘ ਭੁੱਲਰ ਨੇ ਆਪਣੇ ਵਿਚੋਲੇ ਸ਼ਾਰਦਾ ਰਾਹੀਂ 2023 ਵਿਚ ਪੁਲਿਸ ਸਟੇਸ਼ਨ ਸਰਹਿੰਦ ਵਿਚ ਸ਼ਿਕਾਇਤਕਰਤਾ ਵਿਰੁੱਧ ਦਰਜ ਐੱਫ.ਆਈ.ਆਰ. ਦਾ ਨਿਪਟਾਰਾ ਕਰਨ ਲਈ ਰਿਸ਼ਵਤ ਦੀ ਮੰਗ ਕੀਤੀ ਸੀ। ਇਸ ਮਾਮਲੇ ਦੀ ਜਾਂਚ ਤੋਂ ਬਾਅਦ ਸੀ.ਬੀ.ਆਈ. ਵਲੋਂ ਦੋਵਾਂ ਨੂੰ ਰਿਸ਼ਵਤ ਦੀ ਰਕਮ ਨਾਲ ਗ੍ਰਿਫ਼ਤਾਰ ਕਰ ਲਿਆ ਗਿਆ। ਮੁਅੱਤਲ ਮੁਲਜ਼ਮ ਡੀ.ਆਈ.ਜੀ. ਦੇ ਵਕੀਲ ਐੱਸ.ਪੀ.ਐੱਸ. ਭੁੱਲਰ ਨੇ ਦਲੀਲ ਦਿੱਤੀ ਕਿ ਮਾਮਲੇ ਵਿਚ ਚਲਾਨ ਪਹਿਲਾਂ ਹੀ ਦਾਇਰ ਕੀਤਾ ਜਾ ਚੁੱਕਾ ਹੈ ਅਤੇ ਜਾਂਚ ਮੁਕੰਮਲ ਹੋ ਗਈ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਦੇ ਕੋਈ ਸਵਾਲ ਗਵਾਹਾਂ ਨੂੰ ਕਿਸੇ ਵੀ ਤਰ੍ਹਾਂ ਪ੍ਰਭਾਵਿਤ ਨਹੀਂ ਕਰ ਸਕਦੇ, ਇਸ ਕਰਕੇ ਜ਼ਮਾਨਤ ਦਿੱਤੀ ਜਾਵੇ। ਹਾਲਾਂਕਿ ਸਰਕਾਰੀ ਵਕੀਲ ਨਰਿੰਦਰ ਸਿੰਘ ਨੇ ਜ਼ਮਾਨਤ ਅਰਜ਼ੀ ਦਾ ਵਿਰੋਧ ਕੀਤਾ। ਉਨ੍ਹਾਂ ਦਲੀਲ ਦਿੱਤੀ ਕਿ ਜੇਕਰ ਜ਼ਮਾਨਤ ਦਿੱਤੀ ਜਾਂਦੀ ਹੈ, ਤਾਂ ਮੁਲਜ਼ਮ ਗਵਾਹਾਂ ਨੂੰ ਪ੍ਰਭਾਵਿਤ ਕਰੇਗਾ। ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਅਰਜ਼ੀ ਖਾਰਜ ਕਰ ਦਿੱਤੀ। ਭੁੱਲਰ ਨੇ ਅੰਤਰਿਮ ਜ਼ਮਾਨਤ ਲਈ ਸੁਪਰੀਮ ਕੋਰਟ ਵਿਚ ਵੀ ਅਰਜ਼ੀ ਦਾਇਰ ਕਰਦਿਆਂ ਸੀਬੀਆਈ ਦੀ ਕਾਰਵਾਈ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਸੀ ਪਰ ਸਰਵਉੱਚ ਅਦਾਲਤ ਨੇ ਇਸ ਮਾਮਲੇ ਵਿਚ ਰਾਹਤ ਨਾ ਦਿੱਤੀ। ਭੁੱਲਰ ਇਸ ਵੇਲੇ ਬੁੜੈਲ ਜੇਲ੍ਹ ਚੰਡੀਗੜ੍ਹ ਵਿਚ ਨਿਆਂਇਕ ਹਿਰਾਸਤ ਵਿਚ ਹੈ।

Space available for Ad
Contact # +1 (209) 303-1260




web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

Gillson TRUCKING INC

NOW HIRING

TRUCK DRIVERS

CLASS A CDL



- ✓Signing Bonus
- ✓Top pay
- ✓Mileage Pay
- ✓Great Benefits
- ✓Over the Road or Local Routes
- ✓Reefers and Dry Van Operations
- ✓No touch freight



SKILLS

- ✓Responsible truck driver.
- ✓Experience with electronic equipment.
- ✓Ability to travel regularly.
- ✓Adaptivity and foresight to handle unexpected situations (traffic, weather conditions and roads, etc.)

RESPONSIBILITIES

- ✓Safely operating assigned vehicles.
- ✓The Vehicles are maintained and serviced as needed.
- ✓Report any vehicle defects for repair.
- ✓Make safety a priority at all times.
- ✓Comply with standard federal laws and with company. policies and procedures.

PAY

- ✓Average pay: $0.45-$0.60 cents/mile
- ✓Weekly direct deposits
- ✓Bonuses for clean inspections
- ✓High mileage bonuses

NEWER EQUIPMENT

FREIGHTLINER AND VOLVO 2020 AND PRESENT

RESET PAY AWAY FROM TERMINALS– STOCKTON,. CA AND DAYTON, OHIO

Flexible Home Time Pet Friendly Rider Policy

SCAN QR CODE FOR APPLY NOW

HEALTH BENEFITS Health Dental Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking company/gillsontrucking www.teamgillson.com

# ਬਾਦਲ ਪਰਿਵਾਰ ਨੂੰ ਬਚਾਉਣ ਦੀ ਬਜਾਏ, ਐਸਜੀਪੀਸੀ ਨੂੰ 328 ਸਰੂਪਾਂ ਦੇ ਲਾਪਤਾ ਹੋਣ ਦੇ ਮਾਮਲੇ ਵਿੱਚ ਐਸਆਈਟੀ ਦਾ ਸਹਿਯੋਗ ਕਰਨਾ ਚਾਹੀਦਾ ਹੈ: ਬਲਤੇਜ ਪੰਨੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਲਾਪਤਾ ਹੋਣ ਦੇ ਗੰਭੀਰ ਅਤੇ ਬੇਹੱਦ ਸੰਵੇਦਨਸ਼ੀਲ ਮੁੱਦੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਅਤੇ ਇਸ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਘੇਰਿਦਿਆਂ ਉਨ੍ਹਾਂ 'ਤੇ ਪ੍ਰਭਾਵਸ਼ਾਲੀ ਵਿਅਕਤੀਆਂ ਨੂੰ ਜਾਣਬੁੱਝ ਕੇ ਬਚਾਉਣ, ਹਿੱਤਾਂ ਦੇ ਟਕਰਾਅ ਅਤੇ ਇਨਸਾਫ਼ ਨੂੰ ਭਟਕਾਉਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਕਰਨ ਦੇ ਦੋਸ਼ ਲਾਏ। ਬਲਤੇਜ ਪੰਨੂ ਨੇ ਖੁਲਾਸਾ ਕੀਤਾ ਕਿ ਮੁੱਖ ਮੁਲਜ਼ਮ ਨੂੰ ਸੁਖਬੀਰ ਬਾਦਲ ਦੀ ਮਲਕੀਅਤ ਵਾਲੇ ਚੈਨਲ ਨਾਲ ਜੁੜੇ ਪੀਟੀਸੀ ਰਿਪੋਰਟਰ ਦਲਜੀਤ ਸਿੰਘ ਦੇ ਨਾਂ 'ਤੇ ਬੁੱਕ ਕੀਤੇ ਹੋਟਲ ਦੇ ਕਮਰੇ ਵਿੱਚੋਂ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਵਿੱਚ ਕਮਰਾ 29 ਦਸੰਬਰ ਤੋਂ 1 ਜਨਵਰੀ ਤੱਕ ਮੌਕੇ 'ਤੇ ਹੀ ਬੁੱਕ ਕੀਤਾ ਗਿਆ ਸੀ ਅਤੇ ਪੂਰੀ ਅਦਾਇਗੀ ਨਕਦ ਵਿੱਚ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਹ ਖੁਲਾਸਾ ਜਾਣਬੁੱਝ ਕੇ ਦਿੱਤੀ ਜਾ ਰਹੀ ਸੁਰੱਖਿਆ, ਐਸਜੀਪੀਸੀ ਦੀ ਕਾਨੂੰਨੀ ਕਾਰਵਾਈ ਵਿੱਚ ਹਿੱਤਾਂ ਦੇ ਵੱਡੇ ਟਕਰਾਅ ਅਤੇ ਇਨਸਾਫ ਨੂੰ ਪਟੜੀ ਤੋਂ ਉਤਾਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਵੱਲ ਇਸ਼ਾਰਾ ਕਰਦਾ ਹੈ, ਜਦੋਂ ਕਿ ਸਿੱਖ ਸੰਗਤ ਲਗਾਤਾਰ ਜਵਾਬਾਂ ਦੀ ਉਡੀਕ ਕਰ ਰਹੀ ਹੈ। ਪੰਨੂ ਨੇ ਯਾਦ ਦਿਵਾਇਆ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ ਅਤੇ ਮਾਮਲੇ ਦਾ ਨਿਪਟਾਰਾ ਕਰਦਿਆਂ ਹਾਈ ਕੋਰਟ ਨੇ ਸਪੱਸ਼ਟ ਹੁਕਮ ਦਿੱਤੇ ਸਨ ਕਿ ਜਾਂਚ ਸਰਕਾਰ ਵੱਲੋਂ ਕਰਵਾਈ ਜਾਵੇ। ਅਦਾਲਤ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ ਐਫਆਈਆਰ ਦਰਜ ਕੀਤੀ ਗਈ, ਕਾਬਲ ਅਫਸਰਾਂ ਦੀ ਸ਼ਮੂਲੀਅਤ ਵਾਲੀ ਵਿਸ਼ੇਸ਼ ਜਾਂਚ ਟੀਮ (ਐਸ ਆਈ ਟੀ) ਦਾ ਗਠਨ ਕੀਤਾ ਗਿਆ ਅਤੇ ਹੁਣ ਪਹਿਲੀ ਗ੍ਰਿਫਤਾਰੀ ਹੋ ਚੁੱਕੀ ਹੈ।

ਉਨ੍ਹਾਂ ਖੁਲਾਸਾ ਕੀਤਾ ਕਿ ਗ੍ਰਿਫਤਾਰ ਕੀਤਾ ਗਿਆ ਮੁਲਜ਼ਮ ਸਤਿੰਦਰ ਸਿੰਘ ਕੋਹਲੀ (ਐਸ.ਐਸ. ਕੋਹਲੀ) ਇੱਕ ਚਾਰਟਰਡ ਅਕਾਊਂਟੈਂਟ ਹੈ, ਜਿਸ ਨੇ ਨਾ ਸਿਰਫ਼ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਕੰਮ ਕੀਤਾ ਹੈ, ਸਗੋਂ ਉਹ ਬਾਦਲ ਪਰਿਵਾਰ ਦਾ ਸੀਏ ਵੀ ਰਿਹਾ ਹੈ ਅਤੇ ਉਨ੍ਹਾਂ ਦੇ ਕਾਰੋਬਾਰਾਂ ਨੂੰ ਸੰਭਾਲਦਾ ਰਿਹਾ ਹੈ। ਪੰਨੂ ਨੇ ਕਿਹਾ ਕਿ ਸਿਰਫ਼ ਇਹੀ ਤੱਥ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਗ੍ਰਿਫਤਾਰੀ ਬਾਰੇ ਖਾਸ ਵੇਰਵੇ ਦਿੰਦਿਆਂ ਬਲਤੇਜ ਪੰਨੂ ਨੇ ਦੱਸਿਆ ਕਿ ਐਸ.ਐਸ. ਕੋਹਲੀ ਨੂੰ ਇਕ ਹੋਟਲ ਦੇ ਕਮਰੇ ਵਿੱਚੋਂ ਕਾਬੂ ਕੀਤਾ ਗਿਆ ਸੀ ਜੋ ਸੁਖਬੀਰ ਬਾਦਲ ਦੀ ਮਲਕੀਅਤ ਵਾਲੇ ਇਕ ਨਿੱਜੀ ਟੈਲੀਵਿਜ਼ਨ ਚੈਨਲ ਪੀਟੀਸੀ ਦੇ ਰਿਪੋਰਟਰ ਦਲਜੀਤ ਸਿੰਘ ਦੇ ਨਾਂ 'ਤੇ ਬੁੱਕ ਕੀਤਾ ਗਿਆ ਸੀ। ਬੁਕਿੰਗ 29 ਦਸੰਬਰ ਤੋਂ 1 ਜਨਵਰੀ ਤੱਕ ਦੇ ਸਮੇਂ ਲਈ ਮੌਕੇ 'ਤੇ ਕੀਤੀ ਗਈ ਸੀ, ਅਤੇ ਕਮਰੇ ਦੀ ਅਦਾਇਗੀ ਪੂਰੀ ਤਰ੍ਹਾਂ ਨਕਦ ਕੀਤੀ ਗਈ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਬੁਕਿੰਗ ਰਿਕਾਰਡ ਦਰਸਾਉਂਦੇ ਹਨ ਕਿ ਸਤਿੰਦਰ ਸਿੰਘ ਕੋਹਲੀ, ਦਲਜੀਤ ਸਿੰਘ ਦੇ ਨਾਂ 'ਤੇ, ਸ਼ੁਰੂ ਵਿੱਚ 29 ਦਸੰਬਰ ਤੋਂ 31 ਦਸੰਬਰ ਤੱਕ ਕਮਰਾ ਨੰਬਰ 349 ਵਿੱਚ ਰਿਹਾ। 31 ਦਸੰਬਰ ਨੂੰ ਉਸ ਨੇ ਖਾਸ ਤੌਰ 'ਤੇ ਇਕ ਲਗਜ਼ਰੀ ਕਮਰੇ ਦੀ ਮੰਗ ਕੀਤੀ, ਜਿਸ ਤੋਂ ਬਾਅਦ ਉਸ ਨੂੰ ਕਮਰਾ ਨੰਬਰ 522 ਵਿੱਚ ਤਬਦੀਲ ਕਰ ਦਿੱਤਾ ਗਿਆ।




"ਦੋਵਾਂ ਕਮਰਿਆਂ ਦੀ ਅਦਾਇਗੀ ਨਕਦ ਵਿੱਚ ਕੀਤੀ ਗਈ ਸੀ" ਬਲਤੇਜ ਪੰਨੂ ਨੇ ਇਹ ਕਹਿੰਦਿਆਂ ਅੱਗੇ ਕਿਹਾ ਕਿ ਇਹ ਵੇਰਵੇ ਹੋਟਲ ਦੇ ਸਰਕਾਰੀ ਰਿਕਾਰਡ ਦਾ ਹਿੱਸਾ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ ਇਹ ਸਿੱਧੇ ਤੌਰ 'ਤੇ ਹਿੱਤਾਂ ਦਾ ਟਕਰਾਅ ਨਹੀਂ ਹੈ, ਜਾਂ ਕੀ ਇਹ ਜਾਣਬੁੱਝ ਕੇ ਕੀਤਾ ਗਿਆ ਹੈ? ਕੋਈ ਇੱਕ ਵਕੀਲ ਪੈਸੇ ਦੀ ਵਸੂਲੀ ਲਈ ਐਸਜੀਪੀਸੀ ਦੀ ਨੁਮਾਇੰਦਗੀ ਕਿਵੇਂ ਕਰ ਸਕਦਾ ਹੈ ਅਤੇ ਉਸੇ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਦੇ ਗਾਇਬ ਹੋਣ ਦੇ ਮੁਲਜ਼ਮ ਦਾ ਬਚਾਅ ਕਿਵੇਂ ਕਰ ਸਕਦਾ ਹੈ? ਗਿਆਨੀ ਹਰਪ੍ਰੀਤ ਸਿੰਘ ਦੇ ਬਿਆਨ ਦਾ ਹੋਰ ਹਵਾਲਾ ਦਿੰਦੇ ਹੋਏ ਪੰਨੂ ਨੇ ਕਿਹਾ ਕਿ ਸਾਬਕਾ ਜਥੇਦਾਰ ਨੇ ਸਪੱਸ਼ਟ ਕੀਤਾ ਸੀ ਕਿ ਕਾਨੂੰਨੀ ਕਾਰਵਾਈ ਦੀ ਸਿਫ਼ਾਰਸ਼ ਕੀਤੀ ਗਈ ਸੀ, ਪਰ ਇੱਕ ਹਫ਼ਤੇ ਦੇ ਅੰਦਰ ਹੀ ਐਸਜੀਪੀਸੀ ਨੇ ਆਪਣਾ ਮਤਾ ਬਦਲ ਦਿੱਤਾ ਅਤੇ ਫੈਸਲਾ ਕੀਤਾ ਕਿ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਵੇਗੀ, ਸਿਰਫ਼ ਇਸ ਲਈ ਕਿਉਂਕਿ ਐਸ.ਐਸ. ਕੋਹਲੀ ਦਾ ਨਾਮ ਸਾਹਮਣੇ ਆਇਆ ਸੀ। ਉਨ੍ਹਾਂ ਕਿਹਾ ਕਿ ਜੇਕਰ ਈਸ਼ਰ ਸਿੰਘ ਰਿਪੋਰਟ ਵਿੱਚ ਕੋਹਲੀ ਦਾ ਨਾਂ ਨਾ ਆਉਂਦਾ ਤਾਂ ਕਾਨੂੰਨੀ ਕਾਰਵਾਈ ਤੁਰੰਤ ਸ਼ੁਰੂ ਕਰ ਦਿੱਤੀ ਜਾਣੀ ਸੀ। ਪੰਨੂ ਨੇ ਇਹ ਵੀ ਦੱਸਿਆ ਕਿ ਸੁਖਬੀਰ ਬਾਦਲ ਦੇ ਨਿੱਜੀ ਚੈਨਲ ਦੇ ਇੱਕ ਪੱਤਰਕਾਰ ਦੇ ਨਾਂ 'ਤੇ ਇੱਕ ਹੋਟਲ ਵਿੱਚ ਕਮਰਾ ਬੁੱਕ ਕੀਤਾ ਗਿਆ ਸੀ, ਜਿੱਥੋਂ ਐਸ.ਐਸ. ਕੋਹਲੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਸਿੱਧਾ ਸਵਾਲ ਖੜ੍ਹਾ ਕਰਦਾ ਹੈ ਕਿ ਇਸ ਵਿਅਕਤੀ ਨੂੰ ਕੌਣ ਬਚਾ ਰਿਹਾ ਹੈ?

ਧਾਮੀ ਦੇ ਇਸ ਦਾਅਵੇ 'ਤੇ ਸਖ਼ਤ ਇਤਰਾਜ਼ ਜਤਾਉਂਦੇ ਹੋਏ ਕਿ ਇਹ ਮੁੱਦਾ ਸਿੱਖ ਮਾਮਲਿਆਂ ਵਿੱਚ ਦਖਲਅੰਦਾਜ਼ੀ ਹੈ, ਪੰਨੂ ਨੇ ਕਿਹਾ ਕਿ ਜਦੋਂ ਕੱਲ੍ਹ ਗੁਰਸਿੱਖਾਂ ਅਤੇ ਵੱਖ-ਵੱਖ ਸਿੱਖ ਜਥੇਬੰਦੀਆਂ ਨੇ ਪ੍ਰੈੱਸ ਕਾਨਫਰੰਸ ਕੀਤੀ, ਕੀ ਉਹ ਸਿੱਖ ਨਹੀਂ ਹਨ? ਕੀ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਵਿਸ਼ਵਾਸ ਨਹੀਂ ਰੱਖਦੇ? ਉਨ੍ਹਾਂ ਕਿਹਾ ਕਿ ਸੱਚਾਈ ਅਤੇ ਅਸਲੀਅਤ ਸੰਗਤ ਅਤੇ ਪੂਰੀ ਦੁਨੀਆ ਦੇ ਸਾਹਮਣੇ ਆਉਣੀ ਚਾਹੀਦੀ ਹੈ। ਬਲਤੇਜ ਪੰਨੂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਦਿੱਤੇ ਸਪੱਸ਼ਟ ਲਿਖਤੀ ਨਿਰਦੇਸ਼ਾਂ ਅਤੇ ਸਮਾਂ ਸੀਮਾ ਦੇ ਬਾਵਜੂਦ ਐਸਜੀਪੀਸੀ ਵੱਲੋਂ ਆਪਣਾ ਸੈਟੇਲਾਈਟ ਟੀਵੀ ਚੈਨਲ ਸ਼ੁਰੂ ਕਰਨ ਵਿੱਚ ਅਸਫਲ ਰਹਿਣ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਐਸਜੀਪੀਸੀ ਨੇ ਆਪਣਾ ਚੈਨਲ ਇਸ ਲਈ ਲਾਂਚ ਨਹੀਂ ਕੀਤਾ ਕਿਉਂਕਿ ਬਾਦਲ ਪਰਿਵਾਰ ਦੇ ਮਲਕੀਅਤ ਵਾਲੇ ਇੱਕ ਨਿੱਜੀ ਚੈਨਲ 'ਤੇ ਲਾਈਵ ਟੈਲੀਕਾਸਟ ਜਾਰੀ ਹੈ। ਇਸ ਦੀ ਬਜਾਏ, ਐਸਜੀਪੀਸੀ ਨੇ ਸਿਰਫ਼ ਇੱਕ ਯੂਟਿਊਬ ਚੈਨਲ ਬਣਾਇਆ ਅਤੇ ਉਸ ਉੱਤੇ 'ਐਸਜੀਪੀਸੀ' ਲਿਖ ਦਿੱਤਾ, ਜਦੋਂ ਕਿ ਜਥੇਦਾਰ ਦੇ ਇੱਕ 'ਫ੍ਰੀ-ਟੂ-ਏਅਰ' ਸੈਟੇਲਾਈਟ ਚੈਨਲ ਲਾਂਚ ਕਰਨ ਦੇ ਸਪੱਸ਼ਟ ਨਿਰਦੇਸ਼ਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ, ਤਾਂ ਜੋ ਗੁਰਬਾਣੀ ਦੇ ਆਡੀਓ ਅਤੇ ਵੀਡੀਓ ਨੂੰ ਸਾਰੇ ਚੈਨਲਾਂ ਦੁਆਰਾ ਮੁਫ਼ਤ ਵਿੱਚ ਪ੍ਰਸਾਰਿਤ ਕੀਤਾ ਜਾ ਸਕੇ ਅਤੇ ਕਿਸੇ ਦਾ ਏਕਾਧਿਕਾਰ ਨਾ ਰਹੇ। ਪੰਨੂ ਨੇ ਕਿਹਾ ਕਿ ਕਾਰਜਕਾਰੀ ਜਥੇਦਾਰ ਦੇ ਹੁਕਮਾਂ ਦੀ ਪਾਲਣਾ ਇਸ ਲਈ ਨਹੀਂ ਕੀਤੀ ਗਈ ਕਿਉਂਕਿ ਮੁਨਾਫਾ ਸਿਰਫ ਇਕ ਚੈਨਲ ਦੁਆਰਾ ਕਮਾਇਆ ਜਾ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਸਭ ਕੁਝ ਇਕ ਪਰਿਵਾਰ ਦੇ ਦੁਆਲੇ ਘੁੰਮਦਾ ਹੈ, ਜਿਸ ਨੂੰ ਬਚਾਇਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਦਾ ਕਾਰੋਬਾਰ ਜਾਰੀ ਰਹੇ ਅਤੇ ਵੱਡੇ ਪੱਧਰ 'ਤੇ ਵਧੇ। ਪੰਨੂ ਨੇ ਅੱਗੇ ਦੋਸ਼ ਲਾਇਆ ਕਿ ਇੱਕ ਵਿਅਕਤੀ ਨੂੰ ਬਚਾਉਣ ਲਈ ਈਸ਼ਰ ਸਿੰਘ ਰਿਪੋਰਟ ਦੇ ਆਧਾਰ 'ਤੇ ਤਿਆਰ ਕੀਤੇ ਪ੍ਰਸਤਾਵ ਨੂੰ, ਜਿਸ ਵਿੱਚ ਦੋਸ਼ੀਆਂ ਖਿਲਾਫ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਦੀ ਸਿਫਾਰਸ਼ ਕੀਤੀ ਗਈ ਸੀ, ਨੂੰ ਜਾਣਬੁੱਝ ਕੇ ਇੱਕ ਹੋਰ ਮਤਾ ਪਾਸ ਕਰਕੇ ਰੱਦ ਕਰ ਦਿੱਤਾ ਗਿਆ ਸੀ ਕਿ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਣੀ ਚਾਹੀਦੀ, ਸਿਰਫ ਇਸ ਲਈ ਕਿਉਂਕਿ ਉਸ ਵਿੱਚ ਐਸ.ਐਸ. ਕੋਹਲੀ ਦਾ ਨਾਮ ਸ਼ਾਮਲ ਸੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇੱਕ ਵਿਅਕਤੀ ਨੂੰ ਇੰਨੀ ਹਮਲਾਵਰਤਾ ਨਾਲ ਕਿਉਂ ਬਚਾਇਆ ਜਾ ਰਿਹਾ ਹੈ? ਉਹ ਕਿਹੜੇ ਰਾਜ਼ ਜਾਣਦਾ ਹੈ? ਕਿਹੜੇ ਹੋਟਲਾਂ ਵਿੱਚ ਕੀ-ਕੀ ਹੋਇਆ, ਕੀ ਪ੍ਰਬੰਧ ਕੀਤੇ ਗਏ, ਆਉਣ ਵਾਲੇ ਦਿਨਾਂ ਵਿੱਚ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

ਬਲਤੇਜ ਪੰਨੂ ਨੇ ਐਸਜੀਪੀਸੀ ਪ੍ਰਧਾਨ ਧਾਮੀ ਨੂੰ ਐਸਆਈਟੀ ਨੂੰ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ, ਜਿਸ ਨੇ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਪਹਿਲਾਂ ਹੀ ਵੱਡੀ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਐਸਜੀਪੀਸੀ ਨੂੰ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਲਾਪਤਾ ਸਰੂਪਾਂ ਬਾਰੇ ਸੱਚਾਈ ਸਾਹਮਣੇ ਆ ਸਕੇ ਕਿ ਉਹ ਕਿੱਥੇ ਹਨ ਅਤੇ ਕੌਣ ਜ਼ਿੰਮੇਵਾਰ ਹੈ। ਉਨ੍ਹਾਂ ਮੌਜੂਦਾ ਜਥੇਦਾਰ ਵੱਲੋਂ ਜਾਰੀ ਲਿਖਤੀ ਹੁਕਮਾਂ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਐਸਜੀਪੀਸੀ ਨੂੰ ਆਪਣੇ ਸਟਾਫ਼ ਅਤੇ ਸਰੋਤਾਂ ਦੀ ਵਰਤੋਂ ਲਾਪਤਾ ਸਰੂਪਾਂ ਦਾ ਪਤਾ ਲਗਾਉਣ ਲਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਆਪਣੇ ਆਪ ਵਿੱਚ ਸਾਬਤ ਕਰਦਾ ਹੈ ਕਿ 328 ਸਰੂਪਾਂ ਦੇ ਟਿਕਾਣੇ ਬਾਰੇ ਅਜੇ ਵੀ ਕੁਝ ਪਤਾ ਨਹੀਂ ਹੈ। ਪੰਨੂ ਨੇ ਕਿਹਾ ਕਿ ਜਿੱਥੇ ਧਾਮੀ ਸਾਹਿਬ ਵਾਰ-ਵਾਰ ਕਹਿ ਰਹੇ ਹਨ ਕਿ ਮਾਮਲਾ ਪਹਿਲਾਂ ਹੀ ਸੁਲਝ ਗਿਆ ਸੀ ਅਤੇ ਇਹ ਸਿਰਫ਼ ਗਿਣਤੀ ਦੀ ਗਲਤੀ ਸੀ, ਉੱਥੇ ਜਥੇਦਾਰ ਸਾਹਿਬ ਦਾ ਲਿਖਤੀ ਹੁਕਮ ਸਪੱਸ਼ਟ ਤੌਰ 'ਤੇ ਕੁਝ ਹੋਰ ਹੀ ਬਿਆਨ ਕਰਦਾ ਹੈ।

# ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੱਦੇ 'ਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰੈੱਸ ਕੌਂਸਲ ਆਫ਼ ਇੰਡੀਆ ਦੇ ਚੇਅਰਪਰਸਨ ਅਤੇ ਸਕੱਤਰ ਦੇ ਨਾਮ ਮੰਗ-ਪੱਤਰ ਦਿੱਤੇ

ਬਾਬਾ ਬਕਾਲਾ ਸਾਹਿਬ
ਬਲਰਾਜ ਸਿੰਘ ਰਾਜਾ

ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਸਮੇਤ ਕਾਰਕੁਨਾਂ ਖ਼ਿਲਾਫ਼ ਕੇਸ ਦਰਜ ਕਰਨ ਵਿਰੁੱਧ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੱਦੇ 'ਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰੈੱਸ ਕੌਂਸਲ ਆਫ਼ ਇੰਡੀਆ ਦੇ ਚੇਅਰਪਰਸਨ ਅਤੇ ਸਕੱਤਰ ਦੇ ਨਾਮ ਮੰਗ-ਪੱਤਰ ਦਿੱਤੇ ਗਏ। ਜਥੇਬੰਦੀ ਦੇ ਚੇਅਰਮੈਨ ਬਲਬੀਰ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਸੰਤੋਖ ਗਿੱਲ, ਸੀਨੀਅਰ ਮੀਤ ਪ੍ਰਧਾਨ ਭੂਸ਼ਨ ਸੂਦ, ਜਥੇਬੰਦਕ ਸਕੱਤਰ ਦਵਿੰਦਰ ਸਿੰਘ ਭੰਗੂ ਅਤੇ ਮੀਤ ਪ੍ਰਧਾਨ ਰਾਜਨ ਮਾਨ ਨੇ ਇੱਥੋਂ ਜਾਰੀ ਬਿਆਨ ਵਿੱਚ ਕਿਹਾ ਕਿ ਸੂਬਾ ਸਰਕਾਰ ਵੱਲੋਂ ਪ੍ਰੈੱਸ ਅਤੇ ਪ੍ਰਗਟਾਵੇ ਦੀ ਅਜ਼ਾਦੀ ਉਪਰ ਹਾਲੀਆ ਹਮਲਿਆਂ ਵਿਰੁੱਧ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਜਥੇਬੰਦੀ ਦੇ ਸੂਬਾਈ ਅਤੇ ਜ਼ਿਲ੍ਹਾ ਆਗੂਆਂ ਦੀ ਅਗਵਾਈ ਹੇਠ ਬਰਨਾਲਾ, ਸੰਗਰੂਰ, ਮੋਹਾਲੀ, ਅੰਮ੍ਰਿਤਸਰ ਸਮੇਤ ਫ਼ਿਰੋਜ਼ਪੁਰ (ਦਿਹਾਤੀ) ਜ਼ਿਲ੍ਹਿਆਂ ਤੋਂ ਇਲਾਵਾ ਅੱਧੀ ਦਰਜਨ ਸਬ-ਡਿਵੀਜ਼ਨਾਂ ਵਿੱਚ ਪੱਤਰਕਾਰਾਂ ਨੇ ਰੋਸ ਪ੍ਰਗਟ ਕਰਦਿਆਂ ਮੰਗ-ਪੱਤਰ ਸੌਂਪੇ। ਆਗੂਆਂ ਨੇ 4 ਜਨਵਰੀ ਨੂੰ ਚੰਡੀਗੜ੍ਹ ਵਿੱਚ ਪੱਤਰਕਾਰਾਂ ਵੱਲੋਂ ਸੰਕੇਤਕ ਰੋਸ ਪ੍ਰਦਰਸ਼ਨ ਦਾ ਸਮਰਥਨ ਕਰਨ ਦਾ ਐਲਾਨ ਕੀਤਾ। ਇਸ ਸਬੰਧੀ ਜਥੇਬੰਦੀ ਦੇ ਚੰਡੀਗੜ੍ਹ ਯੂਨਿਟ ਦੇ ਆਗੂ ਸਾਥੀਆਂ ਤੋਂ ਇਲਾਵਾ ਸੂਬਾਈ ਸਕੱਤਰ ਸਾਥੀ ਵੀਰਪਾਲ ਭਗਤਾ ਅਤੇ ਇੰਡੀਅਨ ਜਰਨਲਿਸਟ ਯੂਨੀਅਨ ਦੀ ਕੌਮੀ ਕੌਂਸਲ ਦੇ ਮੈਂਬਰ ਸੁਖਨੈਬ ਸਿੱਧੂ ਸ਼ਾਮਲ ਹੋਣਗੇ। ਆਗੂਆਂ ਨੇ ਕਿਹਾ ਕਿ ਸਾਰੇ ਜ਼ਿਲ੍ਹਿਆਂ ਵਿੱਚ ਅਗਲੇ ਦਿਨਾਂ ਦੌਰਾਨ ਮੰਗ-ਪੱਤਰ ਦਿੱਤੇ ਜਾਣਗੇ। ਇਹ ਵੀ ਫ਼ੈਸਲਾ ਕੀਤਾ ਗਿਆ ਕਿ ਸੂਬਾਈ ਆਗੂ ਪੰਜਾਬ ਦੇ ਉੱਚ ਅਧਿਕਾਰੀਆਂ ਤੋਂ ਇਲਾਵਾ ਸੂਬੇ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨੂੰ ਮਿਲ ਕੇ ਪੱਤਰਕਾਰਾਂ ਖ਼ਿਲਾਫ਼ ਕੇਸ ਰੱਦ ਕਰਨ ਦੀ ਮੰਗ ਕਰਨਗੇ। ਇਸ ਮੌਕੇ ਸੂਬਾ ਆਰਗੇਨਾਈਜ਼ਿੰਗ ਸਕੱਤਰ ਦਵਿੰਦਰ ਸਿੰਘ ਭੰਗੂ, ਅੰਮ੍ਰਿਤਸਰ ਜ਼ਿਲ੍ਹਾ ਦਿਹਾਤੀ ਪ੍ਰਧਾਨ ਡਾ.ਰਜਿੰਦਰ ਰਿਖੀ, ਸਕੱਤਰ ਜਨਰਲ ਬਲਰਾਜ ਸਿੰਘ ਰਾਜਾ, ਮੁੱਖ ਬੁਲਾਰਾ ਗੁਰਦਰਸ਼ਨ ਸਿੰਘ ਪ੍ਰਿੰਸ ਬਿਆਸ, ਡੀ.ਕੇ ਰੈਡੀ, ਰਜਿੰਦਰ ਸਿੰਘ, ਸੁਰਜੀਤ ਸਿੰਘ, ਜਗਦੀਸ਼ ਸਿੰਘ ਬਮਰਾਹ, ਬਲਜਿੰਦਰ ਸਿੰਘ ਬੱਲੀ, ਸਤਨਾਮ ਜੱਜ ਅਤੇ ਸਾਥੀ ਹਾਜਰ ਸਨ।









RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



GURDIP S SANDHU




**Consultant/Physician Since 1973
DHMS-Gold Medalist, BAMS, MDEH
Ex-Prof, Principal & CMO Medical Colleges/Hospitals in India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੋਹਾਲੀ ਹਵਾਈ ਅੱਡੇ ਤੋਂ ਹੋਰ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਕਰਨ ਦੀ ਵਕਾਲਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਹੋਰ ਅੰਤਰਰਾਸ਼ਟਰੀ ਉਡਾਣਾਂ ਸ਼ੁਰੂ ਕਰਨ ਦੀ ਵਕਾਲਤ ਕਰਦਿਆਂ ਕਿਹਾ ਕਿ ਵਿਦੇਸ਼ੀ ਕਾਰਜਾਂ ਦਾ ਵਿਸਤਾਰ ਕਰਨ ਨਾਲ ਪੂਰੇ ਖਿੱਤੇ ਵਿੱਚ ਆਰਥਿਕ ਗਤੀਵਿਧੀਆਂ, ਸੈਰ-ਸਪਾਟਾ ਅਤੇ ਨਿਵੇਸ਼ ਨੂੰ ਵੱਡਾ ਹੁਲਾਰਾ ਮਿਲੇਗਾ।

ਮੁੱਖ ਮੰਤਰੀ ਨੇ ਇਹ ਟਿੱਪਣੀਆਂ ਚੰਡੀਗੜ੍ਹ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ (ਸੀਐਚਆਈਏਐਲ) ਵੱਲੋਂ ਪੰਜਾਬ ਸਰਕਾਰ ਨੂੰ 19 ਕਰੋੜ ਰੁਪਏ ਦਾ ਅੰਤਰਿਮ ਲਾਭਅੰਸ਼ ਸੌਂਪਣ ਸਮੇਂ ਕੀਤੀਆਂ, ਜਿਸ ਨੂੰ ਉਨ੍ਹਾਂ ਨੇ ਹਵਾਈ ਅੱਡੇ ਦੇ ਟਿਕਾਊ ਵਿਕਾਸ ਅਤੇ ਕੇਂਦਰ-ਪੰਜਾਬ ਦੀ ਮਜ਼ਬੂਤ ਭਾਈਵਾਲੀ ਦਾ ਪ੍ਰਮਾਣ ਦੱਸਿਆ। ਉਨ੍ਹਾਂ ਕਿਹਾ ਕਿ ਮੋਹਾਲੀ ਤੋਂ ਮਜ਼ਬੂਤ ਆਲਮੀ ਹਵਾਈ ਸੰਪਰਕ ਉੱਦਮੀਆਂ ਅਤੇ ਵਪਾਰੀਆਂ ਲਈ ਪਹੁੰਚ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰੇਗਾ ਅਤੇ ਪੰਜਾਬ ਨੂੰ ਅੰਤਰਰਾਸ਼ਟਰੀ ਕਾਰੋਬਾਰ ਅਤੇ ਸੈਰ-ਸਪਾਟੇ ਲਈ ਪਸੰਸਦੀਦਾ ਸਥਾਨ ਵਜੋਂ ਸਥਾਪਤ ਕਰੇਗਾ।

ਚੰਡੀਗੜ੍ਹ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ (ਸੀਐਚਆਈਏਐਲ) ਦੇ ਅਧਿਕਾਰੀਆਂ, ਜਿਨ੍ਹਾਂ ਨੇ ਮੁੱਖ ਮੰਤਰੀ ਨੂੰ 19 ਕਰੋੜ ਰੁਪਏ ਦਾ ਅੰਤਰਿਮ ਲਾਭਅੰਸ਼ ਚੈੱਕ ਭੇਟ ਕੀਤਾ, ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਿਰੰਤਰ ਵਿਕਾਸ ਕੇਂਦਰ ਅਤੇ ਪੰਜਾਬ ਸਰਕਾਰਾਂ ਵਿਚਕਾਰ ਮਜ਼ਬੂਤ ਭਾਈਵਾਲੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਮੋਹਾਲੀ ਤੋਂ ਅੰਤਰਰਾਸ਼ਟਰੀ ਕਾਰਜਾਂ ਦਾ ਵਿਸਥਾਰ ਕਰਨ ਲਈ ਵਚਨਬੱਧ ਹੈ ਤਾਂ ਜੋ ਸੂਬੇ ਨੂੰ ਵਿਸ਼ਵ ਦੇ ਵੱਖ-ਵੱਖ ਸਥਾਨਾਂ ਨਾਲ ਜੋੜਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕਰੇਗਾ, ਜਿਸ ਨਾਲ ਸੂਬੇ ਦੀ ਆਰਥਿਕਤਾ ਨੂੰ ਹੁਲਾਰਾ ਮਿਲੇਗਾ।



ਮੁੱਖ ਮੰਤਰੀ ਨੇ ਕਿਹਾ ਕਿ ਇਹ ਖਿੱਤੇ ਅਤੇ ਵਿਸ਼ਵ ਦੇ ਉੱਦਮੀਆਂ, ਵਪਾਰੀਆਂ ਅਤੇ ਉਦਯੋਗਪਤੀਆਂ ਦੀ ਸੂਬੇ 'ਚ ਸੁਖਾਲੀ ਆਵਾਜਾਈ ਵਿੱਚ ਵੀ ਮਦਦ ਕਰੇਗਾ, ਜਿਸ ਨਾਲ ਖੇਤਰ ਵਿੱਚ ਵਪਾਰ, ਵਣਜ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਹਵਾਈ ਅੱਡੇ ਤੋਂ ਹੋਰ ਉਡਾਣਾਂ ਸ਼ੁਰੂ ਕਰਨ ਨਾਲ ਖਿੱਤੇ ਦੇ ਲੋਕਾਂ ਨੂੰ ਸਹੂਲਤ ਮਿਲੇਗੀ ਅਤੇ ਨਾਲ ਹੀ ਇਹ ਕਦਮ ਦੁਨੀਆ ਭਰ ਦੇ ਮੋਹਰੀ ਉੱਦਮੀਆਂ ਨੂੰ ਸੂਬੇ ਵਿੱਚ ਵੱਡਾ ਨਿਵੇਸ਼ ਕਰਨ ਲਈ ਆਕਰਸ਼ਿਤ ਕਰੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਸੂਬੇ ਵਿੱਚ ਉਦਯੋਗੀਕਰਨ ਨੂੰ ਹੁਲਾਰਾ ਦੇਣ ਲਈ ਵਧੇਰੇ ਅਹਿਮ ਸਾਬਤ ਹੋਣ ਦੇ ਨਾਲ-ਨਾਲ ਪੰਜਾਬ ਨੂੰ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਪ੍ਰਦਰਸ਼ਿਤ ਕਰੇਗਾ। ਇਸ ਦੌਰਾਨ ਸੀਐਚਆਈਏਐਲ ਮੈਨੇਜਮੈਂਟ ਨੇ ਮੁੱਖ ਮੰਤਰੀ ਅਤੇ ਪੰਜਾਬ ਸਰਕਾਰ ਦਾ ਉਨ੍ਹਾਂ ਦੇ ਮਾਰਗਦਰਸ਼ਨ, ਸਮਰਥਨ ਅਤੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ, ਜਿਸ ਕਰਕੇ ਹਵਾਈ ਅੱਡੇ ਦੇ ਵਿਕਾਸ ਅਤੇ ਆਪ੍ਰੇਸ਼ਨਲ ਗਤੀਵਿਧੀਆਂ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲੀ ਹੈ। ਲਾਭਅੰਸ਼ ਦਾ ਇਹ ਚੈਕ ਸੌਂਪਣਾ ਸੀਐਚਆਈਏਐਲ ਦੀ ਮਜ਼ਬੂਤ ਵਿੱਤੀ ਸਥਿਤੀ ਅਤੇ ਹਿੱਸੇਦਾਰਾਂ ਦਰਮਿਆਨ ਬਿਹਤਰ ਸਹਿਯੋਗ ਨੂੰ ਦਰਸਾਉਂਦਾ ਹੈ, ਜੋ ਵਾਧੂ ਅੰਤਰਰਾਸ਼ਟਰੀ ਰੂਟਾਂ ਸਮੇਤ ਭਵਿੱਖ ਦੇ ਵਿਸਥਾਰ ਲਈ ਰਾਹ ਪੱਧਰਾ ਕਰਦਾ ਹੈ। ਜ਼ਿਕਰਯੋਗ ਹੈ ਕਿ ਵਿੱਤੀ ਸਾਲ 2025-26 ਲਈ ਲਾਭਅੰਸ਼ ਸੀਐਚਆਈਏਐਲ ਬੋਰਡ ਦੁਆਰਾ 12 ਦਸੰਬਰ, 2025 ਨੂੰ ਐਲਾਨਿਆ ਗਿਆ ਸੀ।

# ਪੰਜਾਬ ਸਰਕਾਰ ਵੱਲੋਂ 10 ਲੱਖ ਰੁਪਏ ਦੀ ਨਕਦੀ ਰਹਿਤ ਸਿਹਤ ਬੀਮਾ ਯੋਜਨਾ ਲਈ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਾਅਦੇ ਅਨੁਸਾਰ ਸੂਬੇ ਦੇ ਸਾਰੇ ਲੋਕਾਂ ਲਈ ਵਿਆਪਕ ਸਿਹਤ ਕਵਰੇਜ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਇਸ ਮਹੀਨੇ 'ਮੁੱਖ ਮੰਤਰੀ ਸਿਹਤ ਯੋਜਨਾ' (ਐਮਐਮਐਸਵਾਈ) ਸ਼ੁਰੂ ਕਰਨ ਜਾ ਰਹੀ ਹੈ। ਇਸ ਸਬੰਧੀ ਇੱਕ ਅਹਿਮ ਮੀਲ ਪੱਥਰ ਸਥਾਪਤ ਕਰਦਿਆਂ ਅੱਜ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕੀਤਾ ਜਾਵੇਗਾ।

ਇਹ ਸਮਝੌਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਨਵਰੀ 2026 ਵਿੱਚ ਇਸ ਯੋਜਨਾ ਨੂੰ ਸ਼ੁਰੂ ਕਰਨ ਦੇ ਹਾਲ ਹੀ ਵਿੱਚ ਕੀਤੇ ਐਲਾਨ ਤੋਂ ਬਾਅਦ ਅਮਲ ਵਿੱਚ ਲਿਆਂਦਾ ਗਿਆ ਹੈ ਤਾਂ ਜੋ ਪੰਜਾਬ ਦੇ ਹਰੇਕ ਪਰਿਵਾਰ ਲਈ ਸਿਹਤ ਸੇਵਾਵਾਂ ਅਤੇ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਸਮਝੌਤੇ 'ਤੇ ਰਾਜ ਸਿਹਤ ਏਜੰਸੀ (ਐਸ.ਐਚ.ਏ.) ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਸੰਯਮ ਅਗਰਵਾਲ ਅਤੇ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਦੇ ਕਾਰਜਕਾਰੀ ਡਾਇਰੈਕਟਰ ਮੈਥਿਊ ਜਾਰਜ ਨੇ ਦਸਤਖਤ ਕੀਤੇ।

ਇਸਨੂੰ ਇੱਕ ਮਹੱਤਵਪੂਰਨ ਸੁਧਾਰ ਦੱਸਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਹਿਲਾਂ ਪ੍ਰਦਾਨ ਕੀਤੇ ਜਾ ਰਹੇ 5 ਲੱਖ ਰੁਪਏ ਦੇ ਸਿਹਤ ਕਵਰੇਜ, ਜੋ ਕੁਝ ਖਾਸ ਸ਼੍ਰੇਣੀਆਂ ਤੱਕ ਹੀ ਸੀਮਿਤ ਨੂੰ, ਦੁੱਗਣਾ ਕਰ ਦਿੱਤਾ ਗਿਆ ਹੈ। ਇਸ ਲਈ ਨਵੀਂ ਯੋਜਨਾ ਦਾ ਉਦੇਸ਼ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਮੇਤ ਪੰਜਾਬ ਦੇ ਸਾਰੇ ਨਿਵਾਸੀਆਂ ਨੂੰ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਪ੍ਰਦਾਨ ਕਰਨਾ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ 15 ਜਨਵਰੀ, 2026 ਨੂੰ ਇਸ ਯੋਜਨਾ ਦੀ ਰਸਮੀ ਸ਼ੁਰੂਆਤ ਕਰਨਗੇ। ਸਿਹਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਯੋਜਨਾ ਪੂਰੀ ਤਰ੍ਹਾਂ ਬਰਾਬਰੀ ਦੇ ਸਿਧਾਂਤ ਦੇ ਆਧਾਰ 'ਤੇ ਤਿਆਰ ਕੀਤੀ ਗਈ ਹੈ, ਜਿਸ ਵਿੱਚ ਕੋਈ ਆਮਦਨ ਸੀਮਾ ਜਾਂ ਕਿਸੇ ਨੂੰ ਯੋਜਨਾ ਦੇ ਦਾਇਰੇ 'ਚੋਂ ਬਾਹਰ ਰੱਖਣ ਦੇ ਮਾਪਦੰਡ ਨਹੀਂ ਹਨ। ਸਿਰਫ਼ ਆਧਾਰ ਅਤੇ ਵੋਟਰ ਆਈਡੀ ਦੀ ਵਰਤੋਂ ਕਰਕੇ ਕਾਮਨ ਸਰਵਿਸ ਸੈਂਟਰਾਂ (ਸੀਐਸਸੀਜ਼) ਰਾਹੀਂ ਰਜਿਸਟਰੇਸ਼ਨ ਨੂੰ ਸਰਲ ਅਤੇ ਪਹੁੰਚਯੋਗ ਬਣਾਇਆ ਗਿਆ ਹੈ, ਜਿਸ ਤੋਂ ਬਾਅਦ ਲਾਭਪਾਤਰੀਆਂ ਨੂੰ ਸਮਰਪਿਤ ਐਮ.ਐਮ.ਐਸ.ਵਾਈ. ਸਿਹਤ ਕਾਰਡ ਪ੍ਰਾਪਤ ਹੋਣਗੇ। ਉਨ੍ਹਾਂ ਕਿਹਾ ਕਿ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਜਲਦੀ ਹੀ ਇੱਕ ਹੈਲਪਲਾਈਨ ਵੀ ਸ਼ੁਰੂ ਕੀਤੀ ਜਾਵੇਗੀ।

ਇਸ ਯੋਜਨਾ ਦੇ ਕਾਰਜਸ਼ੀਲ ਢਾਂਚੇ ਬਾਰੇ ਗੱਲ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਜਿਸਦੀ ਚੋਣ ਤਾਮਿਲਨਾਡੂ ਸਮੇਤ ਹੋਰ ਰਾਜਾਂ ਵਿੱਚ ਬਿਹਤਰੀਨ ਸਿਹਤ ਬੀਮਾ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਚੰਗੇ ਟਰੈਕ ਰਿਕਾਰਡ ਨੂੰ ਦੇਖਦਿਆਂ ਕੀਤੀ ਗਈ ਹੈ, ਵੱਲੋਂ ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਪ੍ਰਤੀ ਪਰਿਵਾਰ 1,00,000 ਦਾ ਸਿਹਤ ਕਵਰ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 1,00,000 ਤੋਂ 10,00,000 ਰੁਪਏ ਦੇ ਦਰਮਿਆਨ ਇਲਾਜ ਦੀਆਂ ਲੋੜਾਂ ਸਬੰਧੀ ਸਟੇਟ ਹੈਲਥ ਏਜੰਸੀ (ਐਸ.ਐਚ.ਏ.), ਪੰਜਾਬ ਦੁਆਰਾ ਟਰੱਸਟ ਦੇ ਆਧਾਰ 'ਤੇ ਬੀਮਾ ਪ੍ਰਦਾਨ ਕੀਤਾ ਜਾਵੇਗਾ।

ਸਿਹਤ ਮੰਤਰੀ ਨੇ ਕਿਹਾ ਕਿ ਯੂਨਾਈਟਿਡ ਇੰਡੀਆ ਕੰਪਨੀ ਦੀ ਚੋਣ ਸੀਪੀਡੀ ਪ੍ਰੋਸੈਸਿੰਗ ਨੂੰ ਕੁਸ਼ਲ ਢੰਗ ਨਾਲ ਪ੍ਰਬੰਧਿਤ ਕਰਨ ਵਿੱਚ ਮਾਹਿਰਾਂ ਦੀਆਂ ਸੇਵਾਵਾਂ ਪ੍ਰਦਾਨ ਕਰੇਗੀ, ਜਿਸ ਨਾਲ ਕਲੇਮ ਸੈਟਲਮੈਂਟ ਅਤੇ ਭੁਗਤਾਨ ਜਾਰੀ ਹੋਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਆਵੇਗੀ। ਸਿਹਤ ਮੰਤਰੀ ਨੇ ਅੱਗੇ ਦੱਸਿਆ ਕਿ ਇਹ ਸਕੀਮ ਨਵੀਨ ਸਿਹਤ ਲਾਭ ਪੈਕੇਜ (ਐਚਬੀਪੀ 2.2) ਨੂੰ ਅਪਣਾਉਂਦੀ ਹੈ, ਜੋ 2000 ਤੋਂ ਵੱਧ ਸਿਲੈਕਟਿਡ ਇਲਾਜ ਪੈਕੇਜਾਂ ਰਾਹੀਂ ਵਿਆਪਕ ਕਵਰੇਜ ਨੂੰ ਯਕੀਨੀ ਬਣਾਉਂਦੀ ਹੈ। ਇਸ ਯੋਜਨਾ ਤਹਿਤ ਲਾਭਪਾਤਰੀ 824 ਸੂਚੀਬੱਧ ਹਸਪਤਾਲਾਂ ਦੇ ਇੱਕ ਮਜ਼ਬੂਤ ਨੈੱਟਵਰਕ ਤੱਕ ਪਹੁੰਚ ਕਰਕੇ ਸੈਕੰਡਰੀ ਅਤੇ ਟਰਸ਼ਰੀ ਸਿਹਤ ਸੰਭਾਲ ਸੇਵਾਵਾਂ ਹਾਸਲ ਕਰ ਸਕਦੇ ਹਨ, ਜਿਨ੍ਹਾਂ ਵਿੱਚ ਮੌਜੂਦਾ ਸਮੇਂ 212 ਸਰਕਾਰੀ ਹਸਪਤਾਲ, ਭਾਰਤ ਸਰਕਾਰ ਅਧੀਨ ਅੱਠ ਹਸਪਤਾਲ ਅਤੇ 600 ਤੋਂ ਵੱਧ ਨਿੱਜੀ ਹਸਪਤਾਲ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਇਸ ਯੋਜਨਾ ਅਧੀਨ ਸੂਚੀਬੱਧ ਹਸਪਤਾਲਾਂ ਦੀ ਗਿਣਤੀ ਵਿੱਚ ਹੋਰ ਵਾਧਾ ਹੋਣ ਦੀ ਉਮੀਦ ਹੈ। ਇਸ ਮੌਕੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਵੀ ਮੌਜੂਦ ਸਨ।

# ਐਸ.ਸੀ ਭਾਈਚਾਰੇ ਦੀ ਭਲਾਈ ਲਈ ਸਬ-ਪਲਾਨ ਦੀ ਸਮੀਖਿਆ 25 ਵਿਭਾਗਾਂ ਨਾਲ ਮੰਤਰੀ ਡਾ.ਬਲਜੀਤ ਕੌਰ ਦੀ ਅਹਿਮ ਬੈਠਕ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਰਾਜ ਵਿੱਚ ਅਨੁਸੂਚਿਤ ਜਾਤੀਆਂ ਦੀ ਸਮਾਜਿਕ-ਆਰਥਿਕ ਭਲਾਈ ਲਈ ਲਾਗੂ ਕੀਤੇ ਜਾ ਰਹੇ ਅਨੁਸੂਚਿਤ ਜਾਤੀਆਂ ਸਬ-ਪਲਾਨ (ਐਸ.ਸੀ.ਐਸ.ਪੀ.) ਦੀ ਪ੍ਰਗਤੀ ਦੀ ਸਮੀਖਿਆ ਲਈ ਇਕ ਅਹਿਮ ਬੈਠਕ ਕੀਤੀ। ਇਸ ਬੈਠਕ ਦੌਰਾਨ ਐਸ.ਸੀ. ਸਬ-ਪਲਾਨ ਅਧੀਨ ਸਕੀਮਾਂ ਲਾਗੂ ਕਰ ਰਹੇ ਲਗਭਗ 25 ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਵਿੱਚ ਡਾ. ਬਲਜੀਤ ਕੌਰ ਨੇ ਵਿੱਤੀ ਸਾਲ 2025-26 ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਐਸ.ਸੀ. ਸਬ-ਪਲਾਨ ਤਹਿਤ ਕੀਤੇ ਜਾ ਰਹੇ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਯੋਜਨਾਵਾਂ ਲਈ ਰੱਖੀ ਗਈ ਰਾਸ਼ੀ ਹਾਲੇ ਤੱਕ ਖਰਚ ਨਹੀਂ ਹੋਈ, ਉਸ ਦੀ ਵਰਤੋਂ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਰਾਸ਼ੀ ਤੁਰੰਤ ਜਾਰੀ ਕਰਵਾ ਕੇ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇ। ਮੰਤਰੀ ਨੇ ਸਪੱਸ਼ਟ ਕੀਤਾ ਕਿ ਐਸ.ਸੀ. ਸਬ-ਪਲਾਨ ਤਹਿਤ ਰੱਖੀ ਗਈ ਰਾਸ਼ੀ ਦੀ ਵਰਤੋਂ ਸਿਰਫ਼ ਅਨੁਸੂਚਿਤ ਜਾਤੀ ਭਾਈਚਾਰੇ ਦੀ ਭਲਾਈ ਲਈ ਹੀ ਕੀਤੀ ਜਾਵੇ ਅਤੇ ਇਸ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਜਾਂ ਗਲਤ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਵੱਖ-ਵੱਖ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਆਪਣੇ-ਆਪਣੇ ਵਿਭਾਗਾਂ ਵੱਲੋਂ ਕਵਰ ਕੀਤੇ ਜਾ ਰਹੇ ਲਾਭਪਾਤਰੀਆਂ ਅਤੇ ਪਿੰਡਾਂ ਦੀ ਵਿਸਥਾਰਪੂਰਕ ਸੂਚੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਨੂੰ ਮੁਹੱਈਆ ਕਰਵਾਈ ਜਾਵੇ, ਤਾਂ ਜੋ ਰਾਖਵੇਂ ਫੰਡਾਂ ਦੀ ਸਹੀ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾਈ ਜਾ ਸਕੇ। ਡਾ. ਬਲਜੀਤ ਕੌਰ ਨੇ ਵਿਭਾਗਾਂ ਨੂੰ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਮੌਜੂਦਾ ਲੋੜਾਂ ਦੇ ਅਨੁਕੂਲ ਨਵੀਆਂ, ਲੋਕ-ਹਿਤੈਸ਼ੀ ਅਤੇ ਨਿਵੇਕਲੀਆਂ ਸਕੀਮਾਂ ਤਿਆਰ ਕਰਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਅਨੁਸੂਚਿਤ ਜਾਤੀਆਂ ਦੇ ਸਮੂਹਿਕ ਵਿਕਾਸ, ਸਸ਼ਕਤੀਕਰਨ ਅਤੇ ਉਨ੍ਹਾਂ ਦੀ ਜੀਵਨ-ਪੱਧਰ ਨੂੰ ਸੁਧਾਰਨ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਹੈ। ਮੰਤਰੀ ਨੇ ਐਸ.ਸੀ. ਸਬ-ਪਲਾਨ ਦੀ ਪ੍ਰਗਤੀ ਦੀ ਨਿਰੰਤਰ ਸਮੀਖਿਆ ਲਈ ਜਲਦੀ ਹੀ ਦੁਬਾਰਾ ਅਜਿਹੀ ਬੈਠਕ ਕਰਨ ਦੀ ਗੱਲ ਵੀ ਕਹੀ, ਤਾਂ ਜੋ ਅਨੁਸੂਚਿਤ ਜਾਤੀਆਂ ਨਾਲ ਸੰਬੰਧਿਤ ਸਕੀਮਾਂ ਦਾ ਲਾਗੂਕਰਨ ਹੋਰ ਵੱਧ ਸੁਚਾਰੂ, ਸਮੇਂ-ਸਿਰ ਅਤੇ ਪ੍ਰਭਾਵੀ ਬਣਾਇਆ ਜਾ ਸਕੇ। ਇਸ ਬੈਠਕ ਵਿੱਚ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਵਧੀਕ ਮੁੱਖ ਸਕੱਤਰ ਵਿਕਾਸ ਪ੍ਰਤਾਪ (ਆਈ.ਏ.ਐਸ), ਐਸ.ਸੀ. ਸਬ-ਪਲਾਨ ਲਈ ਨੋਡਲ ਵਿਭਾਗ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਪ੍ਰਮੁੱਖ ਸਕੱਤਰ ਵੀ.ਕੇ ਮੀਨਾ, ਡਾਇਰੈਕਟਰ ਕਮ ਵਧੀਕ ਸਕੱਤਰ ਵਿੰਮੀ ਭੁੱਲਰ , ਖੋਜ ਅਫ਼ਸਰ ਡਾ.ਲਿਵਪ੍ਰੀਤ ਕੌਰ ਅਤੇ ਕਮਲਜੀਤ ਸਿੰਘ ਵੀ ਹਾਜ਼ਰ ਰਹੇ।

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

jvslogisticsllc@outlook.com

JUGDEV SAMRA (317) 379-4065

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਵਿਸ਼ੇਸ਼ ਜਾਂਚ ਟੀਮ ਵੱਲੋਂ ਸ਼੍ਰੋਮਣੀ ਕਮੇਟੀ ਦਾ ਸਾਬਕਾ ਆਡੀਟਰ ਕੋਹਲੀ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

328 ਲਾਪਤਾ ਪਾਵਨ ਸਰੂਪਾਂ ਦੇ ਮਾਮਲੇ ਵਿਚ ਜਾਂਚ ਵਾਸਤੇ ਸਰਕਾਰ ਵੱਲੋਂ ਬਣਾਈ ਗਈ ਵਿਸ਼ੇਸ਼ ਜਾਂਚ ਟੀਮ ਨੇ ਅੱਜ ਚੰਡੀਗੜ੍ਹ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਇੰਟਰਨਲ ਆਡੀਟਰ ਸਤਿੰਦਰ ਸਿੰਘ ਕੋਹਲੀ ਨੂੰ ਕਾਬੂ ਕਰ ਲਿਆ ਹੈ।

ਇਸ ਦਾ ਖੁਲਾਸਾ 'ਆਪ' ਦੇ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕੀਤਾ ਹੈ। ਉਨ੍ਹਾਂ ਆਪਣੇ ਸੋਸ਼ਲ ਮੀਡੀਆ ਖਾਤੇ ਰਾਹੀਂ ਮੀਡੀਆ ਨੂੰ ਦੱਸਿਆ ਕਿ ਵਿਸ਼ੇਸ਼ ਜਾਂਚ ਟੀਮ ਨੂੰ ਸੂਚਨਾ ਮਿਲੀ ਸੀ ਕਿ ਇਹ ਵਿਅਕਤੀ ਚੰਡੀਗੜ੍ਹ ਵਿਚ ਹੈ। ਇਸ ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਉਸ ਨੂੰ ਸ਼ਹਿਰ ਦੇ ਇੱਕ ਹੋਟਲ ਤੋਂ ਗ੍ਰਿਫ਼ਤਾਰ ਕੀਤਾ। ਇਸ ਮਾਮਲੇ 'ਚ ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਕੇਸ ਦਰਜ ਕੀਤਾ ਸੀ ਅਤੇ ਇਸ ਮਾਮਲੇ ਦੀ ਜਾਂਚ ਵਾਸਤੇ ਵਿਸ਼ੇਸ਼ ਜਾਂਚ ਟੀਮ ਬਣਾਈ ਗਈ ਸੀ। ਇਸ ਮਾਮਲੇ ਵਿਚ ਪੁਲਿਸ ਵੱਲੋਂ 16 ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਸੀ, ਜਿਨ੍ਹਾਂ ਖਿਲਾਫ ਗ੍ਰਿਫਤਾਰੀ ਵਾਰੰਟ ਵੀ ਹਨ ਅਤੇ ਐੱਲ.ਓ.ਸੀ. ਵੀ ਜਾਰੀ ਕੀਤਾ ਗਿਆ ਹੈ। ਗ੍ਰਿਫਤਾਰ ਕੀਤਾ ਗਿਆ ਵਿਅਕਤੀ ਬਾਦਲ ਪਰਿਵਾਰ ਦੇ ਕਾਰੋਬਾਰ ਦਾ ਵੀ ਸੀ.ਏ. ਹੈ ਅਤੇ ਸ਼੍ਰੋਮਣੀ ਕਮੇਟੀ ਦਾ ਵੀ ਆਡਿਟ ਕਰਦਾ ਸੀ। ਇਹ ਵਿਅਕਤੀ ਕੇਸ ਦਰਜ ਹੋਣ ਤੋਂ ਬਾਅਦ ਲੁੱਕਣ ਦਾ ਯਤਨ ਕਰ ਰਿਹਾ ਸੀ, ਜਿਸ ਦੀ ਸੂਚਨਾ ਮਿਲਣ ਤੋਂ ਬਾਅਦ ਉਸ ਨੂੰ ਗ੍ਰਿਫਤਾਰ ਕਰ ਲਿਆ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਵਿਸ਼ੇਸ਼ ਜਾਂਚ ਟੀਮ ਵੱਲੋਂ ਪੁੱਛਗਿੱਛ ਕੀਤੀ ਜਾਵੇਗੀ ਅਤੇ ਹੋਰ ਖੁਲਾਸੇ ਵੀ ਕੀਤੇ ਜਾਣਗੇ।



ਇਸ ਮਾਮਲੇ ਵਿਚ ਪੁਲਿਸ ਵੱਲੋਂ 7 ਦਸੰਬਰ ਨੂੰ ਕੇਸ ਦਰਜ ਕੀਤਾ ਗਿਆ ਹੈ, ਜਿਸ ਵਿਚ 16 ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ। ਇਨ੍ਹਾਂ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਤੇ ਮੌਜੂਦਾ ਕਰਮਚਾਰੀ ਤੇ ਕਈ ਹੋਰ ਵੀ ਹਨ। ਇਨ੍ਹਾਂ ਵਿਚੋਂ ਤਿੰਨ ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ ਅਤੇ ਤਿੰਨ ਵਿਦੇਸ਼ ਵਿਚ ਹਨ। ਇਹ ਇਸ ਮਾਮਲੇ ਵਿਚ ਪਹਿਲੀ ਗ੍ਰਿਫ਼ਤਾਰੀ ਹੈ। ਪੁਲਿਸ ਸੂਤਰਾਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ। ਇਹ ਮੁੱਦਾ 2020 ਤੋਂ ਵਿਵਾਦਾਂ ਵਿਚ ਹੈ। ਉਸ ਵੇਲੇ ਅਕਾਲ ਤਖ਼ਤ ਵੱਲੋਂ ਬਣਾਈ ਗਈ ਇੱਕ ਜਾਂਚ ਕਮੇਟੀ ਨੇ ਇਸ ਮਾਮਲੇ ਦੀ ਜਾਂਚ ਕੀਤੀ ਸੀ ਅਤੇ ਇਸ ਦੀ ਇੱਕ ਵਿਸਥਾਰਤ ਰਿਪੋਰਟ ਜਥੇਦਾਰ ਨੂੰ ਸੌਂਪੀ ਸੀ, ਜਿਸ ਵਿਚ ਜ਼ਿੰਮੇਵਾਰ ਵਿਅਕਤੀਆਂ ਬਾਰੇ ਅਤੇ ਪ੍ਰਬੰਧਾਂ ਵਿਚ ਖਾਮੀਆਂ ਬਾਰੇ ਵੀ ਜ਼ਿਕਰ ਕੀਤਾ ਗਿਆ ਸੀ।

ਆਪ ਦੇ ਆਗੂ ਬਲਤੇਜ ਪੰਨੂ ਨੇ ਕਿਹਾ ਕਿ 328 ਸਰੂਪਾਂ ਦੇ ਗਾਇਬ ਹੋਣ ਸਬੰਧੀ ਇੱਕ ਪਟੀਸ਼ਨ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਚ ਦਾਇਰ ਕੀਤੀ ਗਈ ਸੀ। ਅਦਾਲਤ ਦੇ ਨਿਰਦੇਸ਼ਾਂ ਤੋਂ ਬਾਅਦ ਇਕ ਐੱਫ.ਆਈ.ਆਰ. ਦਰਜ ਕੀਤੀ ਗਈ ਸੀ ਅਤੇ ਮਾਮਲੇ ਦੀ ਜਾਂਚ ਲਈ ਇੱਕ ਐੱਸ.ਆਈ.ਟੀ. ਗਠਿਤ ਕੀਤੀ ਗਈ ਸੀ।

ਹਾਲ ਹੀ ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਕੋਹਲੀ ਦੀ ਭੂਮਿਕਾ ਅਤੇ ਐੱਸ.ਜੀ.ਪੀ.ਸੀ. ਦੇ ਕੰਮਕਾਜ 'ਤੇ ਸਵਾਲ ਉਠਾਏ ਸਨ। ਕੋਹਲੀ ਦੀ ਫਰਮ, ਐੱਸ.ਐੱਸ. ਕੋਹਲੀ ਐਂਡ ਐਸੋਸੀਏਟਸ ਨੂੰ 2009 ਵਿਚ ਅੰਦਰੂਨੀ ਆਡਿਟ, ਖਾਤਿਆਂ ਦੇ ਕੰਪਿਊਟਰੀਕਰਨ ਲਈ ਨਿਯੁਕਤ ਕੀਤਾ ਗਿਆ ਸੀ, ਜਿਸ ਲਈ ਇਸ ਨੂੰ ਪ੍ਰਤੀ ਮਹੀਨਾ 3.5 ਲੱਖ ਰੁਪਏ ਦਾ ਭੁਗਤਾਨ ਕੀਤਾ ਗਿਆ ਸੀ। ਸ੍ਰੀ ਅਕਾਲ ਤਖਤ ਵੱਲੋਂ ਕਰਵਾਈ ਗਈ ਜਾਂਚ ਰਿਪੋਰਟ ਵਿਚ ਇਸ ਕੰਪਨੀ ਦੀਆਂ ਸੇਵਾਵਾਂ ਖਤਮ ਕਰਨ ਅਤੇ ਇਸ ਨੂੰ ਦਿੱਤੇ ਪੈਸੇ ਵਸੂਲਣ ਲਈ ਆਖਿਆ ਗਿਆ ਸੀ, ਜਿਸ ਤਹਿਤ 2020 ਵਿਚ ਸ਼੍ਰੋਮਣੀ ਕਮੇਟੀ ਨੇ ਫਰਮ ਦੀਆਂ ਸੇਵਾਵਾਂ ਨੂੰ ਖਤਮ ਕਰ ਦਿੱਤਾ ਅਤੇ ਕੀਤੀ ਗਈ ਅਦਾਇਗੀ ਦਾ 75 ਪ੍ਰਤੀਸ਼ਤ ਵਸੂਲਣ ਲਈ ਇੱਕ ਮਤਾ ਪਾਸ ਕੀਤਾ। ਬੀਤੇ ਦਿਨੀਂ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖੁਲਾਸਾ ਕੀਤਾ ਸੀ ਕਿ ਇਸ ਵਿਅਕਤੀ ਕੋਲੋਂ ਪੈਸੇ ਵਸੂਲਣ ਵਾਸਤੇ ਕੇਸ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਵਿਚ ਚੱਲ ਰਿਹਾ ਹੈ, ਜਿਸ ਦੀ ਸੁਣਵਾਈ ਅਗਲੇ ਦਿਨਾਂ ਵਿਚ ਨਿਰਧਾਰਿਤ ਹੈ।

# ਧਰਤੀ 'ਤੇ ਸ਼ਾਂਤੀ ਮੇਰਾ ਸੰਕਲਪ ਹੈ- ਡੋਨਾਲਡ ਟਰੰਪ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਉਨ੍ਹਾਂ ਦੇ ਨਵੇਂ ਸਾਲ ਦਾ ਸੰਕਲਪ "ਧਰਤੀ 'ਤੇ ਸ਼ਾਂਤੀ" ਹੈ। ਉਨ੍ਹਾਂ ਨੇ ਇਹ ਟਿੱਪਣੀਆਂ ਫਲੋਰੀਡਾ ਦੇ ਆਪਣੇ ਮਾਰ-ਏ-ਲਾਗੋ ਰਿਜ਼ੋਰਟ ਵਿਖੇ ਨਵੇਂ ਸਾਲ ਦੀ ਸ਼ਾਮ ਦੇ ਸਮਾਗਮ ਦੌਰਾਨ ਕੀਤੀਆਂ। ਜਦੋਂ ਉਨ੍ਹਾਂ ਨੂੰ ਉਨ੍ਹਾਂ ਦੇ ਨਵੇਂ ਸਾਲ ਦੇ ਸੰਕਲਪ ਬਾਰੇ ਪੁੱਛਿਆ ਗਿਆ, ਤਾਂ ਉਨ੍ਹਾਂ ਕਿਹਾ, "ਧਰਤੀ 'ਤੇ ਸ਼ਾਂਤੀ, ਸ਼ਾਂਤੀ।" ਫਿਰ ਉਨ੍ਹਾਂ ਨੇ ਦੇਸ਼ ਦੀ ਮੌਜੂਦਾ ਸਥਿਤੀ ਬਾਰੇ ਗੱਲ ਕੀਤੀ।

ਟਰੰਪ ਅਤੇ ਪਹਿਲੀ ਮਹਿਲਾ ਨੇ ਇਸ ਸਮਾਗਮ ਵਿੱਚ ਬਹੁਤ ਸਾਰੇ ਪ੍ਰਮੁੱਖ ਲੋਕਾਂ ਨੂੰ ਸੱਦਾ ਦਿੱਤਾ, ਅਤੇ ਮਾਹੌਲ ਸ਼ਾਨਦਾਰ ਅਤੇ ਤਿਉਹਾਰਾਂ ਵਾਲਾ ਸੀ। ਸਥਾਨ ਦੇ ਬਾਹਰ ਕਾਲੇ ਕਾਰਪੇਟ 'ਤੇ ਸੁਨਹਿਰੀ ਅੱਖਰਾਂ ਵਿੱਚ "ਹੈਪੀ ਨਿਊ ਈਅਰ ਮਾਰ-ਏ-ਲਾਗੋ" ਲਿਖਿਆ ਹੋਇਆ ਸੀ। ਸੰਗੀਤਕਾਰ ਉੱਚੇ ਪਲੇਟਫਾਰਮਾਂ 'ਤੇ ਖੜ੍ਹੇ ਹੋ ਕੇ "ਗੌਡ ਬਲੇਸ ਅਮਰੀਕਾ" ਅਤੇ "ਦਿ ਸਟਾਰ-ਸਪੈਂਗਲਡ ਬੈਨਰ" ਵਜਾ ਰਹੇ ਸਨ। ਆਪਣੇ ਸੰਬੋਧਨ ਵਿੱਚ, ਟਰੰਪ ਨੇ ਕਿਹਾ ਕਿ ਅਮਰੀਕਾ ਬਹੁਤ ਵਧੀਆ ਕਰ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਵਿੱਚ ਰਿਕਾਰਡ ਪੱਧਰ 'ਤੇ ਨਿਵੇਸ਼ ਹੋ ਰਿਹਾ ਹੈ ਅਤੇ ਅਮਰੀਕਾ ਭਰ ਵਿੱਚ ਨਵੀਆਂ ਫੈਕਟਰੀਆਂ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ



ਆਰਥਿਕ ਵਿਕਾਸ ਦੇ ਅੰਕੜੇ ਉਮੀਦ ਨਾਲੋਂ ਕਿਤੇ ਬਿਹਤਰ ਰਹੇ ਹਨ। ਟਰੰਪ ਨੇ ਇਹ ਵੀ ਕਿਹਾ ਕਿ ਟੈਰਿਫਾਂ ਨੇ ਸੰਯੁਕਤ ਰਾਜ ਅਮਰੀਕਾ ਲਈ ਸੈਂਕੜੇ ਮਿਲੀਅਨ ਡਾਲਰ ਦਾ ਮਾਲੀਆ ਪੈਦਾ ਕੀਤਾ ਹੈ ਅਤੇ ਫੌਜ ਨੂੰ ਪੂਰੀ ਤਰ੍ਹਾਂ ਸਮਰਥਨ ਅਤੇ ਫੰਡ ਦਿੱਤਾ ਗਿਆ ਹੈ।

ਟਰੰਪ ਨੇ ਕਿਹਾ ,"ਅਸੀਂ ਵਾਪਸ ਆ ਗਏ ਹਾਂ, ਅਸੀਂ ਹੋਰ ਮਜ਼ਬੂਤ ਹਾਂ" ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਹੋ ਰਹੀਆਂ ਤਬਦੀਲੀਆਂ ਉਸਦੀ ਉਮੀਦ ਨਾਲੋਂ ਤੇਜ਼ ਹਨ। ਉਨ੍ਹਾਂ ਕੁਝ ਆਗੂਆਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਦੇਸ਼ ਨੂੰ ਸਹੀ ਦਿਸ਼ਾ ਵੱਲ ਲਿਜਾਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਪ੍ਰੋਗਰਾਮ ਦਾ ਇੱਕ ਖਾਸ ਹਿੱਸਾ ਲਾਈਵ ਕਲਾ ਪ੍ਰਦਰਸ਼ਨ ਸੀ। ਇੱਕ ਕਲਾਕਾਰ ਨੇ ਸਟੇਜ 'ਤੇ ਸੰਗੀਤ ਦੇ ਨਾਲ ਇੱਕ ਪੇਂਟਿੰਗ ਬਣਾਈ, ਜੋ ਅੰਤ ਵਿੱਚ ਯਿਸੂ ਮਸੀਹ ਦਾ ਚਿੱਤਰਣ ਨਿਕਲਿਆ। ਟਰੰਪ ਨੇ ਪੇਂਟਿੰਗ ਦੀ ਨਿਲਾਮੀ ਕੀਤੀ, ਜਿਸ ਤੋਂ ਹੋਣ ਵਾਲੀ ਰਕਮ ਸੇਂਟ ਜੂਡ ਅਤੇ ਸ਼ੈਰਿਫ਼ ਵਿਭਾਗ ਨੂੰ ਦਾਨ ਕਰ ਦਿੱਤੀ। ਇਹ ਪੇਂਟਿੰਗ $2.75 ਮਿਲੀਅਨ ਵਿੱਚ ਵਿਕ ਗਈ।

ਇਸ ਸਮਾਗਮ ਵਿੱਚ ਕਈ ਵੱਡੇ ਨਾਮ ਸ਼ਾਮਲ ਹੋਏ, ਜਿਨ੍ਹਾਂ ਵਿੱਚ ਟਰੰਪ ਪਰਿਵਾਰ ਦੇ ਮੈਂਬਰ, ਕਾਰੋਬਾਰੀ, ਅਮਰੀਕੀ ਅਧਿਕਾਰੀ ਅਤੇ ਕੁਝ ਵਿਦੇਸ਼ੀ ਮਹਿਮਾਨ ਸ਼ਾਮਲ ਸਨ। ਟਰੰਪ ਨੇ ਕਥਿਤ ਵਿੱਤੀ ਘੁਟਾਲਿਆਂ ਨੂੰ ਵੀ ਸੰਬੋਧਿਤ ਕੀਤਾ, ਕਿਹਾ ਕਿ ਅਰਬਾਂ ਡਾਲਰ ਦੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਜਾ ਰਿਹਾ ਹੈ ਅਤੇ ਇਸਨੂੰ ਵਾਪਸ ਲਿਆ ਜਾਵੇਗਾ। ਉਨ੍ਹਾਂ ਨੇ ਇਸਨੂੰ ਦੇਸ਼ ਲਈ "ਨਵਾਂ ਅਤੇ ਬਿਹਤਰ ਸਾਲ" ਕਿਹਾ।

# ਅਮਰੀਕਾ ਤੇ ਭਾਰਤ ਦੇ ਸਬੰਧ ਤਨਾਅਪੂਰਨ-ਥਾਨੇਦਾਰ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕੀ ਕਾਂਗਰਸ ਦੇ ਮੈਂਬਰ ਥਾਨੇਦਾਰ ਨੇ ਕਿਹਾ ਹੈ ਕਿ ਵਾਸ਼ਿੰਗਟਨ ਵੱਲੋਂ ਭਾਰਤੀ ਦਰਾਮਦ ਉਪਰ ਟੈਰਿਫ਼ ਲਾਉਣ ਕਾਰਨ ਦੋਨਾਂ ਦੇਸ਼ਾਂ ਵਿਚਾਲੇ ਸਬੰਧ ਤਨਾਅਪੂਰਨ ਹਨ। ਉਨਾਂ ਨੇ ਇਹ ਪ੍ਰਗਟਾਵਾ ਆਪਣੇ ਕਰਨਾਟਕ ਦੌਰੇ ਦੌਰਾਨ ਕੀਤਾ। ਉਨਾਂ ਕਿਹਾ ਕਿ ਵਪਾਰ ਨੂੰ ਲੈ ਕੇ ਚੁੱਕੇ ਗਏ ਕਦਮ ਦੁਪਾਸੜ ਸਬੰਧਾਂ ਵਿੱਚ ਮੱਦਦਗਾਰ ਨਹੀਂ ਬਣ ਰਹੇ। ਥਾਨੇਦਾਰ ਨੇ ਦੋਨਾਂ ਦੇਸ਼ਾਂ ਵਿਚਾਲੇ ਦੁਪਾਸੜ ਭਰੋਸਾ ਵਧਾਉਣ ਦੀ ਲੋੜ ਉਪਰ ਜੋਰ ਦਿੱਤਾ। ਉਨਾਂ ਕਿਹਾ ਕਿ ਭਾਰਤ ਤੇ ਅਮਰੀਕਾ ਨੂੰ ਇੱਕ ਦੂਸਰੇ ਨਾਲ ਦੋਸਤੀ ਵਧਾਉਣ



ਦੀ ਲੋੜ ਹੈ। ਦੁਪਾਸੜ ਭਰੋਸਾ ਕਾਇਮ ਕਰਕੇ ਅੱਗੇ ਵਧਣ ਦੀ ਲੋੜ ਹੈ।

ਥਾਨੇਦਾਰ ਨੇ ਕਿਹਾ ਕਿ ਭਾਰਤ ਵੱਲੋਂ ਰੂਸ ਕੋਲੋਂ ਨਿਰੰਤਰ ਤੇਲ ਦੀ ਖਰੀਦਦਾਰੀ ਕਾਰਨ ਵਧੀ ਅਮਰੀਕੀ ਚਿੰਤਾ ਦੇ ਸਿੱਟੇ ਵਜੋਂ ਟੈਰਿਫ਼ ਲਾਉਣਾ ਪਿਆ ਸੀ ਕਿਉਂਕਿ ਵਾਸ਼ਿੰਗਟਨ ਦਾ ਮੰਨਣਾ ਹੈ ਕਿ ਭਾਰਤ ਤੇਲ ਖਰੀਦ ਕੇ ਯੁਕਰੇਨ ਨਾਲ ਯੁੱਧ ਦੌਰਾਨ ਮਾਸਕੋ ਦਾ ਸਮਰਥਨ ਕਰ ਰਿਹਾ ਹੈ ਪਰੰਤੂ ਇਸ ਸਮੇ ਦੋਨਾਂ ਦੇਸ਼ਾਂ ਨੂੰ ਦੁਪਾਸੜ ਵਿਸ਼ਵਾਸ਼ ਵਧਾਉਣ ਦੀ ਲੋੜ ਹੈ।

# ਕੈਲੀਫੋਰਨੀਆ ਵਿੱਚ 3 ਪਹਾੜੀ ਯਾਤਰੀਆਂ ਦੀਆਂ ਲਾਸ਼ਾਂ ਮਿਲੀਆਂ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਦੱਖਣੀ ਕੈਲੀਫੋਰਨੀਆ ਵਿੱਚ ਇਕ ਪਹਾੜੀ ਰਸਤੇ ਨੇੜੇ ਇੱਕ ਯਾਤਰੀ ਦੇ ਢਲਾਣ ਤੋਂ ਡਿੱਗ ਕੇ ਜਖਮੀ ਹੋ ਜਾਣ ਦੀ ਸੂਚਨਾ ਮਿਲਣ ਉਪਰੰਤ ਮੌਕੇ ਉਪਰ ਪੁੱਜੇ ਬਚਾਅ ਅਮਲੇ ਨੂੰ ਉਸ ਯਾਤਰੀ ਤੇ ਉਸ ਦੇ ਦੋ ਸਾਥੀਆਂ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ। ਸੈਨ ਬਰਨਾਰਡੀਨੋ ਕਾਊਂਟੀ ਸ਼ੈਰਿਫ ਵਿਭਾਗ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਲਾਸ਼ਾਂ ਲਾਸ ਏਂਜਲਸ ਦੇ ਪੂਰਬ ਵਿੱਚ 10 ਹਜਾਰ ਫੁੱਟ ਉੱਚੇ ਪਰਬੱਤ ਬੈਲਡੀ ਵਿਖੇ ਡੈਵਿਲਜ ਬੈਕਬੋਨ ਰਸਤੇ ਦੇ ਨਾਲ ਪਈਆਂ ਮਿਲੀਆਂ ਹਨ। ਵਿਭਾਗ ਨੇ ਕਿਹਾ ਹੈ ਕਿ ਉਸ ਨੂੰ ਕਿਸੇ ਵੱਲੋਂ ਫੋਨ ਕਰਕੇ ਦੱਸਿਆ ਗਿਆ ਸੀ ਕਿ ਉਨਾਂ ਦਾ 19 ਸਾਲਾ ਦੋਸਤ 500 ਫੁੱਟ ਹੇਠਾਂ ਡਿੱਗ ਪਿਆ ਹੈ। ਇਸ ਉਪਰੰਤ ਬਚਾਅ ਅਮਲਾ ਮੌਕੇ ਉਪਰ ਪੁੱਜਾ ਸੀ।

ਹੈਲੀਕਾਪਟਰ ਦੀ ਮੱਦਦ ਨਾਲ 3 ਵਿਅਕਤੀਆਂ ਨੂੰ ਲੱਭ ਲਿਆ ਗਿਆ ਸੀ ਪਰੰਤੂ ਤੇਜ ਹਵਾਵਾਂ ਕਾਰਨ ਹੈਲੀਕਾਪਟਰ ਜਮੀਨ ਉਪਰ ਉਤਰਨ ਵਿੱਚ ਨਾਕਾਮ ਰਿਹਾ।

ਕੁਝ ਘੰਟੇ ਬਾਅਦ ਫਿਰ ਹੈਲੀਕਾਪਟਰ ਹੇਠਾਂ ਉਤਾਰਨ ਦੀ ਕੋਸ਼ਿਸ਼ ਨਾਕਾਮ ਰਹੀ।

ਅੰਤ ਵਿੱਚ ਹੈਲੀਕਾਪਟਰ ਤੋਂ ਇਕ ਸਿਹਤ ਕਰਮਚਾਰੀ ਨੂੰ ਹੇਠਾਂ ਉਤਾਰਿਆ ਗਿਆ ਜਿਸ ਨੇ ਦਸਿਆ ਕਿ ਤਿੰਨਾਂ ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ।

Space available for Ad
Contact # +1 (209) 303-1260





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

IMMIGRATION OPPORTUNITIES

USA SERVICES :

CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :

Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001



ਬਰਜਿੰਦਰ ਕੌਰ ਬਿਸਰਾਓ
99889-01324

# ਚੁੱਪ ਸਾਧਨਾ ਹੈ ਤੇ ਬੋਲਣਾ ਇੱਕ ਕਲਾ ਹੈ

ਚੁੱਪ ਇੱਕ ਇਹੋ ਜਿਹਾ ਮਜ਼ਮੂਨ ਹੈ ਜਿਸ ਉੱਪਰ ਚਾਹੇ ਇੱਕ ਮੋਟੀ ਕਿਤਾਬ ਲਿਖ ਲਓ। "ਚੁੱਪ" ਆਪਣੇ ਆਪ ਵਿੱਚ ਜਿੰਨਾ ਛੋਟਾ ਜਿਹਾ ਸ਼ਬਦ ਹੈ,ਇਸ ਦੇ ਅਰਥ ਓਨੇ ਹੀ ਗਹਿਰੇ ਅਤੇ ਵਿਸ਼ਾਲ ਹਨ ,ਜਿੰਨਾਂ ਇਹ ਸ਼ਾਂਤ ਜਿਹਾ ਲੱਗਦਾ ਹੈ ਓਨਾ ਹੀ ਇਹ ਜਵਾਰਭਾਟਿਆਂ ਵਾਂਗੂੰ ਖੌਰੂ ਪਾਉਂਦਾ ਹੈ, ਜਿੰਨਾਂ ਸਾਊ ਲੱਗਦਾ ਹੈ ਓਨਾ ਹੀ ਇਹ ਮਿੰਨ੍ਹਾ ਜਿਹਾ ਸ਼ਰਾਰਤੀ ਜਿਹਾ ਵੀ ਹੁੰਦਾ ਹੈ। ਚੁੱਪ, ਉੱਪਰੋਂ ਉੱਪਰੋਂ ਇੱਕ ਸ਼ਾਂਤ ਦਿਸਣ ਵਾਲ਼ੇ ਸਮੁੰਦਰ ਵਾਂਗ ਹੁੰਦੀ ਹੈ ਜਿਸ ਦੇ ਅੰਦਰ ਕਿੰਨ੍ਹੇ ਹੀ ਮਗਰਮੱਛ, ਵੱਡੀਆਂ ਛੋਟੀਆਂ ਮੱਛੀਆਂ ਅਤੇ ਹੋਰ ਅਨੇਕਾਂ ਕਿਸਮਾਂ ਦੇ ਜੀਵ ਜੰਤੂ ਕੁ਼ਲਬੁ਼ਲ ਕੁ਼ਲਬੁ਼ਲ ਕਰਦੇ ਫਿਰਦੇ ਹਨ। ਬਿਲਕੁਲ ਇਸੇ ਤਰ੍ਹਾਂ ਮਨੁੱਖ ਇਕੱਲਾ ਜਾਂ ਚਹੁੰ ਜਣਿਆਂ ਵਿੱਚ ਬੈਠਾ ਚਾਹੇ ਬੁੱਲ੍ਹਾਂ ਦੀਆਂ ਦੋ ਪੱਤੀਆਂ ਨੂੰ ਜੋੜੀ ਦੋ ਘੰਟੇ ਬੈਠਾ ਰਹੇ ਪਰ ਉਸ ਦੇ ਅੰਦਰਲੇ ਖਿਆਲਾਂ ਵਾ਼ਲੇ ਜੀਵ ਜੰਤੂ ਉਸ ਨੂੰ ਇੱਕ ਮਿੰਟ ਵੀ ਸ਼ਾਂਤ ਨਹੀਂ ਰਹਿਣ ਦਿੰਦੇ। ਇਹ ਸ਼ੋਰ ਉੱਚੀ ਉੱਚੀ ਬੋਲ ਕੇ ਰੌ਼ਲਾ ਪਾਉਣ ਵਾਲੇ ਸ਼ੋਰ ਨਾਲੋਂ ਕਿਤੇ ਜ਼ਿਆਦਾ ਹੁੰਦਾ ਹੈ। ਜੇ ਦੇਖਿਆ ਜਾਏ ਤਾਂ ਚੁੱਪ ਨੂੰ ਵੀ ਕਈ ਤਰ੍ਹਾਂ ਨਾਲ ਪ੍ਰਭਾਸ਼ਿਤ ਕੀਤਾ ਜਾਂਦਾ ਹੈ।

ਗੁਰਬਾਣੀ ਦੀ ਤੁਕ,"ਜਿਥੈ ਬੋਲਣਿ ਹਾਰੀਐ ਤਿਥੈ ਭਲੀ ਚੁੱਪ" ਅਨੁਸਾਰ ਜਿੱਥੇ ਜ਼ਿਆਦਾ ਬੋਲ ਕੇ ਦੂਜਿਆਂ ਸਾਹਮਣੇ ਹੇਠੀ ਹੁੰਦੀ ਹੋਵੇ ਜਾਂ ਤੁਹਾਡੇ ਬੋਲਾਂ ਨੂੰ ਕੋਈ ਤਰਜੀਹ ਨਾ ਦੇ ਰਿਹਾ ਹੋਵੇ ਤਾਂ ਉੱਥੇ ਚੁੱਪ ਕਰ ਜਾਣਾ ਚਾਹੀਦਾ ਹੈ। ਆਪਣਾ ਸਵੈਮਾਣ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਚੁੱਪ ਹੀ ਹੁੰਦਾ ਹੈ। ਚੁੱਪ ਨੂੰ ਸੁੱਖ ਦਾ ਸਾਧਨ ਦਰਸਾਉਣ ਲਈ ਵੱਡਿਆਂ ਵੱਲੋਂ ਛੋਟਿਆਂ ਨੂੰ ਅਕਲ ਦਿੰਦੇ ਹੋਏ ਜਾਂ ਲੜਾਈ ਝਗੜੇ ਨੂੰ ਵਿਰਾਮ ਦੇਣ ਲਈ ਥੋੜੀ ਜਿਹੀ ਸਿਆਣੀ ਧਿਰ ਨੂੰ ਸਮਝਾਉਣ ਲਈ 'ਇੱਕ ਚੁੱਪ ਸੌ ਸੁੱਖ ' ਮੁਹਾਵਰਾ ਵੀ ਆਮ ਕਰਕੇ ਵਰਤਿਆ ਜਾਂਦਾ ਹੈ। ਪਰ ਕਈ ਕਈ ਵਾਰ ਚੁੱਪ ਵਰਦਾਨ ਸਾਬਿਤ ਹੁੰਦੀ ਹੈ ਪਰ ਹਰ ਵਾਰ ਵਰਦਾਨ ਵੀ ਸਾਬਿਤ ਨਹੀਂ ਹੋ ਸਕਦੀ।

ਸਿਆਣੇ ਕਹਿੰਦੇ ਹਨ ਕਿ "ਅੱਤ ਭਲਾ ਨਾ ਬੋਲਣਾ, ਅੱਤ ਨਾ ਭਲੀ ਚੁੱਪ, ਅੱਤ ਨਾ ਭਲਾ ਮੇਘਲਾ, ਅੱਤ ਨਾ ਭਲੀ ਧੁੱਪ" ਇਹ ਗੱਲ ਵੀ ਬਿਲਕੁਲ ਸਹੀ ਹੈ ਕਿਉਂਕਿ ਜੇ ਬਹੁਤਾ ਬੋਲਣ ਨਾਲ ਪੁਆੜੇ ਪੈ ਜਾਂਦੇ ਹਨ ਤਾਂ ਕਈ ਵਾਰੀ ਚੁੱਪ ਰਹਿਣ ਨਾਲ ਉਸ ਤੋਂ ਕਿਤੇ ਵੱਧ ਪੁਆੜੇ ਪੈ ਸਕਦੇ ਹਨ। ਜਿੱਥੇ ਘਰਾਂ ਪਰਿਵਾਰਾਂ ਵਿੱਚ, ਦਫ਼ਤਰਾਂ ਵਿੱਚ ਜਾਂ ਦੋਸਤਾਂ ਮਿੱਤਰਾਂ ਵਿੱਚ, ਰਿਸ਼ਤਿਆਂ ਵਿੱਚ ਜਾਂ ਆਂਢ ਗੁਆਂਢ ਵਿੱਚ ਬਹੁਤਾ ਬੋਲ ਕੇ ਫਿੱਕ ਪੈ ਜਾਂਦੇ ਹਨ ਉੱਥੇ ਕਈ ਵਾਰ ਸਹੀ ਜਾਂ ਗ਼ਲਤ ਧਿਰ ਬਾਰੇ ਆਪਣਾ ਪੱਖ ਰੱਖਣ ਜਾਂ ਆਪਣੇ ਵਿਚਾਰ ਪੇਸ਼ ਕਰਨ ਦੀ ਬਿਜਾਏ ਚੁੱਪ ਧਾਰ ਲਈ ਜਾਵੇ ਤਾਂ ਉਹ ਚੁੱਪ ਵੀ ਖ਼ਤਰਨਾਕ ਸਾਬਤ ਹੁੰਦੀ ਹੈ। ਕਈ ਵਾਰ ਰਿਸ਼ਤਿਆਂ ਵਿੱਚ ਪਾਰਦਰਸ਼ਤਾ ਲਿਆਉਣ ਲਈ ਚੁੱਪ ਤੋੜਨੀ ਜ਼ਰੂਰੀ ਹੁੰਦੀ ਹੈ,ਕਈ ਤਰ੍ਹਾਂ ਦੀਆਂ ਗ਼ਲਤ ਫ਼ਹਿਮੀਆਂ ਦੂਰ ਕਰਨ ਲਈ ਵੀ ਚੁੱਪ ਤੋੜਨੀ ਬਹੁਤ ਜ਼ਰੂਰੀ ਹੁੰਦੀ ਹੈ। ਕਈ ਵਾਰ ਇੱਕ ਧਿਰ ਵੱਲੋਂ ਧਾਰੀ ਹੋਈ ਚੁੱਪ ਦੋ ਪਿਆਰ ਕਰਨ ਵਾਲਿਆਂ ਨੂੰ ਜਾਂ ਰਿਸ਼ਤੇਦਾਰਾਂ ਨੂੰ ਸਦਾ ਲਈ ਇੱਕ ਦੂਜੇ ਤੋਂ ਦੂਰ ਕਰ ਦਿੰਦੀ ਹੈ।

ਹੁਣ ਆਪਾਂ ਮਨੁੱਖ ਦੇ ਇਕਾਂਤ ਵਾ਼ਲੀ ਚੁੱਪ ਤੇ ਵੀ ਨਜ਼ਰ ਮਾਰ ਲਈਏ । ਜਦੋਂ ਮਨੁੱਖ ਆਪਣੇ ਕਮਰੇ ਵਿੱਚ ,ਘਰ ਵਿੱਚ, ਸਫ਼ਰ ਕਰਦਿਆਂ ,ਦਫ਼ਤਰ ਵਿੱਚ ਇਕੱਲੇ ਬੈਠਿਆਂ ਜਾਂ ਕਿਧਰੇ ਹੋਰ ਬਿਲਕੁਲ ਇਕੱਲਾ ਚੁੱਪ ਬੈਠਾ ਹੋਵੇ ਤਾਂ ਉਦੋਂ ਉਸ ਅੰਦਰ ਵਿਚਾਰਾਂ ਦੀ ਗਤੀ ਬਹੁਤ ਤੇਜ਼ ਰਫ਼ਤਾਰੀ ਨਾਲ ਚੱਲ ਰਹੀ ਹੁੰਦੀ ਹੈ। ਉਹਨਾਂ ਵਿਚਾਰਾਂ ਵਿੱਚੋਂ ਹੀ ਉਸ ਅੰਦਰੋਂ ਇੱਕ ਊਰਜਾ, ਇੱਕ ਚੇਤਨਾ, ਇੱਕ ਸੰਘਰਸ਼ ਉਪਜਦਾ ਹੈ। ਜੇ ਕਿਤੇ ਇਸ ਇਕਾਂਤ ਵਾ਼ਲੀ ਚੁੱਪ ਵਿੱਚ ਮਨੁੱਖ ਸਾਕਾਰਾਤਮਕ ਸੋਚ ਰੂਪੀ ਬੀਜ ਪਾ ਦੇਵੇ ਤਾਂ ਇਸ ਵਿੱਚੋਂ ਉਸ ਦੇ ਚੰਗੇ ਭਵਿੱਖ ਨਿਰਮਾਣ ਲਈ ਸੁਗੰਧੀਆਂ ਮਾਰਨ ਵਾਲੇ ਨਵੇਂ ਬੂਟੇ ਉੱਗਣ ਲੱਗਣਗੇ ਤੇ ਉਹ ਆਪਣੇ ਸਮਾਜ ਅਤੇ ਦੇਸ਼ ਲਈ ਵੀ ਚੰਗੀਆਂ ਯੋਜਨਾਵਾਂ ਰੂਪੀ ਬਗੀਚੀ ਉਗਾ ਸਕਦਾ ਹੈ ਜਿਸ ਦੀ ਮਹਿਕ ਚਾਰੇ ਪਾਸੇ ਫੈਲੇਗੀ ।

ਜੇ ਕਿਤੇ ਇਕਾਂਤ ਵਾ਼ਲੀ ਚੁੱਪ ਵਿੱਚ ਉਹ ਨਾਕਾਰਾਤਮਕ ਸੋਚ ਨੂੰ ਪਾਲਣ ਲੱਗ ਜਾਵੇ ਤਾਂ ਅੱਤ ਦਾ ਗੁੱਸਾ ਅੰਦਰੋਂ ਅੰਦਰ ਪੈਦਾ ਹੋ ਕੇ ਜਵਾਲਾ ਦਾ ਰੂਪ ਧਾਰਨ ਕਰ ਸਕਦਾ ਹੈ ਤੇ ਡਿਪਰੈਸ਼ਨ ਵਰਗੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਕੇ ਆਤਮਘਾਤ ਵਰਗੀਆਂ ਘਟਨਾਵਾਂ ਨੂੰ ਵੀ ਅੰਜਾਮ ਦੇ ਸਕਦਾ ਹੈ। ਜੇ ਉਹੀ ਮਨੁੱਖ ਆਪਣੀ ਚੁੱਪ ਨੂੰ ਤੋੜ ਕੇ ਆਪਣੇ ਅੰਦਰ ਚੱਲ ਰਹੇ ਵਿਚਾਰਾਂ ਨੂੰ ਕਿਸੇ ਨਾਲ ਸਾਂਝਾ ਕਰ ਲਵੇ ਤਾਂ ਆਤਮਘਾਤ ਵਰਗੀਆਂ ਘਟਨਾਵਾਂ ਤੋਂ ਬਚ ਸਕਦਾ ਹੈ। ਪਹਿਲਾਂ ਪਹਿਲ ਵੱਡੇ ਪਰਿਵਾਰਾਂ ਦੇ ਚੱਲਦੇ ਸਭ ਨਾਲ ਗੱਲਾਂ ਬਾਤਾਂ ਕਰਦੇ ਸਮਾਂ ਬੀਤ ਜਾਂਦਾ ਸੀ ਕਿਸੇ ਕੋਲ ਅਲੱਗ ਇਕੱਲੇ ਬੈਠ ਕੇ ਲੰਮਾ ਸਮਾਂ ਵਿਚਾਰਾਂ ਦੀ ਲੜਾਈ ਨਹੀਂ ਲੜਨੀ ਪੈਂਦੀ ਸੀ ਜਿਸ ਕਰਕੇ ਹਰ ਵਿਅਕਤੀ ਦਾ ਚਿਹਰਾ ਖਿੜਿਆ ਖਿੜਿਆ ਰਹਿੰਦਾ ਸੀ।

ਸੋ ਮੁੱਕਦੀ ਗੱਲ ਇਹ ਹੈ ਕਿ "ਚੁੱਪ ਇੱਕ ਸਾਧਨਾ ਹੈ ਤੇ ਬੋਲਣਾ ਇੱਕ ਕਲਾ ਹੈ" ਦੇ ਸਿਧਾਂਤ ਤੇ ਚੱਲਦਿਆਂ ਆਪਣੀ ਜ਼ਿੰਦਗੀ ਨੂੰ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਬਣਾਈਏ। ਜਿੱਥੇ ਬੋਲ ਕੇ ਮਸਲੇ ਹੱਲ ਕੀਤੇ ਜਾ ਸਕਦੇ ਹੋਣ ਉੱਥੇ ਚੁੱਪ ਰਹਿਣਾ ਮੂਰਖਤਾ ਹੋਵੇਗੀ ਤੇ ਜਿੱਥੇ ਚੁੱਪ ਰਹਿ ਕੇ ਹੱਲ ਨਿਕਲਦੇ ਹੋਣ ਉੱਥੇ ਚੁੱਪ ਹੀ ਭਲੀ ਹੁੰਦੀ ਹੈ ਪਰ ਇਕਾਂਤ ਵਾ਼ਲੀ ਚੁੱਪ ਦਾ ਇਸਤੇਮਾਲ ਬਹੁਤ ਧਿਆਨ ਪੂਰਵਕ ਕਰਨਾ ਚਾਹੀਦਾ ਹੈ ਕਿਉਂਕਿ ਉਸ ਦੀ ਮਨੁੱਖੀ ਜੀਵਨ ਵਿੱਚ ਬਹੁਤ ਅਹਿਮੀਅਤ ਹੈ। ਅੱਜ ਕੱਲ੍ਹ ਛੋਟੇ ਪਰਿਵਾਰ ਹੋਣ ਕਰਕੇ ਵੱਡਿਆਂ ਅਤੇ ਬੱਚਿਆਂ ਉੱਪਰ ਇਕਾਂਤ ਵਾ਼ਲੀ ਚੁੱਪ ਦਾ ਪਹਿਰਾ ਹੈ।

ਇਸ ਲਈ ਜਦੋਂ ਵੀ ਘਰ ਵਿੱਚ ਪਰਿਵਾਰ ਦੇ ਬਾਕੀ ਜੀਆਂ ਨਾਲ ਇਕੱਠੇ ਬੈਠਣ ਲਈ ਵਕ਼ਤ ਮਿ਼ਲੇ ਤਾਂ ਉਸ ਸਮੇਂ ਹਾਂ ਪੱਖੀ ਹਾਲਾਤਾਂ ਨੂੰ ਸਿਰਜਿਆ ਜਾਵੇ ਅਤੇ ਆਪਸੀ ਗੱਲਬਾਤ ਸਾਕਾਰਾਤਮਕ ਤਰੀਕੇ ਨਾਲ ਨਿਬੇੜੀ ਜਾਵੇ ਕਿਉਂਕਿ ਇਹੀ ਵਿਚਾਰ ਇਕਾਂਤ ਵਾ਼ਲੀ ਚੁੱਪ ਵਿੱਚ ਘੁੰਮਦੇ ਘੁੰਮਦੇ ਸੋਚਾਂ ਬਣ ਕੇ ਕਈ ਗੁਣਾਂ ਵਧ ਜਾਂਦੇ ਹਨ । ਜਿਸ ਨਾਲ ਇਹੀ ਪੱਖ ਹਰ ਮਨੁੱਖ ਦਾ ਰਵੱਈਆ ਬਣ ਕੇ ਉੱਭਰਦਾ ਹੈ। ਇਸ ਲਈ ਹਰ ਵਿਅਕਤੀ ਦੀ ਸ਼ਖ਼ਸੀਅਤ ਦੇ ਨਿਰਮਾਣ ਵਿੱਚ ਜਿੱਥੇ ਇਕਾਂਤ ਵਾ਼ਲੀ ਚੁੱਪ ਵਿੱਚੋਂ ਉਪਜੀ ਸੋਚ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ ਉੱਥੇ ਹੀ ਉਸ ਵੱਲੋਂ ਸਹੀ ਸਮੇਂ ਬੋਲੇ ਜਾਣ ਵਾਲੇ ਅਰਥ ਭਰਪੂਰ ਸ਼ਬਦ ਵੀ ਉਸ ਦੀ ਅਕਲ ਦਾ ਪ੍ਰਗਟਾਵਾ ਕਰਦੇ ਹਨ।






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# TAKE CONTROL OF YOUR HEALTH!

## PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ

**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਜਦੋਂ ਕਲਾਸਰੂਮ ਫੇਲ ਹੋ ਜਾਂਦੇ ਹਨ ਤਾਂ ਪਹਿਲਾਂ ਸਟਾਫ ਰੂਮ ਵੱਲ ਦੇਖੋ

ਜਿਵੇਂ-ਜਿਵੇਂ ਅਕਾਦਮਿਕ ਸਾਲ ਨੇੜੇ ਆ ਰਿਹਾ ਹੈ, ਦੇਸ਼ ਭਰ ਦੇ ਸਕੂਲ ਸਮੇਟਣ ਦੀ ਇੱਕ ਜਾਣੀ-ਪਛਾਣੀ ਰਸਮ ਵਿੱਚ ਚਲੇ ਜਾਂਦੇ ਹਨ। ਸਾਲਾਨਾ ਰਿਪੋਰਟਾਂ ਤਿਆਰ ਕੀਤੀਆਂ ਜਾਂਦੀਆਂ ਹਨ, ਪ੍ਰਾਪਤੀਆਂ ਦੀ ਸੂਚੀ ਦਿੱਤੀ ਜਾਂਦੀ ਹੈ, ਫੋਟੋਆਂ ਚੁਣੀਆਂ ਜਾਂਦੀਆਂ ਹਨ ਅਤੇ ਤਰੱਕੀ ਦੀਆਂ ਕਹਾਣੀਆਂ ਨੂੰ ਧਿਆਨ ਨਾਲ ਇਕੱਠਾ ਕੀਤਾ ਜਾਂਦਾ ਹੈ। ਇਸ ਸਾਲ ਦੇ ਅੰਤ ਦੀ ਕਸਰਤ ਦਾ ਉਦੇਸ਼ ਪ੍ਰਤੀਬਿੰਬ ਅਤੇ ਜਵਾਬਦੇਹੀ ਨੂੰ ਸੰਕੇਤ ਦੇਣਾ ਹੈ, ਫਿਰ ਵੀ ਜੋ ਅਕਸਰ ਗੁੰਮ ਹੁੰਦਾ ਹੈ ਉਹ ਸਟਾਫਰੂਮ ਸੱਭਿਆਚਾਰ ਦੀ ਕੋਈ ਗੰਭੀਰ ਜਾਂਚ ਹੈ, ਭਾਵੇਂ ਇਸਦਾ ਅਧਿਆਪਨ ਦੀ ਗੁਣਵੱਤਾ, ਸਟਾਫ਼ ਦੇ ਮਨੋਬਲ ਅਤੇ ਕਲਾਸਰੂਮਾਂ ਦੀ ਸਥਿਰਤਾ 'ਤੇ ਸਿੱਧਾ ਪ੍ਰਭਾਵ ਪੈਂਦਾ ਹੈ।

ਸਟਾਫ਼ ਰੂਮ ਨੂੰ ਕਈ ਵਾਰ ਇੱਕ ਗੈਰ-ਰਸਮੀ ਜਗ੍ਹਾ ਵਜੋਂ ਮੰਨਿਆ ਜਾਂਦਾ ਹੈ, ਪਰ ਅਭਿਆਸ ਵਿੱਚ ਇਹ ਸਕੂਲ ਦੇ ਭਾਵਨਾਤਮਕ ਅਤੇ ਪੇਸ਼ੇਵਰ ਕੇਂਦਰ ਵਜੋਂ ਕੰਮ ਕਰਦਾ ਹੈ, ਰੋਜ਼ਾਨਾ ਗੱਲਬਾਤ ਨੂੰ ਆਕਾਰ ਦਿੰਦਾ ਹੈ ਅਤੇ ਸਿੱਖਿਆ ਕਿਵੇਂ ਸਾਹਮਣੇ ਆਉਂਦੀ ਹੈ ਇਸ 'ਤੇ ਪ੍ਰਭਾਵ ਪਾਉਂਦਾ ਹੈ।ਜਦੋਂ ਕਲਾਸਰੂਮ ਸੰਘਰਸ਼ ਕਰਨਾ ਸ਼ੁਰੂ ਕਰਦੇ ਹਨ, ਤਾਂ ਸਪੱਸ਼ਟੀਕਰਨ ਆਮ ਤੌਰ 'ਤੇ ਸੰਸਥਾ ਦੇ ਬਾਹਰ ਸਥਿਤ ਹੁੰਦੇ ਹਨ। ਕਿਹਾ ਜਾਂਦਾ ਹੈ ਕਿ ਵਿਦਿਆਰਥੀ ਵਿਚਲਿਤ ਹੁੰਦੇ ਹਨ, ਮਾਪਿਆਂ ਨੂੰ ਮੰਗ ਕਰਨ ਵਾਲੇ ਲੇਬਲ ਦਿੱਤੇ ਜਾਂਦੇ ਹਨ, ਤਕਨਾਲੋਜੀ ਨੂੰ ਧਿਆਨ ਦੇ ਸਮੇਂ ਨੂੰ ਘਟਾਉਣ ਲਈ ਦੋਸ਼ੀ ਠਹਿਰਾਇਆ ਜਾਂਦਾ ਹੈ, ਅਤੇ ਪਾਠਕ੍ਰਮ ਨੂੰ ਬਹੁਤ ਜ਼ਿਆਦਾ ਦੱਸਿਆ ਜਾਂਦਾ ਹੈ। ਜੋ ਘੱਟ ਹੀ ਸਵੀਕਾਰ ਕੀਤਾ ਜਾਂਦਾ ਹੈ ਉਹ ਇਹ ਹੈ ਕਿ ਸਿੱਖਿਆ ਇੱਕ ਨਿਰਪੱਖ ਜਾਂ ਮਕੈਨੀਕਲ ਗਤੀਵਿਧੀ ਨਹੀਂ ਹੈ: ਇਹ ਡੂੰਘੀ ਭਾਵਨਾਤਮਕ ਅਤੇ ਸੰਬੰਧਿਤ ਹੈ, ਜਿਸ ਵਿੱਚ ਅਧਿਆਪਕ ਕੰਮ ਕਰਦੇ ਹਨ। ਸਮੇਂ ਦੇ ਨਾਲ, ਸਟਾਫਰੂਮ ਇੱਕ ਅਦਿੱਖ ਪਾਠਕ੍ਰਮ ਬਣ ਜਾਂਦਾ ਹੈ, ਜੋ ਦਰਜਾਬੰਦੀ, ਧੀਰਜ ਅਤੇ ਕਿਸ ਦੀ ਕਦਰ ਕੀਤੀ ਜਾਂਦੀ ਹੈ ਬਾਰੇ ਅਣ-ਬੋਲੇ ਨਿਯਮਾਂ ਨੂੰ ਪਾਸ ਕਰਦਾ ਹੈ। ਜਦੋਂ ਇਸ ਸਪੇਸ ਨੂੰ ਚੋਣਵੇਂ ਮਾਨਤਾ, ਪ੍ਰਦਰਸ਼ਨਕਾਰੀ ਪਾਲਣਾ, ਦੱਬੇ ਹੋਏ ਅਸਹਿਮਤੀ ਅਤੇ ਥਕਾਵਟ ਦੀ ਸ਼ਾਂਤ ਸਵੀਕ੍ਰਿਤੀ ਦੁਆਰਾ ਚਿੰਨ੍ਹਿਤ ਕੀਤਾ ਜਾਂਦਾ ਹੈ, ਤਾਂ ਸਮੱਸਿਆਵਾਂ ਅਚਾਨਕ ਪ੍ਰਗਟ ਨਹੀਂ ਹੁੰਦੀਆਂ; ਉਹ ਇਕੱਠੀਆਂ ਹੋ ਜਾਂਦੀਆਂ ਹਨ। ਅੰਤਮ ਮਿਆਦ ਤੱਕ, ਬਹੁਤ ਸਾਰੇ ਅਧਿਆਪਕ ਨਾ ਸਿਰਫ਼ ਥੱਕੇ ਹੋਏ ਹਨ ਬਲਕਿ ਭਾਵਨਾਤਮਕ ਤੌਰ 'ਤੇ ਨਿਕਾਸ ਹੋ ਗਏ ਹਨ।ਅਜਿਹੀਆਂ ਸਥਿਤੀਆਂ ਵਿੱਚ, ਅਧਿਆਪਨ ਸੂਖਮ ਤਰੀਕਿਆਂ ਨਾਲ ਬਦਲਦਾ ਹੈ। ਧੀਰਜ ਤੰਗ ਹੋ ਜਾਂਦਾ ਹੈ, ਪ੍ਰਯੋਗ ਕਰਨਾ ਜੋਖਮ ਭਰਿਆ ਮਹਿਸੂਸ ਹੁੰਦਾ ਹੈ, ਅਤੇ ਸਬਕ ਰੁਝੇਵਿਆਂ ਦੀ ਬਜਾਏ ਰੁਟੀਨ ਨੂੰ ਪੂਰਾ ਕਰਨ ਵੱਲ ਵਧਦੇ ਹਨ। ਵਿਦਿਆਰਥੀਆਂ ਨੂੰ ਜਵਾਬ ਦੇਣ ਦੀ ਬਜਾਏ ਸਿਲੇਬਸ ਨੂੰ ਪੂਰਾ ਕਰਨ ਵੱਲ ਧਿਆਨ ਦਿੱਤਾ ਜਾਂਦਾ ਹੈ। ਨੌਜਵਾਨ ਬਾਲਗਾਂ ਵਿੱਚ ਅਸੰਗਤਤਾ ਨੂੰ ਜਲਦੀ ਮਹਿਸੂਸ ਕਰਦੇ ਹਨ। ਉਹਨਾਂ ਦੀ ਪ੍ਰਤੀਕ੍ਰਿਆ ਉਦਾਸੀਨਤਾ, ਵਾਪਸੀ ਜਾਂ ਪੈਸਿਵ ਵਿਰੋਧ ਹੋ ਸਕਦੀ ਹੈ। ਜਿਸ ਨੂੰ ਕਲਾਸਰੂਮ ਡਿਸਆਰਡਰ ਦਾ ਲੇਬਲ ਦਿੱਤਾ ਜਾਂਦਾ ਹੈ ਉਹ ਅਕਸਰ ਪੇਸ਼ੇਵਰ ਵਾਤਾਵਰਣ ਦਾ ਨਤੀਜਾ ਹੁੰਦਾ ਹੈ ਜੋ ਪਹਿਲਾਂ ਹੀ ਅਧਿਆਪਕਾਂ ਦੀ ਸੁਰੱਖਿਆ ਅਤੇ ਉਦੇਸ਼ ਦੀ ਭਾਵਨਾ ਨੂੰ ਕਮਜ਼ੋਰ ਕਰ ਚੁੱਕੇ ਹਨ।ਇਹਨਾਂ ਸਭਿਆਚਾਰਾਂ ਨੂੰ ਕਾਇਮ ਰੱਖਣ ਜਾਂ ਚੁਣੌਤੀ ਦੇਣ ਵਿੱਚ ਲੀਡਰਸ਼ਿਪ ਦੀ ਇੱਕ ਨਿਰਣਾਇਕ ਭੂਮਿਕਾ ਹੁੰਦੀ ਹੈ। ਇਹ ਘੱਟ ਹੀ ਨਾਟਕੀ ਹੁੰਦਾ ਹੈ।

ਅਕਸਰ ਇਹ ਅਸਹਿਮਤੀ ਦੀ ਅਸਹਿਣਸ਼ੀਲਤਾ, ਅਸਪਸ਼ਟ ਫੈਸਲੇ ਲੈਣ, ਅਸਮਾਨ ਜਵਾਬਦੇਹੀ ਅਤੇ ਮਾਨਤਾ ਦੇ ਰੂਪ ਵਿੱਚ ਪ੍ਰਗਟ ਹੁੰਦਾ ਹੈ ਜੋ ਪਦਾਰਥ ਉੱਤੇ ਦਿੱਖ ਨੂੰ ਤਰਜੀਹ ਦਿੰਦਾ ਹੈ। ਨਿਯੰਤਰਣ ਨੂੰ ਅਧਿਕਾਰ ਨਾਲ ਉਲਝਾਇਆ ਜਾਂਦਾ ਹੈ, ਗਤੀ ਨੂੰ ਪ੍ਰਭਾਵ ਲਈ ਗਲਤ ਸਮਝਿਆ ਜਾਂਦਾ ਹੈ। ਮੀਟਿੰਗਾਂ ਸਮਝੌਤੇ ਦੇ ਰਸਮ ਬਣ ਜਾਂਦੀਆਂ ਹਨ, ਅਤੇ ਅਧਿਆਪਕ ਸਿੱਖਦੇ ਹਨ ਕਿ ਪਾਲਣਾ ਵਿੱਚ ਨਿਰਣੇ ਨਾਲੋਂ ਘੱਟ ਜੋਖਮ ਹੁੰਦੇ ਹਨ। ਡਰ ਹੌਲੀ-ਹੌਲੀ ਸੰਗਠਿਤ ਸਿਧਾਂਤ ਬਣ ਜਾਂਦਾ ਹੈ, ਭਾਵੇਂ ਇਹ ਵਿਸ਼ਵਾਸ ਅਤੇ ਪਹਿਲਕਦਮੀ ਨੂੰ ਖਤਮ ਕਰ ਦਿੰਦਾ ਹੈ। ਇਸ ਦੇ ਨਾਲ-ਨਾਲ ਪੀਅਰ ਦੀ ਗੁੰਝਲਤਾ ਵੀ ਹੈ: ਸਟਾਫ਼ ਰੂਮ ਅਜਿਹੀਆਂ ਥਾਵਾਂ ਵਿੱਚ ਬਦਲ ਸਕਦੇ ਹਨ ਜਿੱਥੇ ਗੱਪਾਂ ਸਮਰਥਨ ਦੀ ਥਾਂ ਲੈਂਦੀਆਂ ਹਨ, ਇਕਸੁਰਤਾ ਦੇ ਨਾਮ 'ਤੇ ਔਸਤ ਪ੍ਰਦਰਸ਼ਨ ਦਾ ਬਚਾਅ ਕੀਤਾ ਜਾਂਦਾ ਹੈ, ਅਤੇ ਇੱਕ ਨਾਜ਼ੁਕ ਸੰਤੁਲਨ ਨੂੰ ਵਿਗਾੜਨ ਲਈ ਮਜ਼ਬੂਤ ਕੰਮ ਤੋਂ ਨਾਰਾਜ਼ ਹੁੰਦਾ ਹੈ।ਜੇਕਰ ਸਾਲ ਦੇ ਅੰਤ ਵਿੱਚ ਪ੍ਰਤੀਬਿੰਬ ਮਾਇਨੇ ਰੱਖਣਾ ਹੈ, ਤਾਂ ਇਸ ਨੂੰ ਇਹਨਾਂ ਹਕੀਕਤਾਂ ਨੂੰ ਸੰਬੋਧਿਤ ਕਰਨਾ ਚਾਹੀਦਾ ਹੈ। ਚੇਤਾਵਨੀ ਸੰਕੇਤਾਂ ਦੀ ਪਛਾਣ ਕਰਨ ਲਈ ਇਮਾਨਦਾਰੀ ਅਤੇ ਹਿੰਮਤ ਦੀ ਲੋੜ ਹੁੰਦੀ ਹੈ। ਸਤਹੀ ਤੰਦਰੁਸਤੀ ਪ੍ਰੋਗਰਾਮ ਜਾਂ ਵਿਦਿਆਰਥੀ-ਕੇਂਦਰਿਤ ਪਹਿਲਕਦਮੀਆਂ ਅਧਿਆਪਕਾਂ ਨੂੰ ਥਕਾ ਦੇਣ ਵਾਲੇ ਵਾਤਾਵਰਣ ਦੀ ਪੂਰਤੀ ਨਹੀਂ ਕਰ ਸਕਦੀਆਂ। ਜਦੋਂ ਸਟਾਫਰੂਮ ਸੱਭਿਆਚਾਰ ਵਿੱਚ ਸੁਧਾਰ ਹੁੰਦਾ ਹੈ, ਤਾਂ ਹੋਰ ਤਬਦੀਲੀਆਂ ਹੁੰਦੀਆਂ ਹਨ। ਅਧਿਆਪਕ ਵਿਸ਼ਵਾਸ ਮੁੜ ਪ੍ਰਾਪਤ ਕਰਦੇ ਹਨ, ਸਹਿਯੋਗ ਮਜ਼ਬੂਤ ਹੁੰਦਾ ਹੈ, ਅਤੇ ਕਲਾਸਰੂਮ ਸਥਿਰ ਹੋ ਜਾਂਦੇ ਹਨ। ਅਨੁਸ਼ਾਸਨ ਪ੍ਰਤੀਕਿਰਿਆਸ਼ੀਲ ਹੋਣ ਦੀ ਬਜਾਏ ਰੋਕਥਾਮ ਵਿੱਚ ਵਧਦਾ ਹੈ, ਨਵੀਨਤਾ ਸਾਂਝੀ ਮਹਿਸੂਸ ਕਰਦੀ ਹੈ, ਅਤੇ ਸਿਖਲਾਈ ਦਿਸ਼ਾ ਮੁੜ ਪ੍ਰਾਪਤ ਕਰਦੀ ਹੈ ਕਿਉਂਕਿ ਸਿੱਖਿਅਕ ਅਗਲੇ ਸਾਲ ਸਕੂਲ ਭਾਈਚਾਰੇ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਪਰਿਵਾਰਾਂ ਲਈ ਬਚਾਅ ਮੋਡ ਵਿੱਚ ਕੰਮ ਨਹੀਂ ਕਰ ਰਹੇ ਹਨ।



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ


Now Open New Banquet Hall in Sacramento
For more info: Contact Paul : (916)334-6000







ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


Pal Films
Production
All Your Photo/Videography &
Post Production needs Under One Roof
RED PRO
5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

ਹਿੰਦੀ ਮਿੰਨੀ ਕਹਾਣੀ

# ਉਮੀਦ



ਹੱਡੀਆਂ ਨੂੰ ਯਖ਼ ਕਰਨ ਵਾਲੀ ਠੰਡ ਵਿੱਚ ਦਰਵਾਜ਼ੇ ਤੇ ਕੋਈ ਦਸਤਕ ਦੇ ਰਿਹਾ ਸੀ। ਉਹ ਝੱਟ ਉੱਠਿਆ ਅਤੇ ਕੰਧ 'ਤੇ ਲੱਗੀ ਘੜੀ ਵੱਲ ਵੇਖਿਆ। ਸਵੇਰ ਦੇ ਡੇਢ ਵੱਜੇ ਸਨ। 'ਰਾਤ ਦੇ ਇਸ ਸਮੇਂ ਕੌਣ ਹੋਵੇਗਾ! ਰੱਬ ਖ਼ੈਰ ਕਰੇ!' ਬਹੁਤ ਡਰਦੇ-ਡਰਦੇ ਉਹਨੇ ਦਰਵਾਜ਼ਾ ਖੋਲ੍ਹਿਆ। ਇੱਕ ਘਬਰਾਇਆ ਹੋਇਆ ਆਦਮੀ ਉਸਦੇ ਸਾਹਮਣੇ ਖੜ੍ਹਾ ਸੀ।

"ਕੌਣ ਹੋ ਤੁਸੀਂ? ਕੀ ਗੱਲ ਹੈ?"

"ਇਸ ਸ਼ਹਿਰ ਵਿੱਚ ਮੈਂ ਪਹਿਲੀ ਵਾਰ ਆਇਆ ਹਾਂ। ਮੈਂ ਤੁਹਾਡੇ ਘਰ ਦੇ ਨੇੜੇ ਧਰਮਸ਼ਾਲਾ ਵਿੱਚ ਰਹਿ ਰਿਹਾ ਹਾਂ। ਮੇਰੀ ਬੇਟੀ ਦੀ ਸਵੇਰੇ ਸੱਤ ਵਜੇ ਮੁਕਾਬਲਾ-ਪ੍ਰੀਖਿਆ ਹੈ। ਰਾਤੀਂ ਖਾਣਾ ਖਾਣ ਤੋਂ ਬਾਅਦ ਉਸਨੂੰ ਅਚਾਨਕ ਅਸਹਿ ਪੇਟ ਦਰਦ ਹੋਣ ਲੱਗ ਪਿਆ। ਮੈਂ ਓਹੜ-ਪੋਹੜ ਕਰਨ ਦੀ ਬਹੁਤ ਕੋਸ਼ਿਸ਼ ਕੀਤੀ, ਪਰ ਦਰਦ ਘੱਟ ਨਹੀਂ ਹੋਇਆ।"

"ਤਾਂ, ਮੈਂ ਤੁਹਾਡੀ ਕੀ ਮਦਦ ਕਰ ਸਕਦਾ ਹਾਂ?"

"ਮੇਰੇ ਇੱਕ ਜਾਣਕਾਰ ਡਾਕਟਰ ਨੇ ਫ਼ੋਨ 'ਤੇ ਬੀਮਾਰੀ ਦੇ ਲੱਛਣ ਸੁਣ ਕੇ ਐਮਰਜੈਂਸੀ ਦੇ ਹਿਸਾਬ ਨਾਲ ਇੱਕ ਦਵਾਈ ਲੈਣ ਬਾਰੇ ਕਿਹਾ ਹੈ। ਉਨ੍ਹਾਂ ਨੇ ਦੱਸਿਆ ਹੈ ਕਿ ਇਹ ਦਵਾਈ ਤੁਰੰਤ ਰਾਹਤ ਪ੍ਰਦਾਨ ਕਰੇਗੀ ਤਾਂ ਜੋ ਮੇਰੀ ਬੇਟੀ ਸਵੇਰੇ ਆਪਣੀ ਪ੍ਰੀਖਿਆ ਚੰਗੀ ਤਰ੍ਹਾਂ ਦੇ ਸਕੇ। ਪਰ ਸਮੱਸਿਆ ਇਹ ਹੈ ਕਿ ਨੇੜੇ ਸਾਰੀਆਂ ਦਵਾਈਆਂ ਦੀਆਂ ਦੁਕਾਨਾਂ ਬੰਦ ਹਨ। ਧਰਮਸ਼ਾਲਾ ਵਿੱਚ ਸਾਨੂੰ ਉੱਥੇ ਪਰੇਸ਼ਾਨੀ ਵਿੱਚ ਵੇਖ ਕੇ ਕਿਸੇ ਨੇ ਮੈਨੂੰ ਤੁਹਾਡੇ ਬਾਰੇ ਦੱਸਿਆ ਤੇ ਕਿਹਾ ਕਿ ਤੁਸੀਂ ਇੱਕ ਕੈਮਿਸਟ ਹੋ, ਇਸ ਲਈ ਮੈਂ..."

"ਇੱਕ ਮਿੰਟ ਰੁਕੋ, ਮੈਂ ਦੁਕਾਨ ਦੀਆਂ ਚਾਬੀਆਂ ਲੈ ਕੇ ਆਉਂਦਾ ਹਾਂ।" ਉਹ ਪਿੱਛੇ ਮੁੜਿਆ।

ਅੰਦਰੋਂ ਉਸਦੀ ਪਤਨੀ ਨੇ ਕਿਹਾ, "ਕਿਉਂ ਪਰੇਸ਼ਾਨ ਹੋ ਰਹੇ ਹੋ? ਬਾਹਰ ਬਹੁਤ ਠੰਡ ਹੈ। ਸੌਂ ਜਾਓ।"

ਉਸਨੇ ਕਿਹਾ, "ਉਹ ਸਿਰਫ਼ ਪੈਸੇ ਨਾਲ ਨਹੀਂ ਸਗੋਂ ਉਮੀਦ ਨਾਲ ਵੀ ਦਵਾਈ ਖਰੀਦਣ ਆਇਆ ਹੈ ਅਤੇ ਮੈਂ ਉਸਨੂੰ ਨਿਰਾਸ਼ ਨਹੀਂ ਕਰ ਸਕਦਾ।"

****

*** ਮੂਲ : ਸ਼ੋਭਾ ਗੋਇਲ, ਜੈਪੁਰ (ਰਾਜਸਥਾਨ)**



ਸਾਂਝੀ ਸੋਚ
ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

# ਅਸੀਮ ਬ੍ਰਹਿਮੰਡ ਵਿੱਚ ਇੱਕ ਇਤਿਹਾਸਕ ਛਾਲ
## (12 ਅਪ੍ਰੈਲ, 1961 ਦੀ ਮਹੱਤਤਾ)

12 ਅਪ੍ਰੈਲ 1961 ਦੀ ਇਤਿਹਾਸਕ ਮਿਤੀ ਨੂੰ ਮਨੁੱਖਤਾ ਨੇ ਬ੍ਰਹਿਮੰਡ ਦੀ ਖੋਜ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਿਆ, ਜੋ ਖਗੋਲ ਯਾਤਰਾ ਦੇ ਇਤਿਹਾਸ ਵਿੱਚ ਇੱਕ ਵਿਲੱਖਣ ਅਧਿਆਇ ਸੀ। ਇਹ ਮਿਤੀ ਇਤਿਹਾਸ ਵਿੱਚ ਸੁਨਹਿਰੇ ਅੱਖਰਾਂ ਵਿੱਚ ਦਰਜ਼ ਹੋਈ ਜਦੋ ਸੋਵੀਅਤ ਬ੍ਰਹਿਮੰਡ ਯਾਤਰੀ ਯੂਰੀ ਗਾਗਾਰੀਨ ਪਹਿਲੇ ਮਨੁੱਖ ਬਣੇ ਜੋ ਬਾਹਰਲੇ ਬ੍ਰਹਿਮੰਡ ਵਿੱਚ ਗਏ ਉਹ ਵੋਸਟੋਕ 1 ਜਹਾਜ਼ 'ਤੇ ਧਰਤੀ ਦੇ ਚੱਕਰ ਲਗਾਉਣ ਲਈ ਉੱਡੇ ਸੀ ਤੇ ਕਾਮਯਾਬ ਹੋਏ। ਇਹ ਇਤਿਹਾਸਕ ਪ੍ਰਾਪਤੀ ਨਾ ਸਿਰਫ ਮਨੁੱਖੀ ਬੁੱਧੀ ਅਤੇ ਤਕਨੀਕੀ ਤਰੱਕੀ ਦੀ ਸਮਰੱਥਾ ਨੂੰ ਦਰਸਾਉਂਦੀ ਹੈ, ਸਗੋਂ ਇਸਨੇ ਖਗੋਲ ਯਾਤਰਾ ਅਤੇ ਮੁਕਾਬਲੇਬਾਜ਼ੀ ਦੇ ਇੱਕ ਨਵੇਂ ਯੁੱਗ ਨੂੰ ਜਨਮ ਦਿੱਤਾ ਜੋ ਕਿ ਬ੍ਰਹਿਮੰਡ ਯੁੱਗ ਨੂੰ ਪਰਿਭਾਸ਼ਿਤ ਕਰੇਗਾ।

ਇਤਿਹਾਸਕ ਉਡਾਣ

ਯੂਰੀ ਗਾਗਰੀਨ ਦੀ ਉਡਾਣ ਲਗਭਗ 108 ਮਿੰਟ ਚੱਲੀ ਜਿਸ ਦੌਰਾਨ ਉਸਨੇ ਧਰਤੀ ਦੇ ਇਕ ਗੋਲ ਚੱਕਰ ਨੂੰ ਪੂਰਾ ਕੀਤਾ ਜਿਸ ਦੀ ਉਚਾਈ ਲਗਭਗ 200 ਮੀਲ (320 ਕਿਲੋਮੀਟਰ) ਸੀ। ਇਹ ਮਿਸ਼ਨ ਇੰਜੀਨੀਅਰਿੰਗ ਅਤੇ ਹਿੰਮਤ ਦਾ ਇੱਕ ਸ਼ਾਨਦਾਰ ਕਾਰਨਾਮਾ ਸੀ ਜੋ ਸੋਵੀਅਤ ਯੂਨੀਅਨ ਦੀ ਬ੍ਰਹਿਮੰਡ ਮੁਕਾਬਲੇਬਾਜ਼ੀ ਵਿੱਚ ਸੰਯੁਕਤ ਰਾਜ ਦੇ ਖਿਲਾਫ ਸਮਰੱਥਾ ਨੂੰ ਦਰਸਾਉਂਦਾ ਹੈ। ਗਾਗਰੀਨ ਦੀ ਸਫਲ ਉੱਡਾਣ ਬੈਕਾਨੂਰ ਕੋਸਮੋਡਰੋਮ ਤੋਂ ਹੋਈ ਸੀ ਜਿਸ ਨੂੰ ਦੁਨੀਆ ਭਰ ਵਿੱਚ ਪ੍ਰਸ਼ੰਸਾ ਅਤੇ ਹੈਰਾਨੀ ਇਕੱਠੀ ਮਿਲੀ। ਲੱਖਾਂ ਲੋਕਾਂ ਨੇ ਇਸ ਅਸਾਧਾਰਣ ਘਟਨਾ ਨੂੰ ਦੇਖਣ ਲਈ ਟੀਵੀ ਦੇ ਸਾਹਮਣੇ ਘੰਟਿਆਂ ਬੱਧੀ ਸਮਾਂ ਬਿਤਾਇਆ।

ਵਿਸ਼ਵ ਪੱਧਰੀ ਪ੍ਰਭਾਵ

ਗਾਗਰੀਨ ਦੀ ਯਾਤਰਾ ਦੇ ਬਹੁਤ ਸਾਰੇ ਪ੍ਰਭਾਵ ਸਿਰਫ ਰਾਸ਼ਟਰ ਦੀ ਸ਼ਾਨ ਤੱਕ ਸੀਮਿਤ ਨਹੀਂ ਰਹੇ। ਇਹ ਬ੍ਰਹਿਮੰਡ ਦੀ ਸ਼ਾਂਤ ਖੋਜ ਦੀ ਸੰਭਾਵਨਾ ਦਾ ਪ੍ਰਤੀਕ ਬਣ ਗਿਆ ਅਤੇ ਦੁਨੀਆ ਭਰ ਦੇ ਲੋਕਾਂ ਨੂੰ ਬ੍ਰਹਿਮੰਡ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

ਇਸ ਘਟਨਾ ਨੇ ਵਿਗਿਆਨੀਆਂ, ਇੰਜੀਨੀਅਰਾਂ ਅਤੇ ਸੁਫ਼ਨੇ ਦੇਖਣ ਵਾਲਿਆਂ ਦੀਆਂ ਪੀੜੀਆਂ ਨੂੰ ਬ੍ਰਹਿਮੰਡ ਖੋਜ ਅਤੇ ਸੰਬੰਧਿਤ ਖੇਤਰਾਂ ਵਿੱਚ ਕੈਰੀਅਰ ਬਣਾਉਣ ਲਈ ਪ੍ਰੇਰਿਤ ਕੀਤਾ। ਇਸਨੇ ਵਿਗਿਆਨ ਅਤੇ ਤਕਨੀਕੀ ਸਿੱਖਿਆ ਵਿੱਚ ਵਧੇਰੇ ਨਿਵੇਸ਼ ਨੂੰ ਵੀ ਜਨਮ ਦਿੱਤਾ, ਕਿਉਂਕਿ ਰਾਸ਼ਟਰਾਂ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ ਨੂੰ ਸਮਝਿਆ।

ਅਮਰੀਕਾ ਵਿੱਚ ਗਾਗਰੀਨ ਦੀ ਉਡਾਣ ਨੇ ਆਪਣੇ ਹੀ ਬ੍ਰਹਿਮੰਡ ਪ੍ਰੋਗਰਾਮ ਨੂੰ ਅੱਗੇ ਵਧਾਉਣ ਦੇ ਯਤਨਾਂ ਨੂੰ ਤੇਜ਼ ਕੀਤਾ। ਕੇਵਲ ਕੁਝ ਹਫ਼ਤਿਆਂ ਬਾਅਦ ਪ੍ਰਧਾਨ ਮੰਤਰੀ ਜੌਨ ਐਫ. ਕੇਨੇਡੀ ਨੇ ਇੱਕ ਰਾਸ਼ਟਰੀ ਟੀਚੇ ਦੇ ਤੌਰ 'ਤੇ ਦੱਸਿਆ ਕਿ ਉਹ ਦਹਾਕੇ ਦੇ ਅੰਤ ਤੱਕ ਚੰਦਰਮਾ 'ਤੇ ਇੱਕ ਮਨੁੱਖ ਨੂੰ ਉਤਾਰਣ ਦਾ ਟੀਚਾ ਰੱਖਦੇ ਹਨ। ਇਹ ਵਚਨ ਆਖਿਰਕਾਰ 1969 ਵਿੱਚ ਐਪੋਲੋ 11 ਮਿਸ਼ਨ ਵਿੱਚ ਨਤੀਜ਼ਾ ਬਣਿਆ, ਜਦੋਂ ਨੀਲ ਆਰਮਸਟ੍ਰੌਂਗ ਅਤੇ ਬਜ਼ ਆਲਡ੍ਰਿਨ ਪਹਿਲੇ ਮਨੁੱਖ ਬਣੇ ਜਿਹਨਾਂ ਨੇ ਚੰਦਰਮਾ ਦੀ ਮਿੱਟੀ 'ਤੇ ਪੈਰ ਰੱਖਿਆ ਸੀ।

ਮਨੁੱਖੀ ਪ੍ਰਾਪਤੀ ਦਾ ਜਸ਼ਨ

12 ਅਪ੍ਰੈਲ ਹੁਣ ਦੁਨੀਆ ਭਰ ਵਿੱਚ ਯੂਰੀ ਦੀ ਰਾਤ ਵਜੋਂ ਮਨਾਇਆ ਜਾਂਦਾ ਹੈ, ਜਾਂ ਵਿਸ਼ਵ ਬ੍ਰਹਿਮੰਡ ਪਾਰਟੀ ਜੋ ਗਾਗਾਰੀਨ ਦੀ ਇਤਿਹਾਸਕ ਉਡਾਣ ਦਾ ਸਨਮਾਨ ਕਰਦਾ ਹੈ ਅਤੇ ਬ੍ਰਹਿਮੰਡ ਖੋਜ ਬਾਰੇ ਜਾਣੂ ਕਰਾਉਂਦਾ ਹੈ। ਦੁਨੀਆ ਭਰ ਵਿੱਚ ਸਮਾਰੋਹ ਹੋ ਰਹੇ ਹਨ, ਸਿੱਖਿਆ ਪ੍ਰੋਗ੍ਰਾਮਾਂ ਤੋਂ ਲੈ ਕੇ ਸਮੂਹਿਕ ਮੀਟਿੰਗਾਂ ਤੱਕ, ਜੋ ਮਨੁੱਖਤਾ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦੇ ਹਨ ਅਤੇ ਭਵਿੱਖ ਦੀ ਖੋਜ ਲਈ ਉਤਸ਼ਾਹਿਤ ਕਰਦੇ ਹਨ।

12 ਅਪ੍ਰੈਲ 1961 ਦੀ ਵਿਰਾਸਤ ਅੱਜ ਵੀ ਜਾਰੀ ਹੈ ਜਿਵੇਂ ਕਿ ਰਾਸ਼ਟਰ ਮਿਲ ਕੇ ਆਗਾਮੀ ਪ੍ਰਾਜੈਕਟਾਂ 'ਤੇ ਕੰਮ ਕਰ ਰਹੇ ਹਨ ਜਿਵੇਂ ਕਿ ਅੰਤਰਰਾਸ਼ਟਰੀ ਅੰਤਰਿਕਸ਼ ਸਟੇਸ਼ਨ (ਆਈਐੱਸਐੱਸ) ਅਤੇ ਮੰਗਲ ਦੀ ਖੋਜ ਦੇ ਯੋਜਨਾ। ਉਸ ਦਿਨ ਦੇ ਖੋਜ ਦੇ ਜੋਸ਼ ਦੀ ਭਾਵਨਾ ਜੋ ਗਾਗਰੀਨ ਨੇ ਦਰਸਾਈ ਸੀ, ਉਹ ਅੱਜ ਵੀ ਜੀਵੰਤ ਹੈ ਜਿਵੇਂ ਕਿ ਮਨੁੱਖਤਾ ਤਾਰਿਆਂ ਵਿਚ ਭਵਿੱਖ ਦੇ ਸੰਭਾਵਨਾਂ ਵੱਲ ਵੇਖਦੀ ਹੈ।

ਜਦੋਂ ਅਸੀਂ 12 ਅਪ੍ਰੈਲ 1961 ਦੀ ਮਹੱਤਤਾ 'ਤੇ ਵਿਚਾਰ ਕਰਦੇ ਹਾਂ, ਤਾਂ ਸਾਨੂੰ ਆਪਣੇ ਸਾਂਝੇ ਉਮੀਦਾਂ ਅਤੇ ਸੁਫ਼ਨਿਆਂ ਦੀ ਯਾਦ ਆਉਂਦੀ ਹੈ ਜੋ ਸਰਹੱਦਾਂ ਨੂੰ ਪਾਰ ਕਰਦੇ ਹਨ। ਯੂਰੀ ਗਾਗਰੀਨ ਦੀ ਬ੍ਰਹਿਮੰਡ ਵਿੱਚ ਯਾਤਰਾ ਨਾ ਸਿਰਫ ਸੋਵੀਅਤ ਯੂਨੀਅਨ ਲਈ ਇਕ ਜਿੱਤ ਸੀ; ਇਹ ਸਾਰੀ ਮਨੁੱਖਤਾ ਲਈ ਇੱਕ ਜਿੱਤ ਸੀ।

ਇਸਨੇ ਇੱਕ ਨਵੇਂ ਮੁਕਾਮ ਦੀ ਸ਼ੁਰੂਆਤ ਕੀਤੀ, ਜੋ ਪੀੜੀਆਂ ਨੂੰ ਬ੍ਰਹਿਮੰਡ ਦੇ ਰਾਜਾਂ 'ਬਾਬਤ ਸੋਚਣ ਲਈ ਪ੍ਰੇਰਿਤ ਕਰਦਾ ਹੈ। ਸਾਨੂੰ ਵੀ ਗਿਆਨ ਅਤੇ ਖੋਜ ਲਈ ਆਪਣੇ ਯਤਨਾਂ ਨੂੰ ਜਾਰੀ ਰੱਖਣਾ ਚਾਹੀਦਾ ਹੈ । ਆਓ ਉਸ ਇਤਿਹਾਸਕ ਛਾਲ ਦਾ ਸਨਮਾਨ ਕਰੀਏ ਅਤੇ ਇਕੱਠੇ ਹੋ ਕੇ ਹੋਰ ਵੱਡੀਆਂ ਉਚਾਈਆਂ ਤੱਕ ਪਹੁੰਚਣ ਲਈ ਕੋਸ਼ਿਸ਼ ਕਰੀਏ।



SANJHI SOCH
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ

LARRY T. NIERMEYER



Attorney at Law

OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 101**

ਮਾਝ ਮਹਲਾ ੫ ॥

ਅੰਮ੍ਰਿਤ ਨਾਮੁ ਸਦਾ ਨਿਰਮਲੀਆ ॥ ਸੁਖਦਾਈ ਦੂਖ ਬਿਡਾਰਨ ਹਰੀਆ ॥ ਅਵਰਿ ਸਾਦ ਚਖਿ ਸਗਲੇ ਦੇਖੇ ਮਨ ਹਰਿ ਰਸੁ ਸਭ ਤੇ ਮੀਠਾ ਜੀਉ ॥੧॥ ਜੋ ਜੋ ਪੀਵੈ ਸੋ ਤ੍ਰਿਪਤਾਵੈ ॥ ਅਮਰੁ ਹੋਵੈ ਜੋ ਨਾਮ ਰਸੁ ਪਾਵੈ ॥ ਨਾਮ ਨਿਧਾਨ ਤਿਸਹਿ ਪਰਾਪਤਿ ਜਿਸੁ ਸਬਦੁ ਗੁਰੂ ਮਨਿ ਵੂਠਾ ਜੀਉ ॥੨॥ ਜਿਨਿ ਹਰਿ ਰਸੁ ਪਾਇਆ ਸੋ ਤ੍ਰਿਪਤਿ ਅਘਾਨਾ ॥ ਜਿਨਿ ਹਰਿ ਸਾਦੁ ਪਾਇਆ ਸੋ ਨਾਹਿ ਡੁਲਾਨਾ ॥ ਤਿਸਹਿਪਰਾਪਤਿ ਹਰਿ ਹਰਿ ਨਾਮਾ ਜਿਸੁ ਮਸਤਕਿ ਭਾਗੀਠਾ ਜੀਉ ॥੩॥ ਹਰਿ ਇਕਸੁ ਹਥਿ ਆਇਆ ਵਰਸਾਣੇ ਬਹੁਤੇਰੇ ॥ ਤਿਸੁ ਲਗਿ ਮੁਕਤੁ ਭਏ ਘਣੇਰੇ ॥ ਨਾਮੁ ਨਿਧਾਨਾ ਗੁਰਮੁਖਿ ਪਾਈਐ ਕਹੁ ਨਾਨਕ ਵਿਰਲੀ ਡੀਠਾ ਜੀਉ ॥੪॥੧੫॥੨੨॥ {ਪੰਨਾ 101}

ਭਾਵ ਅਰਥ:-

ਅਕਾਲ ਪੁਰਖ ਦਾ ਨਾਮ ਸਦਾ ਪਵਿੱਤਰ ਹੈ ,ਦੁਖ ਦਰਦ ਤੋੜਨ ਵਾਲਾ ਤੇ ਸੁਖਾਂ ਦੀ ਪ੍ਰਾਪਤੀ ਕਰਵਾਉਣ ਵਾਲਾ ਹੈ। ਮੈਂ ਹੋਰ ਹਰ ਤਰਾਂ ਦੇ ਸਵਾਦ ਚੱਖ ਚੱਖ ਕੇ ਵੇਖ ਲਏ ਹਨ , ਪ੍ਰਭੂ ਨਾਮ ਜਿਹਾ ਮਿੱਠਾ ਸਵਾਦ ਹੋਰ ਕਿਸੇ ਚੀਜ਼ ਵਿੱਚ ਨਹੀਂ॥੧॥

ਨਾਮ ਰਸ ਨੂੰ ਪੀਣ ਵਾਲਾ ਹਰੇਕ ਪ੍ਰਾਣੀ ਦੀ ਤਿਖਾ ਬੁਝ ਜਾਂਦੀ ਹੈ,ਤੇ ਇਸ ਰਸ ਨੂੰ ਹਾਸਿਲ ਕਰਨ ਵਾਲਾ ਅਮਰ ਹੋ ਜਾਂਦਾ ਹੈ । ਇਹ ਰਸ ਨਾਮ ਦੀ ਸਿਫਤ ਸਲਾਹ ਕਰਨ ਵਾਲੇ ਨੂੰ ਹੀ ਮਿਲਦਾ ਹੈ॥੨॥

ਜਿਸ ਨੇ ਇਹ ਨਾਮ ਰਸ ਪਾ ਲਿਆ ਉਹ ਸੰਤੁਸ਼ਟ ਹੋ ਗਿਆ ਤੇ ਜਿਸ ਨੂੰ ਇਹ ਰਸ ਮਿਲ ਗਿਆ ਉਹ ਤੇ ਉਸਦਾ ਮਨ ਟਿਕਾ ਅੰਦਰ ਆ ਗਏ ਭਾਵ ਅਡੋਲ ਹੋ ਗਏ ਸਹਿਜਤਾ ਆ ਗਈ। ਇਸ ਦੇ ਨਾਲ ਹੀ ਇਹ ਨਾਮ ਰਸ ਸਿਰਫ ਉਸ ਨੂੰ ਹੀ ਮਿਲਦਾ ਹੈ ਜਿਸ ਦੇ ਮੁਕਦਰਾਂ ਵਿੱਚ ਧੁਰੋਂ ਲਿਖ ਕੇ ਆਇਆ ਹੁੰਦਾ ਹੈ ॥੩॥

ਜਦੋਂ ਇਹ ਨਾਮ ਗੁਰੂ ਨੂੰ ਮਿਲ ਜਾਂਦਾ ਹੈ ਤਾਂ ਉਸ ਗੁਰੂ ਤੋਂ ਨਾਲ ਜੁੜੇ ਅਨੇਕਾਂ ਲੋਕਾਂ ਨੂੰ ਇਸ ਨਾਮ ਰਸ ਦਾ ਲਾਭ ਮਿਲਦਾ ਹੈ,ਜਿਹੜੇ ਉਸ ਨਾਲ ਜੁੜਦੇ ਹਨ ਤੇ ਇਸ ਨਾਮ ਨੂੰ ਹਾਸਲ ਕਰਨ ਵਾਲਾ ਵੀ ਕੋਈ ਵਿਰਲਾ ਹੀ ਗੁਰੂ ਹੁੰਦਾ ਹੈ ।ਹੇ ਨਾਨਕ! ਇਹ ਮੈਂ ਨਾਮ ਨਿਧਾਨ ਦੀ ਖੇਡ ਆਪ ਮਹਿਸੂਸ ਕੀਤੀ ਹੈ॥ ।੪॥

ਮਾਝ ਮਹਲਾ ੫ ॥

ਨਿਧਿ ਸਿਧਿ ਰਿਧਿ ਹਰਿ ਹਰਿ ਹਰਿ ਮੇਰੈ ॥ ਜਨਮੁ ਪਦਾਰਥੁ ਗਹਿਰ ਗੰਭੀਰੈ ॥ ਲਾਖ ਕੋਟ ਖੁਸੀਆ ਰੰਗ ਰਾਵੈ ਜੋ ਗੁਰ ਲਾਗਾ ਪਾਈ ਜੀਉ ॥੧॥ ਦਰਸਨੁ ਪੇਖਤ ਭਏ ਪੁਨੀਤਾ ॥ ਸਗਲ ਉਧਾਰੇ ਭਾਈ ਮੀਤਾ ॥ ਅਗਮ ਅਗੋਚਰੁ ਸੁਆਮੀ ਅਪੁਨਾ ਗੁਰ ਕਿਰਪਾ ਤੇ ਸਚੁ ਧਿਆਈ ਜੀਉ ॥੨॥ ਜਾ ਕਉ ਖੋਜਹਿ ਸਰਬ ਉਪਾਏ ॥ ਵਡਭਾਗੀ ਦਰਸਨੁ ਕੋ ਵਿਰਲਾ ਪਾਏ ॥ ਊਚ ਅਪਾਰ ਅਗੋਚਰ ਥਾਨਾ ਓਹੁ ਮਹਲੁ ਗੁਰੂ ਦੇਖਾਈ ਜੀਉ ॥੩॥ ਗਹਿਰ ਗੰਭੀਰ ਅੰਮ੍ਰਿਤ ਨਾਮੁ ਤੇਰਾ ॥ਮੁਕਤਿ ਭਇਆ ਜਿਸੁ ਰਿਦੈ ਵਸੇਰਾ ॥ ਗੁਰਿ ਬੰਧਨ ਤਿਨ ਕੇ ਸਗਲੇ ਕਾਟੇ ਜਨ ਨਾਨਕ ਸਹਜਿ ਸਮਾਈ ਜੀਉ ॥੪॥੧੬॥੨੩॥ {ਪੰਨਾ 101}

ਭਾਵ ਅਰਥ:-

ਸਾਰੀਆਂ ਰਿਧੀਆਂ ਸਿੱਧੀਆਂ ਦਾ ਖਜ਼ਾਨਾ ਮੇਰੇ ਹਰਿ ਪ੍ਰਭੂ ਆਪ ਤੇ ਉਨ੍ਹਾਂ ਦੇ ਨਾਮ ਬਾਣੀ ਹਨ ਤੇ ਉਹੀ ਗਹਿਰ ਗੰਭੀਰ ਮੈਨੂੰ ਜਨਮ ਦੇਣ ਵਾਲੇ ਹਨ। ਉਸ ਅਕਾਲ ਪੁਰਖ ਦੇ ਚਰਨ ਕਮਲਾਂ ਵਿੱਚ ਲੱਗਣ ਵਾਲਾ ਮਨੁੱਖ ਲੱਖਾਂ ਕਰੋੜਾਂ ਤਰ੍ਹਾਂ ਦੀਆਂ ਖੁਸ਼ੀਆਂ ਤੇ ਜੀਵਨ ਦੇ ਰੰਗ ਹਾਸਲ ਕਰ ਸਕਦਾ ਹੈ॥੧॥

ਜਿਸ ਜੀਵ ਨੂੰ ,ਭਾਵ ਮਨੁੱਖ ਨੂੰ ਉਸ ਨਿਰੰਕਾਰ ਦੇ ਦਰਸ਼ਨ ਦੀਦਾਰੇ ਹੋ ਜਾਂਦੇ ਹਨ ਉਹ ਆਪ ਤਾਂ ਪਵਿੱਤਰ ਹੁੰਦਾ ਹੀ ਹੈ ਨਾਲ ਹੀ ਬਾਕੀ ਦੇ ਆਪਣੇ ਆਲੇ ਦੁਆਲੇ ਦੇ ਨਾਤੇ ਦਾਤਾਂ ਤੇ ਜੰਗੀ ਸਾਰੀਆਂ ਨੂੰ ਵੀ ਸਵੱਛ ਕਰ ਦਿੰਦਾ ਹੈ। ਉਹ ਪ੍ਰਭੂ ਪਰਮਾਤਮਾ ਜੋ ਸਾਡੀਆਂ ਗਿਆਨ ਇੰਦਰੀਆਂ ਦੀ ਪਹੁੰਚ ਤੋਂ ਪਰੇ ਹੈ, ਪਰ ਗੁਰੂ ਦੀ ਕਿਰਪਾ ਸਦਕਾ ਉਹ,ਮਨੁੱਖ ਉਸ ਸਦਾ ਥਿਰ ਪ੍ਰਭੂ ,ਨੂੰ ਪਾ ਲੈਂਦਾ ਹੈ ॥੨॥

ਜਿਸ ਵਾਹਿਗੁਰੂ ਨੂੰ ਪਾਉਣ ਵਾਸਤੇ ਮਨੁੱਖ ਕਈ ਕਈ ਯਤਨ ਕਰਦਾ ਹੈ ਉਸ ਨੂੰ ਤਾਂਹੀ ਪਾਇਆ ਜਾ ਸਕਦਾ ਹੈ ਜੇ ਸਾਡੇ ਭਾਗਾਂ ਵਿੱਚ ਉਸਦਾ ਮਿਲਣਾ ਉਕਰਿਆ ਹੋਵੇ। ਜੇ ਭਾਗਾਂ ਚ ਉਕਰਿਆ ਹੋਵੇ ਤਾਂ ਉਸ ਊਚ ਅਪਰੰਪਾਰ ਦੇ ਸਾਡੀਆਂ ਨਿਗਾਹਾਂ ਤੋਂ ਦੂਰ ਰਹਿਣ ਦੇ ਬਾਵਜੂਦ ਵੀ ਅਸੀਂ ਉਸ ਨੂੰ ਦੇਖ ਸਕਦੇ ਹਾਂ ਉਹਨਾਂ ਦੇ ਦਰਸ਼ਨ ਕਰ ਸਕਦੇ ਹਾਂ॥੩॥

ਹੇ ਦਾਤਾਰ ! ਆਪ ਦਾ ਗਹਿਰ ਗੰਭੀਰ ਅੰਮ੍ਰਿਤ ਮਈ ਨਾਮ ਜਿਸ ਦੇ ਹਿਰਦੇ ਅੰਦਰ ਵਸ ਗਿਆ ਉਸ ਨੂੰ ਪਾਪਾਂ ਤੋਂ ਅਤੇ ਇਸ ਭਵ ਸਾਗਰ ਸਮੁੰਦਰ (ਬਿਖਮ ਸੰਸਾਰ) ਤੋਂ ਮੁਕਤੀ ਦਵਾ ਦਿੰਦਾ ਹੈ। ਹੇ ਨਾਨਕ ! ਜੇ ਅਸੀਂ ਗੁਰੂ ਦੇ ਚਟਨੀ ਲੱਗ ਜਾਈਏ ਅਤੇ ਉਹਦੇ ਮਾਰਗਦਰਸ਼ਨਾਂ ਅਨੁਸਾਰ ਚਲ ਪਈਏ ਭਾਵ ਪ੍ਰਭੂ ਨਾਮ ਨਾਲ ਜੁੜ ਜਾਈਏ ਤਾਂ ਸਾਡੇ ਮਨ ਅੰਦਰ ਸਹਜ ਤੇ ਅਡੋਲਤਾ ਆ ਜਾਂਦੀ ਹੈ ਤੇ ਹਰ ਤਰਾਂ ਦੇ ਪਾਪ ਦੇ ਬੰਧਨ ਕੱਟੇ ਜਾਂਦੇ ਹਨ॥੪॥

ਮਾਝ ਮਹਲਾ ੫ ॥

ਪ੍ਰਭ ਕਿਰਪਾ ਤੇ ਹਰਿ ਹਰਿ ਧਿਆਵਉ ॥ ਪ੍ਰਭੂ ਦਇਆ ਤੇ ਮੰਗਲੁ ਗਾਵਉ ॥ ਊਠਤ ਬੈਠਤ ਸੋਵਤ ਜਾਗਤ ਹਰਿ ਧਿਆਈਐ ਸਗਲ ਅਵਰਦਾ ਜੀਉ ॥੧॥ ਨਾਮੁ ਅਉਖਧੁ ਮੋ ਕਉ ਸਾਧੂ ਦੀਆ ॥ ਕਿਲਬਿਖ ਕਾਟੇ ਨਿਰਮਲੁ ਥੀਆ ॥ ਅਨਦੁ ਭਇਆ ਨਿਕਸੀ ਸਭ ਪੀਰਾ ਸਗਲ ਬਿਨਾਸੇ ਦਰਦਾ ਜੀਉ ॥੨॥ ਜਿਸ ਕਾ ਅੰਗੁ ਕਰੇ ਮੇਰਾ ਪਿਆਰਾ ॥ ਸੋ ਮੁਕਤਾ ਸਾਗਰ ਸੰਸਾਰਾ ॥ ਸਤਿ ਕਰੇ ਜਿਨਿ ਗੁਰੂ ਪਛਾਤਾ ਸੋ ਕਾਹੇ ਕਉਡਰਦਾ ਜੀਉ ॥੩॥ ਜਬ ਤੇ ਸਾਧੂ ਸੰਗਤਿ ਪਾਏ ॥ ਗੁਰ ਭੇਟਤ ਹਉ ਗਈ ਬਲਾਏ ॥ ਸਾਸਿ ਸਾਸਿ ਹਰਿ ਗਾਵੈ ਨਾਨਕੁ ਸਤਿਗੁਰ ਢਾਕਿ ਲੀਆ ਮੇਰਾ ਪੜਦਾ ਜੀਉ ॥੪॥੧੭॥੨੪॥ {ਪੰਨਾ 101}

ਭਾਵ ਅਰਥ:-

ਹੇ ਭਾਈ ਜੇ ਪ੍ਰਭੂ ਪਰਮਾਤਮਾ ਦੀ ਪ੍ਰਾਣੀ ਤੇ ਦਇਆ ਦ੍ਰਿਸ਼ਟੀ ਹੋ ਜਾਵੇ ਤਾਂ ਹੀ ਉਸਦਾ ਨਾਮ ਜਪਿਆ ਜਾ ਸਕਦਾ ਹੈ ਤੇ ਉਸ ਦੀ ਕਿਰਪਾ ਨਾਲ ਹੀ ਬੰਦੇ ਦਾ ਮਨ ਅੰਦਰੋਂ ਖੁਸ਼ੀ ਦੇ ਗੀਤ ਗਾ ਸਕਦਾ ਹੈ। ਇਸ ਲਈ ਹੇ ਬੰਦੇ ! ਤੂੰ ਉਸ ਪ੍ਰਭੂ ਪਰਮਾਤਮਾ ਨੂੰ ਦਿਨ ਰਾਤ ਉਮਰ ਤਾਂ ਉਮਰ ਧਿਆਉਣਾ ਕਰ॥੧॥

ਹੇ ਭਾਈ! ਨਾਮ ਦਾ ਦਾਰੂ ਮੈਨੂੰ ਗੁਰੂ ਤੋਂ ਮਿਲਿਆ ਜਿਸ ਨਾਲ ਮੇਰੇ ਸਾਰੇ ਦੁੱਖ ਦਰਦ ਭਾਵ ਵਿਕਾਰ ਖਤਮ ਹੋ ਗਏ ਹਨ ਤੇ ਮੇਰਾ ਅੰਦਰ ,ਮੇਰਾ ਹਿਰਦਾ ਸਵੱਛ ਹੋ ਗਿਆ ਹੈ। ਇਸ ਸਭ ਕੁਝ ਦੇ ਕਾਰਨ ਮੇਰੀ ਅੰਦਰ ਦੀ ਸਾਰੀ ਪੀੜ ਤੇ ਦਰਦ ਖਤਮ ਹੋ ਗਈ ਹੈ ਭਾਵ ਮੇਰੀਆਂ ਚਿੰਤਾਵਾਂ ਦੂਰ ਹੋ ਗਈਆਂ ਹਨ॥੨॥

ਮੇਰਾ ਉਹ ਪ੍ਰਭੂ ਪਰਮਾਤਮਾ ਜਿਸ ਨੂੰ ਆਪਣਾ ਸਾਥ ਦੇ ਦਿੰਦਾ ਹੈ ,ਉਹ ਜੀਵ ਇਸ ਬਿਖੜੇ ਸੰਸਾਰ ਸਾਗਰ ਸਮੁੰਦਰ ਤੋਂ ਪਾਰ ਹੋ ਜਾਂਦਾ ਹੈ। ਜਿਸ ਮਨੁੱਖ ਨੇ ਸੱਚੇ ਮਨ ਨਾਲ ਪ੍ਰਭੂ ਪਰਮਾਤਮਾ ਨੂੰ ਧਿਆਇਆ ਤੇ ਉਸ ਨੂੰ ਪਾਇਆ ਫਿਰ ਉਸ ਨੂੰ ਡਰ ਕਿਸ ਚੀਜ਼ ਦਾ॥੩॥

ਹੇ ਵੀਰੋ !ਮੈਂ ਦੱਸਣਾ ਚਾਹੁੰਦਾ ਹਾਂ ਕਿ ਜਦੋਂ ਮੈਨੂੰ ਗੁਰੂ ਦਾ ਸਾਥ ਮਿਲ ਗਿਆ ਹੈ ਉਸ ਦਾ ਮਾਰਗਦਰਸ਼ਨ ਮਿਲ ਗਿਆ ਹੈ ,ਮੇਰੀ ਸਾਰੀ ਹਉਮੈ ਵਾਲੀ ਬਲਾ ਮੇਰੇ ਅੰਦਰੋਂ ਨਿਕਲ ਗਈ ਹੈ। ਫੇਰ ਹੇ ਨਾਨਕ! ਸੱਚੇ ਗੁਰੂ ਦੇ ਮਾਰਗ ਦਰਸ਼ਨ ਨਾਲ ਮੈਂ ਉਸ ਸਾਰਿੰਗਪਾਣੀ ਨੂੰ ਨੀਝ ਨਾਲ ਧਿਆਉਣਾ ਕੀਤਾ ਹੈ ਤੇ ਜਿਸ ਨੇ ਮੇਰੇ ਸਾਰੇ ਗੁਨਾਹਾਂ ਦੇ ਪਰਦੇ ਢੱਕ ਦਿੱਤੇ ਹਨ ਭਾਵ ਮੈਨੂੰ ਬਖਸ਼ਿਸ਼ ਪ੍ਰਦਾਨ ਕਰ ਦਿੱਤੀ ਹੈ॥੪॥

ਮਾਝ ਮਹਲਾ ੫ ॥

ਓਤਿ ਪੋਤਿ ਸੇਵਕ ਸੰਗਿ ਰਾਤਾ ॥ ਪ੍ਰਭ ਪ੍ਰਤਿਪਾਲੇ ਸੇਵਕ ਸੁਖਦਾਤਾ ॥ ਪਾਣੀ ਪਖਾ ਪੀਸਉ ਸੇਵਕ ਕੈ ਠਾਕੁਰ ਹੀ ਕਾ ਆਹਰੁ ਜੀਉ ॥੧॥ ਕਾਟਿ ਸਿਲਕ ਪ੍ਰਭਿ ਸੇਵਾ ਲਾਇਆ ॥ ਹੁਕਮੁ ਸਾਹਿਬ ਕਾ ਸੇਵਕ ਮਨਿ ਭਾਇਆ ॥ ਸੋਈ ਕਮਾਵੈ ਜੋ ਸਾਹਿਬ ਭਾਵੈ ਸੇਵਕੁ ਅੰਤਰਿ ਬਾਹਰਿ ਮਾਹਰੁ ਜੀਉ ॥੨॥ ਤੂੰ ਦਾਨਾ ਠਾਕੁਰੁ ਸਭ ਬਿਧਿ ਜਾਨਹਿ ॥ ਠਾਕੁਰ ਕੇ ਸੇਵਕ ਹਰਿ ਰੰਗ ਮਾਣਹਿ ॥ ਜੋ ਕਿਛੁ ਠਾਕੁਰ ਕਾ ਸੋ ਸੇਵਕ ਕਾਸੇਵਕੁ ਠਾਕੁਰ ਹੀ ਸੰਗਿ ਜਾਹਰੁ ਜੀਉ ॥੩॥ ਅਪੁਨੈ ਠਾਕੁਰਿ ਜੋ ਪਹਿਰਾਇਆ ॥ ਬਹੁਰਿ ਨ ਲੇਖਾ ਪੁਛਿ ਬੁਲਾਇਆ ॥ ਤਿਸੁ ਸੇਵਕ ਕੈ ਨਾਨਕ ਕੁਰਬਾਣੀ ਸੋ ਗਹਿਰ ਗਭੀਰਾ ਗਉਹਰੁ ਜੀਉ ॥੪॥੧੮॥੨੫॥ {ਪੰਨਾ 101-102}

ਭਾਵ ਅਰਥ:-

ਜਿਹੜਾ ਮਨੁੱਖ ਪ੍ਰਭੂ ਦੇ ਨਾਮ ਅੰਦਰ ਵਿਝ ਜਾਂਦਾ ਹੈ ,ਉਸ ਦਾਤੇ ਦੇ ਰੰਗ ਵਿੱਚ ਪੂਰੀ ਤਰਾਂ ਰੰਗਿਆ ਜਾਂਦਾ ਹੈ ਤੇ ਪ੍ਰਭੂ ਪਰਮਾਤਮਾ ਉਸ ਸੇਵਕ ਦੀ ਪਾਲਣਾ ਕਰਨ ਲੱਗਿਆਂ ਵੀ ਕੋਈ ਕਮੀ ਨਹੀਂ ਛੱਡਦਾ ਤੇ ਉਸ ਨੂੰ ਸਾਰਿਆਂ ਸੁੱਖਾਂ ਦਾ ਆਨੰਦ ਦਿੰਦਾ ਹੈ। ਉਹ ਸੇਵਕ ਵੀ ਆਪਣੇ ਮਾਲਕ ਦੀ ਸੇਵਾ ਇਸ ਤਨ ਦੇਹੀ ਨਾਲ ਕਰਦਾ ਹੈ ਕਿ ਉਸ ਨੂੰ ਪੱਖਾ ਝਲਦਾ ,ਪਾਣੀ ਢੋਂਦਾ ਤੇ ਸਭ ਕੁਝ ਆਪਣਾ ਦਿਲੋ ਜਾਣ ਨਾਲ ਕਰਦਾ ਹੈ॥੧॥

ਇਹ ਸੇਵਾ ਵੀ ਉਹ ਦਾਤਾ ਵਾਹਿਗੁਰੂ ਆਪਣੇ ਸੇਵਕ ਤੋਂ ਆਪ ਹੀ ਲੈਂਦਾ ਹੈ ਤੇ ਫਿਰ ਉਸ ਸੇਵਕ ਦੇ ਪਾਪਾਂ ਦੀ ਫਾਹੀ ਵੀ ਆਪ ਹੀ ਕੱਟ ਦਿੰਦਾ ਹੈ ਕਿਉਂਕਿ ਪ੍ਰਭੂ ਦੁਆਰਾ ਦਿੱਤਾ ਹੁਕਮ , ਸੇਵਕ ਖੁਸ਼ੀ ਖੁਸ਼ੀ ਮਨ ਲੈਂਦਾ ਹੈ। ਅਜਿਹੀ ਭਗਤੀ ਉਹੀ ਸੇਵਕ ਕਰਦਾ ਹੈ ਜਿਹਨੂੰ ਪ੍ਰਭੂ ਪਰਮਾਤਮਾ ਦੀ ਸਮਝ ਪੈ ਗਈ ਹੈ ਤੇ ਉਹ ਉਸ ਦੇ ਹੁਕਮ ਵਿੱਚ ਚਲਣਾ ਸਿੱਖ ਗਿਆ ਹੈ, ਜਿਸ ਨਾਲ ਉਹ ਦਾਤਾ ਵੀ ਖੁਸ਼ ਹੁੰਦਾ ਹੈ॥੨॥

ਹੇ ਦਾਤਾਰ ਜੀਓ ਆਪ ਜੀ ਸਭ ਕੁਝ ਜਾਣੀ ਜਾਣ ਹੋ ਤੇ ਜਿਹੜੇ ਸੇਵਕ ਆਪ ਜੀ ਦੇ ਚਰਨੀ ਲੱਗ ਗਏ ਉਹਨਾਂ ਨੂੰ ਆਪ ਰੰਗਾਂ ਵਿੱਚ ਖਿਡਾਉਂਦੇ ਹੋ। ਇਸ ਤਰਾਂ ਉਹ ਹਰ ਵਸਤੂ ਜੋ ਪ੍ਰਭੂ ਪਰਮਾਤਮਾ ਦੀ ਹੈ ਮਾਨੋ ਹਰ ਬੰਦੇ ਦੀ ਬਣ ਜਾਂਦੀ ਹੈ ,ਭਾਵ ਦਾਤਾ ਮਿਹਰ ਕਰਕੇ ਮਨੁੱਖ ਦੇ ਉੱਤੋਂ ਵਾਰ ਦਿੰਦਾ ਹੈ ਇਸ ਤਰ੍ਹਾਂ ਨਾਲ ਮਨੁੱਖ ਤੇ ਸਤਿਗੁਰੂ ਦੀ ,ਪ੍ਰਭੂ ਪਰਮਾਤਮਾ ਦੀ, ਇਕ ਮਿਕਤਾ ਹੋ ਜਾਂਦੀ ਹੈ॥੩॥

ਉਸ ਸਰਬ ਸ਼ਕਤੀਮਾਨ ਦਾਤਾਰ ਨੇ ਜੋ ਮੇਹਰ ਜੀਵ ਤੇ ਇੱਕ ਵਾਰੀ ਕਰ ਦਿੱਤੀ ,ਉਸ ਨੂੰ ਉਹ ਮਾਲਕ ਦੁਬਾਰਾ ਵਾਪਸ ਨਹੀਂ ਲੈਂਦਾ। ਹੇ ਨਾਨਕ ਮੈਂ ਉਸ ਸੇਵਕ ਤੋਂ ਕੁਰਬਾਨ ਜਾਂਦਾ ਹਾਂ ਜਿਹੜਾ ਪ੍ਰਭੂ ਪਰਮਾਤਮਾ ਨੂੰ ਏਨਾ ਚੰਗਾ ਲੱਗਦਾ ਹੈ ,ਭਾਵ ਜਿਹੜਾ ਸੱਚੇ ਮਨੋ ਉਸ ਦਾਤਾਰ ਦੀ ਸਿਫਤ ਸਲਾਹ ਕਰਦਾ ਹੈ॥੪॥

**ਅੰਗ 102**

ਮਾਝ ਮਹਲਾ ੫ ॥

ਸਭ ਕਿਛੁ ਘਰ ਮਹਿ ਬਾਹਰਿ ਨਾਹੀ ॥ ਬਾਹਰਿ ਟੋਲੈ ਸੋ ਭਰਮਿ ਭੁਲਾਹੀ ॥ ਗੁਰ ਪਰਸਾਦੀ ਜਿਨੀ ਅੰਤਰਿ ਪਾਇਆ ਸੋ ਅੰਤਰਿ ਬਾਹਰਿ ਸੁਹੇਲਾ ਜੀਉ ॥੧॥ ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ ॥ ਮਨੁ ਪੀਵੈ ਸੁਨਿ ਸਬਦੁ ਬੀਚਾਰਾ ॥ ਅਨਦ ਬਿਨੋਦ ਕਰੇ ਦਿਨ ਰਾਤੀ ਸਦਾ ਸਦਾ ਹਰਿ ਕੇਲਾ ਜੀਉ ॥੨॥ ਜਨਮ ਜਨਮ ਕਾ ਵਿਛੁੜਿਆ ਮਿਲਿਆ ॥ ਸਾਧ ਕ੍ਰਿਪਾ ਤੇ ਸੂਕਾ ਹਰਿਆ ॥ ਸੁਮਤਿ ਪਾਏ ਨਾਮੁ ਧਿਆਏ ਗੁਰਮੁਖਿ ਹੋਏ ਮੇਲਾ ਜੀਉ ॥੩॥ ਜਲ ਤਰੰਗੁ ਜਿਉ ਜਲਹਿ ਸਮਾਇਆ ॥ ਤਿਉ ਜੋਤੀ ਸੰਗਿ ਜੋਤਿ ਮਿਲਾਇਆ ॥ ਕਹੁ ਨਾਨਕ ਭ੍ਰਮ ਕਟੇ ਕਿਵਾੜਾ ਬਹੁੜਿ ਨ ਹੋਈਐ ਜਉਲਾ ਜੀਉ ॥੪॥੧੯॥੨੬॥ {ਪੰਨਾ 102}

ਭਾਵ ਅਰਥ:-

ਹੇ ਵਾਹਿਗੁਰੂ ਸਭ ਕੁਝ ,ਭਾਵ ਤੂੰ, ਤੇਰਾ ਨਾਮ ਮਨ ਮਨੁੱਖ ਦੇ ਅੰਦਰ ਹੀ ਹੈ ਬਾਹਰ ਕੁਝ ਨਹੀਂ ।ਕਹਿਣ ਦਾ ਮਤਲਬ ਕਿ ਜਿਹੜੇ ਲੋਕ ਰੱਬ ਨੂੰ ਬਾਹਰੋਂ ਲੱਭਣ ਜਾਂਦੇ ਨੇ ਉਹਨਾਂ ਨੂੰ ਆਪਣੇ ਹਿਰਦੇ ਦੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ ਪਰਮਾਤਮਾ ਉਥੇ ਹੀ ਵੱਸਦਾ ਹੈ ਤੇ ਉਥੋਂ ਹੀ ਮਿਲਦਾ ਹੈ ਬਾਹਰ ਸਿਰਫ ਭਰਮ ਭੁਲੇਖੇ ਹਨ ਹੋਰ ਕੁਝ ਨਹੀਂ। ਗੁਰੂ ਦੀ ਕਿਰਪਾ ਸਦਕਾ ਜਿਸ ਮਨੁੱਖ ਨੇ ਪ੍ਰਭੂ ਨੂੰ ਆਪਣੇ ਹਿਰਦੇ ਅੰਦਰ ਲੱਭ ਲਿਆ ਓਹੋ ਅੰਦਰੋਂ ਬਾਹਰੋਂ ,ਭਾਵ ਮਨ ਅਤੇ ਸਰੀਰ ਦੋਨਾਂ ਤੋਂ ਸੁਖੀ ਹੋ ਗਿਆ॥੧॥

ਨਾਮ ਜਪਣ ਦਾ ਮਤਲਬ ਹੈ ਕਿ,ਇਹ ਅਮ੍ਰਿਤ ਦੀ ਧਾਰਾ ਵੱਗ ਰਹੀ ਅਤੇ ਇਹ ਇਸ ਅੰਮ੍ਰਿਤ ਨੂੰ ਹਿਰਦਾ ਪੀ ਕੇ ਪ੍ਰਸੰਨ ਹੁੰਦਾ ਹੈ, ਇਸ ਅੰਮ੍ਰਿਤਧਾਰਾ ਦੀ ਵਰਖਾ ਨਾਲ ਮਨ ਦਿਨ ਰਾਤ ਆਨੰਦ ਭੋਗਦਾ ਹੈ ਅਤੇ ਸਦਾ ਸ਼ਾਂਤੀ ਪਾਉਂਦਾ ਹੈ॥੨॥

ਗੁਰੂ ਦੀ ਕਿਰਪਾ ਨਾਲ ਮਨੁੱਖ ਦੇ ,ਵਾਹਿਗੁਰੂ ਪਰਮਾਤਮਾ ਤੋਂ ਜਨਮਾਂ ਜਨਮਾਂਤਰਾਂ ਤੋਂ ਵਿਛੜੇ ਹੋਣ ਤੋਂ ਬਾਅਦ ਪ੍ਰਾਪਤੀ ਹੋ ਜਾਂਦੀ ਹੈ। ਇਸ ਨਾਲ ਐਵੇਂ ਲੱਗਦਾ ਹੈ ਜਿਵੇਂ ਸੁੱਕਾ ਘਾਹ ਜਾਂ ਦਰਖਤ ਹਰੇ ਹੋ ਗਏ ਹੋਣ। ਨਾਮ ਬੰਦਗੀ ਨਾਲ ਸੁਮੱਤ ਮਿਲਦੀ ਹੈ ਤੇ ਗੁਰਮੁਖਾਂ ਦੇ ਦੇ ਮੇਲੇ ਹੋਣ ਨਾਲ ਹੀ ਇਹ ਸਥਿਤੀ ਮਨੁੱਖ ਨੂੰ ਮਿਲਦੀ ਹੈ॥੩॥

ਇਸ ਬੰਦਗੀ ਤੇ ਅਰਾਧਨਾ ਨਾਲ ਮਨੁੱਖ ਤੇ ਪ੍ਰਭੂ ਪਰਮੇਸ਼ਵਰ ਦਾ ਮਿਲਾਪ ਇਸ ਤਰਾਂ ਲੱਗਦਾ ਹੈ ਜਿਵੇਂ ਇੱਕ ਜਲ ਤਰੰਗ ਦੂਸਰੀ ਜਲ ਤਰੰਗ ਨਾਲ ਮਿਲ ਗਈ ਹੋਵੇ, ਜਾਂ ਫਿਰ ਜੋਤੀ ਨਾਲ ਜੋਤੀ ਸਮਾ ਗਈ ਹੋਵੇ। ਹੇ ਨਾਨਕ ਪ੍ਰਭੂ ਦੇ ਨਾਮ ਜਪਣ ਨਾਲ ਵੱਡੇ ਵੱਡੇ ਬੰਧਨ ਕੱਟੇ ਜਾਂਦੇ ਹਨ ਭਰਮ ਦੇ ਦੁਆਰ ਖੁੱਲ ਜਾਂਦੇ ਹਨ ਤੇ ਮੁੜ ਤੋਂ ਬੰਦ ਨਹੀਂ ਹੁੰਦੇ ਭਾਵ ਜਦੋਂ ਇੱਕ ਵਾਰੀ ਪ੍ਰਭੂ ਪਰਮਾਤਮਾ ਨਾਲ ਮਿਲਾਪ ਹੋ ਜਾਵੇ ਤਾਂ ਦੁਬਾਰਾ ਤੋਂ ਵਿਛੋੜਾ ਨਹੀਂ ਪੈਂਦਾ।

ਮਾਝ ਮਹਲਾ ੫ ॥

ਤਿਸੁ ਕੁਰਬਾਣੀ ਜਿਨਿ ਤੂੰ ਸੁਣਿਆ ॥ ਤਿਸੁ ਬਲਿਹਾਰੀ ਜਿਨਿ ਰਸਨਾ ਭਣਿਆ ॥ ਵਾਰਿ ਵਾਰਿ ਜਾਈ ਤਿਸੁ ਵਿਟਹੁ ਜੋ ਮਨਿ ਤਨਿ ਤੁਧੁ ਆਰਾਧੇ ਜੀਉ ॥੧॥ ਤਿਸੁ ਚਰਣ ਪਖਾਲੀ ਜੋ ਤੇਰੈ ਮਾਰਗਿ ਚਾਲੈ ॥ ਨੈਨ ਨਿਹਾਲੀ ਤਿਸੁ ਪੁਰਖ ਦਇਆਲੈ ॥ ਮਨੁ ਦੇਵਾ ਤਿਸੁ ਅਪੁਨੇ ਸਾਜਨ ਜਿਨਿ ਗੁਰ ਮਿਲਿ ਸੋ ਪ੍ਰਭੁ ਲਾਧੇ ਜੀਉ ॥੨॥ ਸੇ ਵਡਭਾਗੀ ਜਿਨਿ ਤੁਮ ਜਾਣੇ ॥ ਸਭ ਕੈ ਮਧੇ ਅਲਿਪਤ ਨਿਰਬਾਣੇ ॥ ਸਾਧ ਕੈ ਸੰਗਿ ਉਨਿ ਭਉਜਲੁ ਤਰਿਆ ਸਗਲ ਦੂਤ ਉਨਿ ਸਾਧੇ ਜੀਉ ॥੩॥ ਤਿਨ ਕੀ ਸਰਣਿ ਪਰਿਆ ਮਨੁ ਮੇਰਾ ॥ ਮਾਣੁ ਤਾਣੁ ਤਜਿ ਮੋਹੁ ਅੰਧੇਰਾ ॥ ਨਾਮੁ ਦਾਨੁ ਦੀਜੈ ਨਾਨਕ ਕਉ ਤਿਸੁ ਪ੍ਰਭ ਅਗਮ ਅਗਾਧੇ ਜੀਉ ॥੪॥੨੦॥੨੭॥ {ਪੰਨਾ 102}

ਭਾਵ ਅਰਥ:-

ਹੇ ਸਤਿਗੁਰੂ ਦਾਤਾ ਜੀਓ! ਮੈਂ ਤੇਰੇ ਉਸ ਸੇਵਕ ਤੋਂ ਵਾਰੀ ਜਾਂਦਾ ਹਾਂ ਜਿਸ ਨੇ ਕੰਨਾ ਰਾਹੀਂ ਤੇਰਾ ਨਾਮ ਸਰਵਣ ਕੀਤਾ ਤੇ ਰਸਨਾ ਨਾਲ ਤੇਰਾ ਨਾਮ ਉਚਾਰਿਆ। ਮੈਂ ਅਜੇਹੇ ਪੁਰਸ਼ ਤੋਂ ਵਾਰੀ ਵਾਰੀ ਯਾਨੀ ਕਈ ਵਾਰ ਸਦਕੇ ਜਾਂਦਾ ਹਾਂ ਜਿਹੜੇ ਤੇਰਾ ਨਾਮ ਦਿਲ ਤੋਂ ਅਰਾਧਦੇ ਹਨ, ਤੇਰੀ ਬੰਦਗੀ ਕਰਦੇ ਹਨ॥੧॥

ਮੈਂ ਉਹਨਾਂ ਦੇ ਚਰਨ ਧੋਂਦਾ ਹਾਂ ,ਜਿਹੜੇ ਤੇਰੇ ਨਾਮ ਦੇ ਮਾਰਗ ਤੇ ਚਲਦੇ ਹਨ ਤੇ ਉਹਨਾਂ ਨੂੰ ਦੇਖ ਦੇਖ ਪ੍ਰਸੰਨ ਹੁੰਦਾ ਹਾਂ ਜਿਹੜੇ ਪੁਰਸ਼ ਤੇਰੀ ਬੰਦਗੀ ਕਰਦੇ ਹਨ। ਮੈਂ ਆਪਣੇ ਇਨਾਂ ਮਿੱਤਰਾਂ ਤੋਂ ਸਦਕੇ ਜਾਂਦਾ ਜਿਨਾਂ ਨੇ ਗੁਰੂ ਨੂੰ ਮਿਲਾਇਆ ਤੇ ਗੁਰੂ ਨੇ ਮੁੜ ਸੱਚੇ ਪਾਤਸ਼ਾਹ ,ਆਪ ਜੀ ਦੇ ਚਰਨ ਕਮਲਾਂ ਨਾਲ ਜੋੜਿਆ॥੨॥

ਉਹ ਮਨੁੱਖ ਕਿਸਮਤ ਵਾਲੇ ਹਨ ਜਿਨਾਂ ਨੇ ਤੈਨੂੰ ਪਛਾਣ ਲਿਆ ਉਹ ਤੇਰੇ ਨਾਲ ਜੁੜੇ ਹੋਏ ਹਨ ਪਰ ਨਿਸ਼ਕਾਮ ਭਾਵਨਾ ਨਾਲ। ਅਜੇਹੇ ਮਨੁੱਖ ਸਾਧੂ ਸੰਗਤ ਕਰਕੇ ਭਾਵ ਗੁਰੂ ਦਾ ਸਾਥ ਕਰਕੇ ਇਸ ਬਿਖੜੇ ਸੰਸਾਰ ਸਾਗਰ ਸਮੁੰਦਰ ਤੋਂ ਤਰ ਜਾਂਦੇ ਹਨ ਅਤੇ ਉਹ ਹਰ ਤਰਾਂ ਦੇ ਵਿਕਾਰਾਂ ਦੇ ਉੱਤੇ ਕਾਬੂ ਪਾ ਜਾਂਦੇ ਹਨ॥੩॥

ਮੈਂ ਨਾਨਕ ਦਾਸ ਉਹਨਾਂ ਦੇ ਚਰਨੀ ਪੈਂਦਾ ਹਾਂ ਜਿਨਾਂ ਨੇ ਮਨੁੱਖੀ ਮਾਣ ਤੇ ਸਹਾਰੇ ਨੂੰ ਇੱਕ ਹਨੇਰਾ ਸਮਝ ਕੇ ਛੱਡ ਦਿੱਤਾ ਹੈ ਭਾਵ ਤਿਆਗ ਦਿੱਤਾ ਹੈ। ਹੇ! ਨਿਰੰਕਾਰ ਜੀਓ ਮੈਨੂੰ ਦਾਸ ਨਾਨਕ ਨੂੰ ਆਪਣਾ ਨਾਮ ਦਿਓ ਉਸ ਪ੍ਰਭੂ ਦਾ ਨਾਮ ਜਿਹੜਾ ਸਾਡੀਆਂ ਗਿਆਨ ਇੰਦਰੀਆਂ ਤੋਂ ਪਰੇ ਤੱਕ ਫੈਲਿਆ ਹੋਇਆ ਹੈ॥੪॥

ਮਾਝ ਮਹਲਾ ੫ ॥

ਤੂੰ ਪੇਡੁ ਸਾਖ ਤੇਰੀ ਫੂਲੀ ॥ ਤੂੰ ਸੂਖਮੁ ਹੋਆ ਅਸਥੂਲੀ ॥ ਤੂੰ ਜਲਨਿਧਿ ਤੂੰ ਫੇਨੁ ਬੁਦਬੁਦਾ ਤੁਧੁ ਬਿਨੁ ਅਵਰੁ ਨ ਭਾਲੀਐ ਜੀਉ ॥੧॥ ਤੂੰ ਸੂਤੁ ਮਣੀਏ ਭੀ ਤੂੰਹੈ ॥ ਤੂੰ ਗੰਠੀ ਮੇਰੁ ਸਿਰਿ ਤੂੰਹੈ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਅਵਰੁ ਨ ਕੋਇ ਦਿਖਾਲੀਐ ਜੀਉ ॥੨॥ ਤੂੰ ਨਿਰਗੁਣੁ ਸਰਗੁਣੁ ਸੁਖਦਾਤਾ ॥ ਤੂੰ ਨਿਰਬਾਣੁ ਰਸੀਆ ਰੰਗਿ ਰਾਤਾ ॥ ਅਪਣੇ ਕਰਤਬ ਆਪੇ ਜਾਣਹਿ ਆਪੇ ਤੁਧੁ ਸਮਾਲੀਐ ਜੀਉ ॥੩॥ ਤੂੰ ਠਾਕੁਰੁ ਸੇਵਕੁ ਫੁਨਿ ਆਪੇ ॥ ਤੂੰ ਗੁਪਤੁ ਪਰਗਟੁ ਪ੍ਰਭ ਆਪੇ ॥ ਨਾਨਕ ਦਾਸੁ ਸਦਾ ਗੁਣ ਗਾਵੈ ਇਕ ਭੋਰੀ ਨਦਰਿ ਨਿਹਾਲੀਐ ਜੀਉ ॥੪॥੨੧॥੨੮॥ {ਪੰਨਾ 102}

ਭਾਵ ਅਰਥ:-

ਹੇ ਕਰਤਾਰ ! ਤੂੰ ਇਕ ਰੁੱਖ ਦੇ ਰੂਪ ਵਿੱਚ ਹੈਂ ਤੇ ਸੰਸਾਰ ਤੇਰੀਆਂ ਟਾਹਣੀਆਂ ਹਨ ਤੂੰ ਸੂਖਮ ਭੀ ਹੈ ਤੇ ਵਿਆਪਤ ਵੀ ਹੈ ਭਾਵ ਤੂੰ ਅਦਿੱਖ ਵੀ ਹੈਂ ਤੇ ਕੁਦਰਤ ਦੇ ਰੂਪ ਵਿੱਚ ਵੀ ਵੱਸ ਰਿਹਾ ਦਿਖਦਾ ਸੰਸਾਰ ਵੀ ਹੈਂ। ਹੇ ਦਾਤਾ ਤੂੰ ਹੀ ਨਜ਼ਰ ਆਉਂਦਾ ਸਮੁੰਦਰ ਦਾ ਪਾਣੀ ਹੈਂ ਤੇ ਤੂੰ ਹੀ ਉਹ ਬੁਲਬੁਲਾ ਹੈ ਜਿਹੜਾ ਨਾਸ਼ਵਾਨ ਹੈ ਇਸ ਲਈ ਆਪ ਜਿਹਾ ਕੋਈ ਹੋਰ ਨਹੀਂ ਹੋ ਸਕਦਾ॥੧॥

ਹੇ ਅਕਾਲ ਪੁਰਖ ਤੂੰ ਹੀ ਸੂਤ ਤੂੰ ਹੀ ਉਸ ਵਿੱਚ ਪਰੋਏ ਹੋਏ ਮਣਕੇ ਤੂੰ ਹੀ ਗੰਢ ਹੈ ਤੇ ਗੰਢ ਤੋਂ ਪਹਿਲਾਂ ਵਾਲਾ ਮਣਕਾ ਵੀ ਤੂੰ ਹੈਂ। ਸਿਰਾ ਵੀ ਤੂੰ ਹੀ ਹੈ ਭਾਵ ਸ਼ੁਰੂਆਤ ਮਧ ਤੇ ਅੰਤ ਭਾਵ ਸੰਸਾਰ ਸਿਰਜਣਹਾਰ ਦਾਤਾ ਤੂੰ ਹੀ ਹੈ ਹੋਰ ਕੋਈ ਨਹੀਂ ਹੈ॥੨॥

ਹੇ ਪ੍ਰਭੂ ਤੂੰ ਹੀ ਨਿਰਗੁਣ ਸਰੂਪ ਤੇ ਸਰਗੁਣ ਸਰੂਪ ਵੀ ਤੂੰ ਹੀ ਹੈਂ ਤੇ ਸਾਰੇ ਸੁੱਖਾਂ ਦਾ ਗਾਮੀ ਵੀ ਤੂੰ ਹੀ ਹੈਂ। ਤੂੰ ਹੀ ਨਿਸ਼ਕਾਮ ਹੈਂ ਤੇ ਤੂੰ ਆਪ ਹੀ ਜੀਵਾਂ ਦੇ ਰੂਪ ਵਿੱਚ ਰੰਗ ਵੀ ਮਾਣਦਾ ਹੈਂ। ਹੇ ਪ੍ਰਭੂ !ਤੇਰੇ ਕਾਰਜ ਤੂੰ ਹੀ ਜਾਣੇ ਤੂੰ ਆਪੇ ਹੀ ਜੀਵਾਂ ਦੀ ਰੱਖਿਆ ਤੇ ਪਾਲਣਾ ਵੀ ਕਰਦਾ ਹੈਂ॥੩॥

ਤੂੰ ਹੀ ਮਾਲਕ ਹੈ, ਸਿਕਦਾਰ ਹੈਂ ਤੇ ਸੇਵਕ ਵੀ ਤੂੰ ਆਪ ਹੈਂ ਤੂੰ ਹੀ ਪ੍ਰਗਟ ਹੈਂ ਤੂੰ ਆਪੇ ਹੀ ਗੁਪਤ ਹੈਂ ਹੇ ਨਾਨਕ ਮੈਂ ਤੇਰੇ ਸਦਾ ਸਦਾ ਗੁਣ ਗਾਉਂਦਾ ਹਾਂ ਤੂੰ ਕਿਰਪਾ ਕਰ ਤੇ ਮੈਨੂੰ ਭੋਰਾ ਜਿਹਾ ਥੋੜਾ ਜਿਹਾ ਨਿਹਾਲ ਕਰਦੇ ਮੈਨੂੰ ਆਪਣੇ ਚਰਨ ਕਮਲਾਂ ਚ ਵਾਸਾ ਦੇ ਕੇ॥੪॥



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894